ਰਾਗੁ ਸਾਰਗ ਚਉਪਦੇ ਮਹਲਾ ੧ ਘਰੁ ੧

# ੴ ਸਤਿ ਨਾਮੁ ਕਰਤਾ ਪੁਰਖੁ ਨਿਰਭਉ ਨਿਰਵੈਰੁ ਅਕਾਲ ਮੂਰਤਿ ਅਜੂਨੀ ਸੈਭੰ ਗੁਰ ਪ੍ਰਸਾਦਿ ॥

ਅਪੁਨੇ ਠਾਕੁਰ ਕੀ ਹਉ ਚੇਰੀ ॥ ਚਰਨ ਗਹੇ ਜਗਜੀਵਨ ਪ੍ਰਭ ਕੇ ਹਉਮੈ ਮਾਰਿ ਨਿਬੇਰੀ ॥੧॥ ਰਹਾਉ ॥ ਪੂਰਨ ਪਰਮ ਜੋਤਿ ਪਰਮੇਸਰ ਪ੍ਰੀਤਮ ਪ੍ਰਾਨ ਹਮਾਰੇ ॥ ਮੋਹਨ ਮੋਹਿ ਲੀਆ ਮਨੁ ਮੇਰਾ ਸਮਝਸਿ ਸਬਦੁ ਬੀਚਾਰੇ ॥੧॥ ਮਨਮੁਖ ਹੀਨ ਹੋਛੀ ਮਤਿ ਝੂਠੀ ਮਨਿ ਤਨਿ ਪੀਰ ਸਰੀਰੇ ॥ ਜਬ ਕੀ ਰਾਮ ਰੰਗੀਲੈ ਰਾਤੀ ਰਾਮ ਜਪਤ ਮਨ ਧੀਰੇ ॥੨॥ ਹਉਮੈ ਛੋਡਿ ਭਈ ਬੈਰਾਗਨਿ ਤਬ ਸਾਚੀ ਸੁਰਤਿ ਸਮਾਨੀ ॥ ਅਕੁਲ ਨਿਰੰਜਨ ਸਿਉ ਮਨੁ ਮਾਨਿਆ ਬਿਸਰੀ ਲਾਜ ਲੋਕਾਨੀ ॥੩॥ ਭੂਰ ਭਵਿਖ ਨਾਹੀ ਤੁਮ ਜੈਸੇ ਮੇਰੇ ਪ੍ਰੀਤਮ ਪ੍ਰਾਨ ਅਧਾਰਾ ॥ ਹਰਿ ਕੈ ਨਾਮਿ ਰਤੀ ਸੋਹਾਗਨਿ ਨਾਨਕ ਰਾਮ ਭਤਾਰਾ ॥੪॥੧॥ ਸਾਰਗ ਮਹਲਾ ੧ ॥ ਹਰਿ ਬਿਨੁ ਕਿਉ ਰਹੀਐ ਦੁਖੁ ਬਿਆਪੈ ॥ ਜਿਹਵਾ ਸਾਦੁ ਨ ਫੀਕੀ ਰਸ ਬਿਨੁ ਬਿਨੁ ਪ੍ਰਭ ਕਾਲੁ ਸੰਤਾਪੈ ॥੧॥ ਰਹਾਉ ॥ ਜਬ ਲਗੁ ਦਰਸੁ ਨ ਪਰਸੈ ਪ੍ਰੀਤਮ ਤਬ ਲਗੁ ਭੂਖ ਪਿਆਸੀ ॥ ਦਰਸਨੁ ਦੇਖਤ ਹੀ ਮਨੁ ਮਾਨਿਆ ਜਲ ਰਸਿ ਕਮਲ ਬਿਗਾਸੀ ॥੧॥ ਊਨਵਿ ਘਨਹਰੁ ਗਰਜੈ ਬਰਸੈ ਕੋਕਿਲ ਮੋਰ ਬੈਰਾਗੈ ॥ ਤਰਵਰ ਬਿਰਖ ਬਿਹੰਗ ਭੁਇਅੰਗਮ ਘਰਿ ਪਿਰੁ ਧਨ ਸੋਹਾਗੈ ॥੨॥ ਕੁਚਿਲ ਕੁਰੂਪਿ ਕੁਨਾਰਿ ਕੁਲਖਨੀ ਪਿਰ ਕਾ ਸਹਜੁ ਨ ਜਾਨਿਆ ॥ ਹਰਿ ਰਸ ਰੰਗਿ ਰਸਨ ਨਹੀ ਤ੍ਰਿਪਤੀ ਦੁਰਮਤਿ ਦੂਖ ਸਮਾਨਿਆ ॥੩॥ ਆਇ ਨ ਜਾਵੈ ਨਾ ਦੁਖੁ ਪਾਵੈ ਨਾ ਦੁਖ ਦਰਦੁ ਸਰੀਰੇ ॥ ਨਾਨਕ ਪ੍ਰਭ ਤੇ ਸਹਜ ਸੁਹੇਲੀ ਪ੍ਰਭ ਦੇਖਤ ਹੀ ਮਨੁ ਧੀਰੇ ॥੪॥੨॥ ਸਾਰਗ ਮਹਲਾ ੧ ॥ ਦੂਰਿ ਨਾਹੀ ਮੇਰੋ ਪ੍ਰਭੁ ਪਿਆਰਾ ॥ ਸਤਿਗੁਰ ਬਚਨਿ

ਮੇਰੋ ਮਨੁ ਮਾਨਿਆ ਹਰਿ ਪਾਏ ਪ੍ਰਾਨ ਅਧਾਰਾ ॥੧॥ ਰਹਾਉ ॥ ਇਨ ਬਿਧਿ ਹਰਿ ਮਿਲੀਐ ਵਰ ਕਾਮਨਿ ਧਨ ਸੋਹਾਗੁ ਪਿਆਰੀ ॥ ਜਾਤਿ ਬਰਨ ਕੁਲ ਸਹਸਾ ਚੂਕਾ ਗੁਰਮਤਿ ਸਬਦਿ ਬੀਚਾਰੀ ॥੧॥ ਜਿਸੁ ਮਨੁ ਮਾਨੈ ਅਭਿਮਾਨੁ ਨ ਤਾ ਕਉ ਹਿੰਸਾ ਲੋਭੁ ਵਿਸਾਰੇ ॥ ਸਹਜਿ ਰਵੈ ਵਰੁ ਕਾਮਣਿ ਪਿਰ ਕੀ ਗੁਰਮੁਖਿ ਰੰਗਿ ਸਵਾਰੇ ॥੨॥ ਜਾਰਉ ਐਸੀ ਪ੍ਰੀਤਿ ਕੁਟੰਬ ਸਨਬੰਧੀ ਮਾਇਆ ਮੋਹ ਪਸਾਰੀ ॥ ਜਿਸੁ ਅੰਤਰਿ ਪ੍ਰੀਤਿ ਰਾਮ ਰਸੁ ਨਾਹੀ ਦੁਬਿਧਾ ਕਰਮ ਬਿਕਾਰੀ ॥੩॥ ਅੰਤਰਿ ਰਤਨ ਪਦਾਰਥ ਹਿਤ ਕੌ ਦੁਰੈ ਨ ਲਾਲ ਪਿਆਰੀ ॥ ਨਾਨਕ ਗੁਰਮੁਖਿ ਨਾਮੁ ਅਮੋਲਕੁ ਜੁਗਿ ਜੁਗਿ ਅੰਤਰਿ ਧਾਰੀ ॥੪॥੩॥

## ਸਾਰੰਗ ਮਹਲਾ ੪ ਘਰੁ ੧ ੴ ਸਤਿਗੁਰ ਪ੍ਰਸਾਦਿ ॥

ਹਰਿ ਕੇ ਸੰਤ ਜਨਾ ਕੀ ਹਮ ਧੂਰਿ ॥ ਮਿਲਿ ਸਤਸੰਗਤਿ ਪਰਮ ਪਦੁ ਪਾਇਆ ਆਤਮ ਰਾਮੁ ਰਹਿਆ ਭਰਪੂਰਿ ॥੧॥ ਰਹਾਉ ॥ ਸਤਿਗੁਰੁ ਸੰਤੁ ਮਿਲੈ ਸਾਂਤਿ ਪਾਈਐ ਕਿਲਵਿਖ ਦੁਖ ਕਾਟੇ ਸਭਿ ਦੂਰਿ ॥ ਆਤਮ ਜੋਤਿ ਭਈ ਪਰਫੂਲਿਤ ਪੁਰਖੁ ਨਿਰੰਜਨੁ ਦੇਖਿਆ ਹਜੂਰਿ ॥੧॥ ਵਡੈ ਭਾਗਿ ਸਤਸੰਗਤਿ ਪਾਈ ਹਰਿ ਹਰਿ ਨਾਮੁ ਰਹਿਆ ਭਰਪੂਰਿ ॥ ਅਠਸਠਿ ਤੀਰਥ ਮਜਨੁ ਕੀਆ ਸਤਸੰਗਤਿ ਪਗ ਨਾਏ ਧੂਰਿ ॥੨॥ ਦੁਰਮਤਿ ਬਿਕਾਰ ਮਲੀਨ ਮਤਿ ਹੋਛੀ ਹਿਰਦਾ ਕੁਸੁਧੁ ਲਾਗਾ ਮੋਹ ਕੂਰੁ ॥ ਬਿਨੁ ਕਰਮਾ ਕਿਉ ਸੰਗਤਿ ਪਾਈਐ ਹਉਮੈ ਬਿਆਪਿ ਰਹਿਆ ਮਨੁ ਝੂਰਿ ॥੩॥ ਹੋਹੁ ਦਇਆਲ ਕ੍ਰਿਪਾ ਕਰਿ ਹਰਿ ਜੀ ਮਾਗਉ ਸਤਸੰਗਤਿ ਪਗ ਧੂਰਿ ॥ ਨਾਨਕ ਸੰਤੁ ਮਿਲੈ ਹਰਿ ਪਾਈਐ ਜਨੁ ਹਰਿ ਭੇਟਿਆ ਰਾਮੁ ਹਜੂਰਿ ॥੪॥੧॥ ਸਾਰੰਗ ਮਹਲਾ ੪ ॥ ਗੋਬਿੰਦ ਚਰਨਨ ਕਉ ਬਲਿਹਾਰੀ ॥ ਭਵਜਲੁ ਜਗਤੁ ਨ ਜਾਈ ਤਰਣਾ ਜਪਿ ਹਰਿ ਹਰਿ ਪਾਰਿ ਉਤਾਰੀ ॥੧॥ ਰਹਾਉ ॥ ਹਿਰਦੈ ਪ੍ਰਤੀਤਿ ਬਨੀ ਪ੍ਰਭ ਕੇਰੀ ਸੇਵਾ ਸੁਰਤਿ ਬੀਚਾਰੀ ॥ ਅਨਦਿਨੁ ਰਾਮ ਨਾਮੁ ਜਪਿ ਹਿਰਦੈ ਸਰਬ ਕਲਾ ਗੁਣਕਾਰੀ ॥੧॥ ਪ੍ਰਭੁ ਅਗਮ ਅਗੋਚਰੁ ਰਵਿਆ ਸ੍ਰਬ ਠਾਈ ਮਨਿ ਤਨਿ ਅਲਖ ਅਪਾਰੀ ॥ ਗੁਰ ਕਿਰਪਾਲ ਭਏ ਤਬ ਪਾਇਆ ਹਿਰਦੈ ਅਲਖੁ ਲਖਾਰੀ ॥੨॥ ਅੰਤਰਿ ਹਰਿ ਨਾਮੁ ਸਰਬ ਧਰਣੀਧਰ ਸਾਕਤ ਕਉ ਦੂਰਿ ਭਇਆ ਅਹੰਕਾਰੀ ॥ ਤ੍ਰਿਸਨਾ ਜਲਤ ਨ ਕਬਹੂ ਬੂਝਹਿ ਜੂਐ ਬਾਜੀ ਹਾਰੀ ॥੩॥ ਊਠਤ ਬੈਠਤ ਹਰਿ ਗੁਨ ਗਾਵਹਿ ਗੁਰਿ ਕਿੰਚਤ ਕਿਰਪਾ ਧਾਰੀ ॥ ਨਾਨਕ ਜਿਨ

ਕਉ ਨਦਰਿ ਭਈ ਹੈ ਤਿਨ ਕੀ ਪੈਜ ਸਵਾਰੀ ॥੪॥੨॥ ਸਾਰਗ ਮਹਲਾ ੪ ॥ ਹਰਿ ਹਰਿ ਅੰਮ੍ਰਿਤ ਨਾਮੁ ਦੇਹੁ ਪਿਆਰੇ ॥ ਜਿਨ ਊਪਰਿ ਗੁਰਮੁਖਿ ਮਨੁ ਮਾਨਿਆ ਤਿਨ ਕੇ ਕਾਜ ਸਵਾਰੇ ॥੧॥ ਰਹਾਉ ॥ ਜੋ ਜਨ ਦੀਨ ਭਏ ਗੁਰ ਆਗੈ ਤਿਨ ਕੇ ਦੂਖ ਨਿਵਾਰੇ ॥ ਅਨਦਿਨੁ ਭਗਤਿ ਕਰਹਿ ਗੁਰ ਆਗੈ ਗੁਰ ਕੈ ਸਬਦਿ ਸਵਾਰੇ ॥੧॥ ਹਿਰਦੈ ਨਾਮੁ ਅੰਮ੍ਰਿਤ ਰਸੁ ਰਸਨਾ ਰਸੁ ਗਾਵਹਿ ਰਸੁ ਬੀਚਾਰੇ ॥ ਗੁਰ ਪਰਸਾਦਿ ਅੰਮ੍ਰਿਤ ਰਸੁ ਚੀਨ੍ਹ੍ਹਿਆ ਓਇ ਪਾਵਹਿ ਮੋਖ ਦੁਆਰੇ ॥੨॥ ਸਤਿਗੁਰੁ ਪੁਰਖੁ ਅਚਲੁ ਅਚਲਾ ਮਤਿ ਜਿਸੁ ਦ੍ਰਿੜਤਾ ਨਾਮੁ ਅਧਾਰੇ ॥ ਤਿਸੁ ਆਗੈ ਜੀਉ ਦੇਵਉ ਅਪੁਨਾ ਹਉ ਸਤਿਗੁਰ ਕੈ ਬਲਿਹਾਰੇ ॥੩॥ ਮਨਮੁਖ ਭ੍ਰਮਿ ਦੂਜੈ ਭਾਇ ਲਾਗੇ ਅੰਤਰਿ ਅਗਿਆਨ ਗੁਬਾਰੇ ॥ ਸਤਿਗੁਰੁ ਦਾਤਾ ਨਦਰਿ ਨ ਆਵੈ ਨਾ ਉਰਵਾਰਿ ਨ ਪਾਰੇ ॥੪॥ ਸਰਬੇ ਘਟਿ ਘਟਿ ਰਵਿਆ ਸੁਆਮੀ ਸਰਬ ਕਲਾ ਕਲ ਧਾਰੇ ॥ ਨਾਨਕੁ ਦਾਸਨਿ ਦਾਸੁ ਕਹਤ ਹੈ ਕਰਿ ਕਿਰਪਾ ਲੇਹੁ ਉਬਾਰੇ ॥੫॥੩॥ ਸਾਰਗ ਮਹਲਾ ੪ ॥ ਗੋਬਿਦ ਕੀ ਐਸੀ ਕਾਰ ਕਮਾਇ ॥ ਜੋ ਕਿਛੁ ਕਰੇ ਸੁ ਸਤਿ ਕਰਿ ਮਾਨਹੁ ਗੁਰਮੁਖਿ ਨਾਮਿ ਰਹਹੁ ਲਿਵ ਲਾਇ ॥੧॥ ਰਹਾਉ ॥ ਗੋਬਿਦ ਪ੍ਰੀਤਿ ਲਗੀ ਅਤਿ ਮੀਠੀ ਅਵਰ ਵਿਸਰਿ ਸਭ ਜਾਇ ॥ ਅਨਦਿਨੁ ਰਹਸੁ ਭਇਆ ਮਨੁ ਮਾਨਿਆ ਜੋਤੀ ਜੋਤਿ ਮਿਲਾਇ ॥੧॥ ਜਬ ਗੁਣ ਗਾਇ ਤਬ ਹੀ ਮਨੁ ਤ੍ਰਿਪਤੈ ਸਾਂਤਿ ਵਸੈ ਮਨਿ ਆਇ ॥ ਗੁਰ ਕਿਰਪਾਲ ਭਏ ਤਬ ਪਾਇਆ ਹਰਿ ਚਰਣੀ ਚਿਤੁ ਲਾਇ ॥੨॥ ਮਤਿ ਪ੍ਰਗਾਸ ਭਈ ਹਰਿ ਧਿਆਇਆ ਗਿਆਨਿ ਤਤਿ ਲਿਵ ਲਾਇ ॥ ਅੰਤਰਿ ਜੋਤਿ ਪ੍ਰਗਟੀ ਮਨੁ ਮਾਨਿਆ ਹਰਿ ਸਹਜਿ ਸਮਾਧਿ ਲਗਾਇ ॥੩॥ ਹਿਰਦੈ ਕਪਟੁ ਨਿਤ ਕਪਟੁ ਕਮਾਵਹਿ ਮੁਖਹੁ ਹਰਿ ਹਰਿ ਸੁਣਾਇ ॥ ਅੰਤਰਿ ਲੋਭੁ ਮਹਾ ਗੁਬਾਰਾ ਤੁਹ ਕੂਟੈ ਦੁਖ ਖਾਇ ॥੪॥ ਜਬ ਸੁਪ੍ਰਸੰਨ ਭਏ ਪ੍ਰਭ ਮੇਰੇ ਗੁਰਮੁਖਿ ਪਰਚਾ ਲਾਇ ॥ ਨਾਨਕ ਨਾਮ ਨਿਰੰਜਨੁ ਪਾਇਆ ਨਾਮੁ ਜਪਤ ਸੁਖੁ ਪਾਇ ॥੫॥੪॥ ਸਾਰਗ ਮਹਲਾ ੪ ॥ ਮੇਰਾ ਮਨੁ ਰਾਮ ਨਾਮਿ ਮਨੁ ਮਾਨੀ ॥ ਮੇਰੈ ਹੀਅਰੈ ਸਤਿਗੁਰਿ ਪ੍ਰੀਤਿ ਲਗਾਈ ਮਨਿ ਹਰਿ ਹਰਿ ਕਥਾ ਸੁਖਾਨੀ ॥੧॥ ਰਹਾਉ ॥ ਦੀਨ ਦਇਆਲ ਹੋਵਹੁ ਜਨ ਊਪਰਿ ਜਨ ਦੇਵਹੁ ਅਕਥ ਕਹਾਨੀ ॥ ਸੰਤ ਜਨਾ ਮਿਲਿ ਹਰਿ ਰਸੁ ਪਾਇਆ ਹਰਿ ਮਨਿ ਤਨਿ ਮੀਠ ਲਗਾਨੀ ॥੧॥ ਹਰਿ ਕੈ ਰੰਗਿ ਰਤੇ ਬੈਰਾਗੀ ਜਿਨ੍ਹ੍ਹ ਗੁਰਮਤਿ ਨਾਮੁ ਪਛਾਨੀ ॥ ਪੁਰਖੈ ਪੁਰਖੁ ਮਿਲਿਆ ਸੁਖੁ ਪਾਇਆ ਸਭ ਚੂਕੀ ਆਵਣ ਜਾਨੀ ॥੨॥ ਨੈਣੀ ਬਿਰਹੁ ਦੇਖਾ ਪ੍ਰਭ

ਸੁਆਮੀ ਰਸਨਾ ਨਾਮੁ ਵਖਾਨੀ ॥ ਸ੍ਰਵਣੀ ਕੀਰਤਨੁ ਸੁਨਉ ਦਿਨੁ ਰਾਤੀ ਹਿਰਦੈ ਹਰਿ ਹਰਿ ਭਾਨੀ ॥੩॥ ਪੰਚ ਜਨਾ ਗੁਰਿ ਵਸਗਤਿ ਆਣੇ ਤਉ ਉਨਮਨਿ ਨਾਮਿ ਲਗਾਨੀ ॥ ਜਨ ਨਾਨਕ ਹਰਿ ਕਿਰਪਾ ਧਾਰੀ ਹਰਿ ਰਾਮੈ ਨਾਮਿ ਸਮਾਨੀ ॥੪॥੫॥ ਸਾਰਗ ਮਹਲਾ ੪ ॥ ਜਪਿ ਮਨ ਰਾਮ ਨਾਮੁ ਪੜ੍ਹੁ ਸਾਰੁ ॥ ਰਾਮ ਨਾਮ ਬਿਨੁ ਥਿਰੁ ਨਹੀ ਕੋਈ ਹੋਰੁ ਨਿਹਫਲ ਸਭੁ ਬਿਸਥਾਰੁ ॥੧॥ ਰਹਾਉ ॥ ਕਿਆ ਲੀਜੈ ਕਿਆ ਤਜੀਐ ਬਉਰੇ ਜੋ ਦੀਸੈ ਸੋ ਛਾਰੁ ॥ ਜਿਸੁ ਬਿਖਿਆ ਕਉ ਤੁਮ੍ ਅਪੁਨੀ ਕਰਿ ਜਾਨਹੁ ਸਾ ਛਾਡਿ ਜਾਹੁ ਸਿਰਿ ਭਾਰੁ ॥੧॥ ਤਿਲੁ ਤਿਲੁ ਪਲੁ ਪਲੁ ਅਉਧ ਫੁਨਿ ਘਾਟੈ ਬੂਝਿ ਨ ਸਕੈ ਗਵਾਰੁ ॥ ਸੋ ਕਿਛੁ ਕਰੈ ਜਿ ਸਾਥਿ ਨ ਚਾਲੈ ਇਹੁ ਸਾਕਤ ਕਾ ਆਚਾਰੁ ॥੨॥ ਸੰਤ ਜਨਾ ਕੈ ਸੰਗਿ ਮਿਲੁ ਬਉਰੇ ਤਉ ਪਾਵਹਿ ਮੋਖ ਦੁਆਰੁ ॥ ਬਿਨੁ ਸਤਸੰਗ ਸੁਖੁ ਕਿਨੈ ਨ ਪਾਇਆ ਜਾਇ ਪੂਛਹੁ ਬੇਦ ਬੀਚਾਰੁ ॥੩॥ ਰਾਣਾ ਰਾਉ ਸਭੈ ਕੋਊ ਚਾਲੈ ਝੂਠੁ ਛੋਡਿ ਜਾਇ ਪਾਸਾਰੁ ॥ ਨਾਨਕ ਸੰਤ ਸਦਾ ਥਿਰੁ ਨਿਹਚਲੁ ਜਿਨ ਰਾਮ ਨਾਮੁ ਆਧਾਰੁ ॥੪॥੬॥

ਸਾਰਗ ਮਹਲਾ ੪ ਘਰੁ ੩ ਦੁਪਦਾ ੴ ਸਤਿਗੁਰ ਪ੍ਰਸਾਦਿ ॥

ਕਾਹੇ ਪੂਤ ਝਗਰਤ ਹਉ ਸੰਗਿ ਬਾਪ ॥ ਜਿਨ ਕੇ ਜਣੇ ਬਡੀਰੇ ਤੁਮ ਹਉ ਤਿਨ ਸਿਉ ਝਗਰਤ ਪਾਪ ॥੧॥ ਰਹਾਉ ॥ ਜਿਸੁ ਧਨ ਕਾ ਤੁਮ ਗਰਬੁ ਕਰਤ ਹਉ ਸੋ ਧਨੁ ਕਿਸਹਿ ਨ ਆਪ ॥ ਖਿਨ ਮਹਿ ਛੋਡਿ ਜਾਇ ਬਿਖਿਆ ਰਸੁ ਤਉ ਲਾਗੈ ਪਛੁਤਾਪ ॥੧॥ ਜੋ ਤੁਮਰੇ ਪ੍ਰਭ ਹੋਤੇ ਸੁਆਮੀ ਹਰਿ ਤਿਨ ਕੇ ਜਾਪਹੁ ਜਾਪ ॥ ਉਪਦੇਸੁ ਕਰਤ ਨਾਨਕ ਜਨ ਤੁਮ ਕਉ ਜਉ ਸੁਨਹੁ ਤਉ ਜਾਇ ਸੰਤਾਪ ॥੨॥੧॥੭॥

ਸਾਰਗ ਮਹਲਾ ੪ ਘਰੁ ੫ ਦੁਪਦੇ ਪੜਤਾਲ ੴ ਸਤਿਗੁਰ ਪ੍ਰਸਾਦਿ ॥

ਜਪਿ ਮਨ ਜਗੰਨਾਥ ਜਗਦੀਸਰੋ ਜਗਜੀਵਨੋ ਮਨਮੋਹਨ ਸਿਉ ਪ੍ਰੀਤਿ ਲਾਗੀ ਮੈ ਹਰਿ ਹਰਿ ਹਰਿ ਟੇਕ ਸਭ ਦਿਨਸੁ ਸਭ ਰਾਤਿ ॥੧॥ ਰਹਾਉ ॥ ਹਰਿ ਕੀ ਉਪਮਾ ਅਨਿਕ ਅਨਿਕ ਅਨਿਕ ਗੁਨ ਗਾਵਤ ਸੁਕ ਨਾਰਦ ਬ੍ਰਹਮਾਦਿਕ ਤਵ ਗੁਨ ਸੁਆਮੀ ਗਨਿਨ ਨ ਜਾਤਿ ॥ ਤੂ ਹਰਿ ਬੇਅੰਤੁ ਤੂ ਹਰਿ ਬੇਅੰਤੁ ਤੂ ਹਰਿ ਸੁਆਮੀ ਤੂ ਆਪੇ ਹੀ ਜਾਨਹਿ ਆਪਨੀ ਭਾਂਤਿ ॥੧॥ ਹਰਿ ਕੈ ਨਿਕਟਿ ਨਿਕਟਿ ਹਰਿ ਨਿਕਟ ਹੀ ਬਸਤੇ ਤੇ ਹਰਿ ਕੇ ਜਨ ਸਾਧੂ ਹਰਿ ਭਗਾਤ ॥ ਤੇ ਹਰਿ ਕੇ

ਜਨ ਹਰਿ ਸਿਉ ਰਲਿ ਮਿਲੇ ਜੈਸੇ ਜਨ ਨਾਨਕ ਸਲਲੈ ਸਲਲ ਮਿਲਾਤਿ ॥੨॥੧॥੮॥ ਸਾਰੰਗ ਮਹਲਾ ੪ ॥ ਜਪਿ ਮਨ ਨਰਹਰੇ ਨਰਹਰ ਸੁਆਮੀ ਹਰਿ ਸਗਲ ਦੇਵ ਦੇਵਾ ਸ੍ਰੀ ਰਾਮ ਰਾਮ ਨਾਮਾ ਹਰਿ ਪ੍ਰੀਤਮੁ ਮੋਰਾ ॥੧॥ ਰਹਾਉ ॥ ਜਿਤੁ ਗ੍ਰਿਹਿ ਗੁਨ ਗਾਵਤੇ ਹਰਿ ਕੇ ਗੁਨ ਗਾਵਤੇ ਰਾਮ ਗੁਨ ਗਾਵਤੇ ਤਿਤੁ ਗ੍ਰਿਹਿ ਵਾਜੇ ਪੰਚ ਸਬਦ ਵਡ ਭਾਗ ਮਥੋਰਾ ॥ ਤਿਨ੍ ਜਨ ਕੇ ਸਭਿ ਪਾਪ ਗਏ ਸਭਿ ਦੋਖ ਗਏ ਸਭਿ ਰੋਗ ਗਏ ਕਾਮੁ ਕ੍ਰੋਧੁ ਲੋਭੁ ਮੋਹੁ ਅਭਿਮਾਨੁ ਗਏ ਤਿਨ੍ ਜਨ ਕੇ ਹਰਿ ਮਾਰਿ ਕਢੇ ਪੰਚ ਚੋਰਾ ॥੧॥ ਹਰਿ ਰਾਮ ਬੋਲਹੁ ਹਰਿ ਸਾਧੂ ਹਰਿ ਕੇ ਜਨ ਸਾਧੂ ਜਗਦੀਸੁ ਜਪਹੁ ਮਨਿ ਬਚਨਿ ਕਰਮਿ ਹਰਿ ਹਰਿ ਆਰਾਧੂ ਹਰਿ ਕੇ ਜਨ ਸਾਧੂ ॥ ਹਰਿ ਰਾਮ ਬੋਲਿ ਹਰਿ ਰਾਮ ਬੋਲਿ ਸਭਿ ਪਾਪ ਗਵਾਧੂ ॥ ਨਿਤ ਨਿਤ ਜਾਗਰਣੁ ਕਰਹੁ ਸਦਾ ਸਦਾ ਆਨੰਦੁ ਜਪਿ ਜਗਦੀਸੋੁਰਾ ॥ ਮਨ ਇਛੇ ਫਲ ਪਾਵਹੁ ਸਭੈ ਫਲ ਪਾਵਹੁ ਧਰਮੁ ਅਰਥੁ ਕਾਮ ਮੋਖੁ ਜਨ ਨਾਨਕ ਹਰਿ ਸਿਉ ਮਿਲੇ ਹਰਿ ਭਗਤ ਤੋਰਾ ॥੨॥੨॥੯॥ ਸਾਰਗ ਮਹਲਾ ੪ ॥ ਜਪਿ ਮਨ ਮਾਧੋ ਮਧੁਸੂਦਨੋ ਹਰਿ ਸ੍ਰੀਰੰਗੋ ਪਰਮੇਸਰੋ ਸਤਿ ਪਰਮੇਸਰੋ ਪ੍ਰਭੁ ਅੰਤਰਜਾਮੀ ॥ ਸਭ ਦੂਖਨ ਕੋ ਹੰਤਾ ਸਭ ਸੂਖਨ ਕੋ ਦਾਤਾ ਹਰਿ ਪ੍ਰੀਤਮ ਗੁਨ ਗਾਉ ॥੧॥ ਰਹਾਉ ॥ ਹਰਿ ਘਟਿ ਘਟੇ ਘਟਿ ਬਸਤਾ ਹਰਿ ਜਲਿ ਥਲੇ ਹਰਿ ਬਸਤਾ ਹਰਿ ਥਾਨ ਥਾਨੰਤਰਿ ਬਸਤਾ ਮੈ ਹਰਿ ਦੇਖਨ ਕੋ ਚਾਉ ॥ ਕੋਈ ਆਵੈ ਸੰਤੋ ਹਰਿ ਕਾ ਜਨੁ ਸੰਤੋ ਮੇਰਾ ਪ੍ਰੀਤਮ ਜਨੁ ਸੰਤੋ ਮੋਹਿ ਮਾਰਗੁ ਦਿਖਲਾਵੈ ॥ ਤਿਸੁ ਜਨ ਕੇ ਹਉ ਮਲਿ ਮਲਿ ਧੋਵਾ ਪਾਉ ॥੧॥ ਹਰਿ ਜਨ ਕਉ ਹਰਿ ਮਿਲਿਆ ਹਰਿ ਸਰਧਾ ਤੇ ਮਿਲਿਆ ਗੁਰਮੁਖਿ ਹਰਿ ਮਿਲਿਆ ॥ ਮੇਰੈ ਮਨਿ ਤਨਿ ਆਨੰਦ ਭਏ ਮੈ ਦੇਖਿਆ ਹਰਿ ਰਾਉ ॥ ਜਨ ਨਾਨਕ ਕਉ ਕਿਰਪਾ ਭਈ ਹਰਿ ਕੀ ਕਿਰਪਾ ਭਈ ਜਗਦੀਸੁਰ ਕਿਰਪਾ ਭਈ ॥ ਮੈ ਅਨਦਿਨੋ ਸਦ ਸਦ ਸਦਾ ਹਰਿ ਜਪਿਆ ਹਰਿ ਨਾਉ ॥੨॥੩॥੧੦॥ ਸਾਰਗ ਮਹਲਾ ੪ ॥ ਜਪਿ ਮਨ ਨਿਰਭਉ ॥ ਸਤਿ ਸਤਿ ਸਦਾ ਸਤਿ ॥ ਨਿਰਵੈਰੁ ਅਕਾਲ ਮੂਰਤਿ ॥ ਆਜੂਨੀ ਸੰਭਉ ॥ ਮੇਰੇ ਮਨ ਅਨਦਿਨੁੋ ਧਿਆਇ ਨਿਰੰਕਾਰੁ ਨਿਰਾਹਾਰੀ ॥੧॥ ਰਹਾਉ ॥ ਹਰਿ ਦਰਸਨ ਕਉ ਹਰਿ ਦਰਸਨ ਕਉ ਕੋਟਿ ਕੋਟਿ ਤੇਤੀਸ ਸਿਧ ਜਤੀ ਜੋਗੀ ਤਟ ਤੀਰਥ ਪਰਭਵਨ ਕਰਤ ਰਹਤ ਨਿਰਾਹਾਰੀ ॥ ਤਿਨ ਜਨ ਕੀ ਸੇਵਾ ਥਾਇ ਪਈ ਜਿਨ੍ ਕਉ ਕਿਰਪਾਲ ਹੋਵਤੁ ਬਨਵਾਰੀ ॥੧॥ ਹਰਿ ਕੇ ਹੋ ਸੰਤ ਭਲੇ ਤੇ ਊਤਮ ਭਗਤ ਭਲੇ ਜੋ ਭਾਵਤ ਹਰਿ ਰਾਮ ਮੁਰਾਰੀ ॥ ਜਿਨ੍ ਕਾ ਅੰਗੁ ਕਰੈ

ਮੇਰਾ ਸੁਆਮੀ ਤਿਨ੍ ਕੀ ਨਾਨਕ ਹਰਿ ਪੈਜ ਸਵਾਰੀ ॥੨॥੪॥੧੧॥ ਸਾਰਗ ਮਹਲਾ ੪ ਪੜਤਾਲ ॥ ਜਪਿ ਮਨ ਗੋਵਿੰਦੁ ਹਰਿ ਗੋਵਿੰਦੁ ਗੁਣੀ ਨਿਧਾਨੁ ਸਭ ਸ੍ਰਿਸਟਿ ਕਾ ਪ੍ਰਭੋ ਮੇਰੇ ਮਨ ਹਰਿ ਬੋਲਿ ਹਰਿ ਪੁਰਖੁ ਅਬਿਨਾਸੀ ॥੧॥ ਰਹਾਉ ॥ ਹਰਿ ਕਾ ਨਾਮੁ ਅੰਮ੍ਰਿਤੁ ਹਰਿ ਹਰਿ ਹਰੇ ਸੋ ਪੀਐ ਜਿਸੁ ਰਾਮੁ ਪਿਆਸੀ ॥ ਹਰਿ ਆਪਿ ਦਇਆਲੁ ਦਇਆ ਕਰਿ ਮੇਲੈ ਜਿਸੁ ਸਤਿਗੁਰੂ ਸੋ ਜਨੁ ਹਰਿ ਹਰਿ ਅੰਮ੍ਰਿਤ ਨਾਮੁ ਚਖਾਸੀ ॥੧॥ ਜੋ ਜਨ ਸੇਵਹਿ ਸਦ ਸਦਾ ਮੇਰਾ ਹਰਿ ਹਰੇ ਤਿਨ ਕਾ ਸਭੁ ਦੂਖੁ ਭਰਮੁ ਭਉ ਜਾਸੀ ॥ ਜਨੁ ਨਾਨਕੁ ਨਾਮੁ ਲਏ ਤਾਂ ਜੀਵੈ ਜਿਉ ਚਾਤ੍ਰਿਕੁ ਜਲਿ ਪੀਐ ਤ੍ਰਿਪਤਾਸੀ ॥੨॥੫॥੧੨॥ ਸਾਰਗ ਮਹਲਾ ੪ ॥ ਜਪਿ ਮਨ ਸਿਰੀ ਰਾਮੁ ॥ ਰਾਮ ਰਮਤ ਰਾਮੁ ॥ ਸਤਿ ਸਤਿ ਰਾਮੁ ॥ ਬੋਲਹੁ ਭਈਆ ਸਦ ਰਾਮ ਰਾਮੁ ਰਾਮੁ ਰਵਿ ਰਹਿਆ ਸਰਬਗੇ ॥੧॥ ਰਹਾਉ ॥ ਰਾਮੁ ਆਪੇ ਆਪਿ ਆਪੇ ਸਭੁ ਕਰਤਾ ਰਾਮੁ ਆਪੇ ਆਪਿ ਆਪਿ ਸਭਤੁ ਜਗੇ ॥ ਜਿਸੁ ਆਪਿ ਕ੍ਰਿਪਾ ਕਰੇ ਮੇਰਾ ਰਾਮ ਰਾਮ ਰਾਮ ਰਾਇ ਸੋ ਜਨੁ ਰਾਮ ਨਾਮ ਲਿਵ ਲਾਗੇ ॥੧॥ ਰਾਮ ਨਾਮ ਕੀ ਉਪਮਾ ਦੇਖਹੁ ਹਰਿ ਸੰਤਹੁ ਜੋ ਭਗਤ ਜਨਾਂ ਕੀ ਪਤਿ ਰਾਖੈ ਵਿਚਿ ਕਲਿਜੁਗ ਅਗੇ ॥ ਜਨ ਨਾਨਕ ਕਾ ਅੰਗੁ ਕੀਆ ਮੇਰੈ ਰਾਮ ਰਾਇ ਦੁਸਮਨ ਦੂਖ ਗਏ ਸਭਿ ਭਗੇ ॥੨॥੬॥੧੩॥

ਸਾਰੰਗ ਮਹਲਾ ੫ ਚਉਪਦੇ ਘਰੁ ੧ ੴ ਸਤਿਗੁਰ ਪ੍ਰਸਾਦਿ ॥

ਸਤਿਗੁਰ ਮੂਰਤਿ ਕਉ ਬਲਿ ਜਾਉ ॥ ਅੰਤਰਿ ਪਿਆਸ ਚਾਤ੍ਰਿਕ ਜਿਉ ਜਲ ਕੀ ਸਫਲ ਦਰਸਨੁ ਕਦਿ ਪਾਂਉ ॥੧॥ ਰਹਾਉ ॥ ਅਨਾਥਾ ਕੋ ਨਾਥੁ ਸਰਬ ਪ੍ਰਤਿਪਾਲਕੁ ਭਗਤਿ ਵਛਲੁ ਹਰਿ ਨਾਉ ॥ ਜਾ ਕਉ ਕੋਇ ਨ ਰਾਖੈ ਪ੍ਰਾਣੀ ਤਿਸੁ ਤੂ ਦੇਹਿ ਅਸਰਾਉ ॥੧॥ ਨਿਧਰਿਆ ਧਰ ਨਿਗਤਿਆ ਗਤਿ ਨਿਥਾਵਿਆ ਤੂ ਥਾਉ ॥ ਦਹ ਦਿਸ ਜਾਂਉ ਤਹਾਂ ਤੂ ਸੰਗੇ ਤੇਰੀ ਕੀਰਤਿ ਕਰਮ ਕਮਾਉ ॥੨॥ ਏਕਸੁ ਤੇ ਲਾਖ ਲਾਖ ਤੇ ਏਕਾ ਤੇਰੀ ਗਤਿ ਮਿਤਿ ਕਹਿ ਨ ਸਕਾਉ ॥ ਤੂ ਬੇਅੰਤੁ ਤੇਰੀ ਮਿਤਿ ਨਹੀ ਪਾਈਐ ਸਭੁ ਤੇਰੋ ਖੇਲੁ ਦਿਖਾਉ ॥੩॥ ਸਾਧਨ ਕਾ ਸੰਗੁ ਸਾਧ ਸਿਉ ਗੋਸਟਿ ਹਰਿ ਸਾਧਨ ਸਿਉ ਲਿਵ ਲਾਉ ॥ ਜਨ ਨਾਨਕ ਪਾਇਆ ਹੈ ਗੁਰਮਤਿ ਹਰਿ ਦੇਹੁ ਦਰਸੁ ਮਨਿ ਚਾਉ ॥੪॥੧॥ ਸਾਰਗ ਮਹਲਾ ੫ ॥ ਹਰਿ ਜੀਉ ਅੰਤਰਜਾਮੀ ਜਾਨ ॥ ਕਰਤ ਬੁਰਾਈ ਮਾਨੁਖ ਤੇ ਛਪਾਈ ਸਾਖੀ ਭੂਤ ਪਵਾਨ ॥੧॥ ਰਹਾਉ ॥ ਬੈਸਨੌ ਨਾਮੁ ਕਰਤ ਖਟ ਕਰਮਾ ਅੰਤਰਿ ਲੋਭ ਜੂਠਾਨ ॥ ਸੰਤ ਸਭਾ ਕੀ ਨਿੰਦਾ ਕਰਤੇ ਡੂਬੇ ਸਭ

ਅਗਿਆਨ ॥੧॥ ਕਰਹਿ ਸੋਮ ਪਾਕੁ ਹਿਰਹਿ ਪਰ ਦਰਬਾ ਅੰਤਰਿ ਝੂਠ ਗੁਮਾਨ ॥ ਸਾਸਤ੍ਰ ਬੇਦ ਕੀ ਬਿਧਿ ਨਹੀ ਜਾਣਹਿ ਬਿਆਪੇ ਮਨ ਕੈ ਮਾਨ ॥੨॥ ਸੰਧਿਆ ਕਾਲ ਕਰਹਿ ਸਭਿ ਵਰਤਾ ਜਿਉ ਸਫਰੀ ਦੰਫਾਨ ॥ ਪ੍ਰਭੂ ਭੁਲਾਏ ਊਝੜਿ ਪਾਏ ਨਿਹਫਲ ਸਭਿ ਕਰਮਾਨ ॥੩॥ ਸੋ ਗਿਆਨੀ ਸੋ ਬੈਸਨੌ ਪੜ੍ਹਿਆ ਜਿਸੁ ਕਰੀ ਕ੍ਰਿਪਾ ਭਗਵਾਨ ॥ ਉਨਿ ਸਤਿਗੁਰੁ ਸੇਵਿ ਪਰਮ ਪਦੁ ਪਾਇਆ ਉਧਰਿਆ ਸਗਲ ਬਿਸ੍ਵਾਨ ॥੪॥ ਕਿਆ ਹਮ ਕਥਹ ਕਿਛੁ ਕਥਿ ਨਹੀ ਜਾਣਹ ਪ੍ਰਭ ਭਾਵੈ ਤਿਵੈ ਬੋੁਲਾਨ ॥ ਸਾਧਸੰਗਤਿ ਕੀ ਧੂਰਿ ਇਕ ਮਾਂਗਉ ਜਨ ਨਾਨਕ ਪਇਓ ਸਰਾਨ ॥੫॥੨॥ ਸਾਰਗ ਮਹਲਾ ੫ ॥ ਅਬ ਮੋਰੋ ਨਾਚਨੋ ਰਹੋ ॥ ਲਾਲੁ ਰਗੀਲਾ ਸਹਜੇ ਪਾਇਓ ਸਤਿਗੁਰ ਬਚਨਿ ਲਹੋ ॥੧॥ ਰਹਾਉ ॥ ਕੁਆਰ ਕੰਨਿਆ ਜੈਸੇ ਸੰਗਿ ਸਹੇਰੀ ਪ੍ਰਿਅ ਬਚਨ ਉਪਹਾਸ ਕਹੋ ॥ ਜਉ ਸੁਰਿਜਨੁ ਗ੍ਰਿਹ ਭੀਤਰਿ ਆਇਓ ਤਬ ਮੁਖੁ ਕਾਜਿ ਲਜੋ ॥੧॥ ਜਿਉ ਕਨਿਕੋ ਕੋਠਾਰੀ ਚੜਿਓ ਕਬਰੋ ਹੋਤ ਫਿਰੋ ॥ ਜਬ ਤੇ ਸੁਧ ਭਏ ਹੈ ਬਾਰਹਿ ਤਬ ਤੇ ਥਾਨ ਥਿਰੋ ॥੨॥ ਜਉ ਦਿਨੁ ਰੈਨਿ ਤਊ ਲਉ ਬਜਿਓ ਮੂਰਤ ਘਰੀ ਪਲੋ ॥ ਬਜਾਵਨਹਾਰੋ ਊਠਿ ਸਿਧਾਰਿਓ ਤਬ ਫਿਰਿ ਬਾਜੁ ਨ ਭਇਓ ॥੩॥ ਜੈਸੇ ਕੁੰਭ ਉਦਕ ਪੂਰਿ ਆਨਿਓ ਤਬ ਓਹੁ ਭਿੰਨ ਦ੍ਰਿਸਟੋ ॥ ਕਹੁ ਨਾਨਕ ਕੁੰਭੁ ਜਲੈ ਮਹਿ ਡਾਰਿਓ ਅੰਭੈ ਅੰਭ ਮਿਲੋ ॥੪॥੩॥ ਸਾਰਗ ਮਹਲਾ ੫ ॥ ਅਬ ਪੂਛੇ ਕਿਆ ਕਹਾ ॥ ਲੈਨੋ ਨਾਮੁ ਅੰਮ੍ਰਿਤ ਰਸੁ ਨੀਕੋ ਬਾਵਰ ਬਿਖੁ ਸਿਉ ਗਹਿ ਰਹਾ ॥੧॥ ਰਹਾਉ ॥ ਦੁਲਭ ਜਨਮੁ ਚਿਰੰਕਾਲ ਪਾਇਓ ਜਾਤਉ ਕਉਡੀ ਬਦਲਹਾ ॥ ਕਾਥੂਰੀ ਕੋ ਗਾਹਕੁ ਆਇਓ ਲਾਦਿਓ ਕਾਲਰ ਬਿਰਖ ਜਿਵਹਾ ॥੧॥ ਆਇਓ ਲਾਭੁ ਲਾਭਨ ਕੈ ਤਾਈ ਮੋਹਨਿ ਠਾਗਉਰੀ ਸਿਉ ਉਲਝਿ ਪਹਾ ॥ ਕਾਚ ਬਾਦਰੈ ਲਾਲੁ ਖੋਈ ਹੈ ਫਿਰਿ ਇਹੁ ਅਉਸਰੁ ਕਦਿ ਲਹਾ ॥੨॥ ਸਗਲ ਪਰਾਧ ਏਕੁ ਗੁਣੁ ਨਾਹੀ ਠਾਕੁਰੁ ਛੋਡਹ ਦਾਸਿ ਭਜਹਾ ॥ ਆਈ ਮਸਟਿ ਜੜਵਤ ਕੀ ਨਿਆਈ ਜਿਉ ਤਸਕਰੁ ਦਰਿ ਸਾਂਨ੍ਹਿਹਾ ॥੩॥ ਆਨ ਉਪਾਉ ਨ ਕੋਊ ਸੂਝੈ ਹਰਿ ਦਾਸਾ ਸਰਣੀ ਪਰਿ ਰਹਾ ॥ ਕਹੁ ਨਾਨਕ ਤਬ ਹੀ ਮਨ ਛੁਟੀਐ ਜਉ ਸਗਲੇ ਅਉਗਨ ਮੇਟਿ ਧਰਹਾ ॥੪॥੪॥ ਸਾਰਗ ਮਹਲਾ ੫ ॥ ਮਾਈ ਧੀਰਿ ਰਹੀ ਪ੍ਰਿਅ ਬਹੁਤੁ ਬਿਰਾਗਿਓ ॥ ਅਨਿਕ ਭਾਂਤਿ ਆਨੂਪ ਰੰਗ ਰੇ ਤਿਨ੍ਹ ਸਿਉ ਰੁਚੈ ਨ ਲਾਗਿਓ ॥੧॥ ਰਹਾਉ ॥ ਨਿਸਿ ਬਾਸੁਰ ਪ੍ਰਿਅ ਪ੍ਰਿਅ ਮੁਖਿ ਟੇਰਉ ਨੀਂਦ ਪਲਕ ਨਹੀ ਜਾਗਿਓ ॥ ਹਾਰ ਕਜਰ ਬਸਤ੍ਰ ਅਨਿਕ ਸੀਗਾਰ ਰੇ ਬਿਨੁ ਪਿਰ ਸਭੈ ਬਿਖੁ ਲਾਗਿਓ

॥੧॥ ਪੂਛਉ ਪੂਛਉ ਦੀਨ ਭਾਂਤਿ ਕਰਿ ਕੋਊ ਕਹੈ ਪ੍ਰਿਅ ਦੇਸਾਂਗਿਓ ॥ ਹੀਂਉ ਦੇਂਉ ਸਭੁ ਮਨੁ ਤਨੁ ਅਰਪਉ ਸੀਸੁ ਚਰਣ ਪਰਿ ਰਾਖਿਓ ॥੨॥ ਚਰਣ ਬੰਦਨਾ ਅਮੋਲ ਦਾਸਰੋ ਦੇਂਉ ਸਾਧਸੰਗਤਿ ਅਰਦਾਗਿਓ ॥ ਕਰਹੁ ਕ੍ਰਿਪਾ ਮੋਹਿ ਪ੍ਰਭੂ ਮਿਲਾਵਹੁ ਨਿਮਖ ਦਰਸੁ ਪੇਖਾਗਿਓ ॥੩॥ ਦ੍ਰਿਸਟਿ ਭਈ ਤਬ ਭੀਤਰਿ ਆਇਓ ਮੇਰਾ ਮਨੁ ਅਨਦਿਨੁ ਸੀਤਲਾਗਿਓ ॥ ਕਹੁ ਨਾਨਕ ਰਸਿ ਮੰਗਲ ਗਾਏ ਸਬਦੁ ਅਨਾਹਦੁ ਬਾਜਿਓ ॥੪॥੫॥ ਸਾਰਗ ਮਹਲਾ ੫ ॥ ਮਾਈ ਸਤਿ ਸਤਿ ਸਤਿ ਹਰਿ ਸਤਿ ਸਤਿ ਸਤਿ ਸਾਧਾ ॥ ਬਚਨੁ ਗੁਰੂ ਜੋ ਪੂਰੈ ਕਹਿਓ ਮੈ ਛੀਕਿ ਗਾਂਠਰੀ ਬਾਧਾ ॥੧॥ ਰਹਾਉ ॥ ਨਿਸਿ ਬਾਸੁਰ ਨਖਿਅਤ੍ਰ ਬਿਨਾਸੀ ਰਵਿ ਸਸੀਅਰ ਬੇਨਾਧਾ ॥ ਗਿਰਿ ਬਸੁਧਾ ਜਲ ਪਵਨ ਜਾਇਗੋ ਇਕਿ ਸਾਧ ਬਚਨ ਅਟਲਾਧਾ ॥੧॥ ਅੰਡ ਬਿਨਾਸੀ ਜੇਰ ਬਿਨਾਸੀ ਉਤਭੁਜ ਸੇਤ ਬਿਨਾਧਾ ॥ ਚਾਰਿ ਬਿਨਾਸੀ ਖਟਹਿ ਬਿਨਾਸੀ ਇਕਿ ਸਾਧ ਬਚਨ ਨਿਹਚਲਾਧਾ ॥੨॥ ਰਾਜ ਬਿਨਾਸੀ ਤਾਮ ਬਿਨਾਸੀ ਸਾਤਕੁ ਭੀ ਬੇਨਾਧਾ ॥ ਦ੍ਰਿਸਟਿਮਾਨ ਹੈ ਸਗਲ ਬਿਨਾਸੀ ਇਕਿ ਸਾਧ ਬਚਨ ਆਗਾਧਾ ॥੩॥ ਆਪੇ ਆਪਿ ਆਪ ਹੀ ਆਪੇ ਸਭੁ ਆਪਨ ਖੇਲੁ ਦਿਖਾਧਾ ॥ ਪਾਇਓ ਨ ਜਾਈ ਕਹੀ ਭਾਂਤਿ ਰੇ ਪ੍ਰਭੁ ਨਾਨਕ ਗੁਰ ਮਿਲਿ ਲਾਧਾ ॥੪॥੬॥ ਸਾਰਗ ਮਹਲਾ ੫ ॥ ਮੇਰੈ ਮਨਿ ਬਾਸਿਬੋ ਗੁਰ ਗੋਬਿੰਦ ॥ ਜਹਾਂ ਸਿਮਰਨੁ ਭਇਓ ਹੈ ਠਾਕੁਰ ਤਹਾਂ ਨਗਰ ਸੁਖ ਆਨੰਦ ॥੧॥ ਰਹਾਉ ॥ ਜਹਾਂ ਬੀਸਰੈ ਠਾਕੁਰੁ ਪਿਆਰੋ ਤਹਾਂ ਦੂਖ ਸਭ ਆਪਦ ॥ ਜਹ ਗੁਨ ਗਾਇ ਆਨੰਦ ਮੰਗਲ ਰੂਪ ਤਹਾਂ ਸਦਾ ਸੁਖ ਸੰਪਦ ॥੧॥ ਜਹਾ ਸ੍ਰਵਨ ਹਰਿ ਕਥਾ ਨ ਸੁਨੀਐ ਤਹ ਮਹਾ ਭਇਆਨ ਉਦਿਆਨਦ ॥ ਜਹਾਂ ਕੀਰਤਨੁ ਸਾਧਸੰਗਤਿ ਰਸੁ ਤਹ ਸਘਨ ਬਾਸ ਫਲਾਂਨਦ ॥੨॥ ਬਿਨੁ ਸਿਮਰਨ ਕੋਟਿ ਬਰਖ ਜੀਵੈ ਸਗਲੀ ਅਉਧ ਬ੍ਰਿਥਾਨਦ ॥ ਏਕ ਨਿਮਖ ਗੋਬਿੰਦ ਭਜਨੁ ਕਰਿ ਤਉ ਸਦਾ ਸਦਾ ਜੀਵਾਨਦ ॥੩॥ ਸਰਨਿ ਸਰਨਿ ਸਰਨਿ ਪ੍ਰਭ ਪਾਵਉ ਦੀਜੈ ਸਾਧਸੰਗਤਿ ਕਿਰਪਾਨਦ ॥ ਨਾਨਕ ਪੂਰਿ ਰਹਿਓ ਹੈ ਸਰਬ ਮੈ ਸਗਲ ਗੁਣਾ ਬਿਧਿ ਜਾਂਨਦ ॥੪॥੭॥ ਸਾਰਗ ਮਹਲਾ ੫ ॥ ਅਬ ਮੋਹਿ ਰਾਮ ਭਰੋਸਉ ਪਾਏ ॥ ਜੋ ਜੋ ਸਰਣਿ ਪਰਿਓ ਕਰੁਣਾਨਿਧਿ ਤੇ ਤੇ ਭਵਹਿ ਤਰਾਏ ॥੧॥ ਰਹਾਉ ॥ ਸੁਖਿ ਸੋਇਓ ਅਰੁ ਸਹਜਿ ਸਮਾਇਓ ਸਹਸਾ ਗੁਰਹਿ ਗਵਾਏ ॥ ਜੋ ਚਾਹਤ ਸੋਈ ਹਰਿ ਕੀਓ ਮਨ ਬਾਂਛਤ ਫਲ ਪਾਏ ॥੧॥ ਹਿਰਦੈ ਜਪਉ ਨੇਤ੍ਰ ਧਿਆਨੁ ਲਾਵਉ ਸ੍ਰਵਨੀ

ਕਥਾ ਸੁਨਾਏ ॥ ਚਰਣੀ ਚਲਉ ਮਾਰਗਿ ਠਾਕੁਰ ਕੈ ਰਸਨਾ ਹਰਿ ਗੁਣ ਗਾਏ ॥੨॥ ਦੇਖਿਓ ਦ੍ਰਿਸਟਿ ਸਰਬ ਮੰਗਲ
ਰੂਪ ਉਲਟੀ ਸੰਤ ਕਰਾਏ ॥ ਪਾਇਓ ਲਾਲੁ ਅਮੋਲੁ ਨਾਮੁ ਹਰਿ ਛੋਡਿ ਨ ਕਤਹੂ ਜਾਏ ॥੩॥ ਕਵਨ ਉਪਮਾ ਕਉਨ
ਬਡਾਈ ਕਿਆ ਗੁਨ ਕਹਉ ਰੀਝਾਏ ॥ ਹੋਤ ਕ੍ਰਿਪਾਲ ਦੀਨ ਦਇਆ ਪ੍ਰਭ ਜਨ ਨਾਨਕ ਦਾਸ ਦਸਾਏ ॥੪॥੮॥
ਸਾਰਗ ਮਹਲਾ ੫ ॥ ਓਇ ਸੁਖ ਕਾ ਸਿਉ ਬਰਨਿ ਸੁਨਾਵਤ ॥ ਅਨਦ ਬਿਨੋਦ ਪੇਖਿ ਪ੍ਰਭ ਦਰਸਨ ਮਨਿ ਮੰਗਲ
ਗੁਨ ਗਾਵਤ ॥੧॥ ਰਹਾਉ ॥ ਬਿਸਮ ਭਈ ਪੇਖਿ ਬਿਸਮਾਦੀ ਪੂਰਿ ਰਹੇ ਕਿਰਪਾਵਤ ॥ ਪੀਓ ਅੰਮ੍ਰਿਤ ਨਾਮੁ
ਅਮੋਲਕ ਜਿਉ ਚਾਖਿ ਗੂੰਗਾ ਮੁਸਕਾਵਤ ॥੧॥ ਜੈਸੇ ਪਵਨੁ ਬੰਧ ਕਰਿ ਰਾਖਿਓ ਬੂਝ ਨ ਆਵਤ ਜਾਵਤ ॥ ਜਾ ਕਉ
ਰਿਦੈ ਪ੍ਰਗਾਸੁ ਭਇਓ ਹਰਿ ਉਆ ਕੀ ਕਹੀ ਨ ਜਾਇ ਕਹਾਵਤ ॥੨॥ ਆਨ ਉਪਾਵ ਜੇਤੇ ਕਿਛੁ ਕਹੀਅਹਿ ਤੇਤੇ
ਸੀਖੇ ਪਾਵਤ ॥ ਅਚਿੰਤ ਲਾਲੁ ਗ੍ਰਿਹ ਭੀਤਰਿ ਪ੍ਰਗਟਿਓ ਅਗਮ ਜੈਸੇ ਪਰਖਾਵਤ ॥੩॥ ਨਿਰਗੁਣ ਨਿਰੰਕਾਰ
ਅਬਿਨਾਸੀ ਅਤੁਲੋ ਤੁਲਿਓ ਨ ਜਾਵਤ ॥ ਕਹੁ ਨਾਨਕ ਅਜਰੁ ਜਿਨਿ ਜਰਿਆ ਤਿਸ ਹੀ ਕਉ ਬਨਿ ਆਵਤ
॥੪॥੯॥ ਸਾਰਗ ਮਹਲਾ ੫ ॥ ਬਿਖਈ ਦਿਨੁ ਰੈਨਿ ਇਵ ਹੀ ਗੁਦਾਰੈ ॥ ਗੋਬਿੰਦੁ ਨ ਭਜੈ ਅਹੰਬੁਧਿ ਮਾਤਾ ਜਨਮੁ
ਜੂਐ ਜਿਉ ਹਾਰੈ ॥੧॥ ਰਹਾਉ ॥ ਨਾਮੁ ਅਮੋਲਾ ਪ੍ਰੀਤਿ ਨ ਤਿਸ ਸਿਉ ਪਰ ਨਿੰਦਾ ਹਿਤਕਾਰੈ ॥ ਛਾਪਰੁ ਬਾਂਧਿ
ਸਵਾਰੈ ਤ੍ਰਿਣ ਕੋ ਦੁਆਰੈ ਪਾਵਕੁ ਜਾਰੈ ॥੧॥ ਕਾਲਰ ਪੋਟ ਉਠਾਵੈ ਮੂੰਡਹਿ ਅੰਮ੍ਰਿਤੁ ਮਨ ਤੇ ਡਾਰੈ ॥ ਓਢੈ ਬਸਤ੍ਰ
ਕਾਜਰ ਮਹਿ ਪਰਿਆ ਬਹੁਰਿ ਬਹੁਰਿ ਫਿਰਿ ਝਾਰੈ ॥੨॥ ਕਾਟੈ ਪੇਡੁ ਡਾਲ ਪਰਿ ਠਾਢੌ ਖਾਇ ਖਾਇ ਮੁਸਕਾਰੈ ॥
ਗਿਰਿਓ ਜਾਇ ਰਸਾਤਲਿ ਪਰਿਓ ਛਿਟੀ ਛਿਟੀ ਸਿਰ ਭਾਰੈ ॥੩॥ ਨਿਰਵੈਰੈ ਸੰਗਿ ਵੈਰੁ ਰਚਾਏ ਪਹੁਚਿ ਨ ਸਕੈ
ਗਵਾਰੈ ॥ ਕਹੁ ਨਾਨਕ ਸੰਤਨ ਕਾ ਰਾਖਾ ਪਾਰਬ੍ਰਹਮੁ ਨਿਰੰਕਾਰੈ ॥੪॥੧੦॥ ਸਾਰਗ ਮਹਲਾ ੫ ॥ ਅਵਰਿ ਸਭਿ
ਭੂਲੇ ਭ੍ਰਮਤ ਨ ਜਾਨਿਆ ॥ ਏਕੁ ਸੁਧਾਖਰੁ ਜਾ ਕੈ ਹਿਰਦੈ ਵਸਿਆ ਤਿਨਿ ਬੇਦਹਿ ਤਤੁ ਪਛਾਨਿਆ ॥੧॥ ਰਹਾਉ ॥
ਪਰਵਿਰਤਿ ਮਾਰਗੁ ਜੇਤਾ ਕਿਛੁ ਹੋਈਐ ਤੇਤਾ ਲੋਗ ਪਚਾਰਾ ॥ ਜਉ ਲਉ ਰਿਦੈ ਨਹੀ ਪਰਗਾਸਾ ਤਉ ਲਉ ਅੰਧ
ਅੰਧਾਰਾ ॥੧॥ ਜੈਸੇ ਧਰਤੀ ਸਾਧੈ ਬਹੁ ਬਿਧਿ ਬਿਨੁ ਬੀਜੈ ਨਹੀ ਜਾਂਮੈ ॥ ਰਾਮ ਨਾਮ ਬਿਨੁ ਮੁਕਤਿ ਨ ਹੋਈ ਹੈ ਤੁਟੈ
ਨਾਹੀ ਅਭਿਮਾਨੈ ॥੨॥ ਨੀਰੁ ਬਿਲੋਵੈ ਅਤਿ ਸ੍ਰਮੁ ਪਾਵੈ ਨੈਨੂ ਕੈਸੇ ਰੀਸੈ ॥ ਬਿਨੁ ਗੁਰ ਭੇਟੇ ਮੁਕਤਿ ਨ ਕਾਹੂ ਮਿਲਤ

ਨਹੀ ਜਗਦੀਸੈ ॥੩॥ ਖੋਜਤ ਖੋਜਤ ਇਹੈ ਬੀਚਾਰਿਓ ਸਰਬ ਸੁਖਾ ਹਰਿ ਨਾਮਾ ॥ ਕਹੁ ਨਾਨਕ ਤਿਸੁ ਭਇਓ ਪਰਾਪਤਿ ਜਾ ਕੈ ਲੇਖੁ ਮਥਾਮਾ ॥੪॥੧੧॥ ਸਾਰਗ ਮਹਲਾ ੫ ॥ ਅਨਦਿਨੁ ਰਾਮ ਕੇ ਗੁਣ ਕਹੀਐ ॥ ਸਗਲ ਪਦਾਰਥ ਸਰਬ ਸੂਖ ਸਿਧਿ ਮਨ ਬਾਂਛਤ ਫਲ ਲਹੀਐ ॥੧॥ ਰਹਾਉ ॥ ਆਵਹੁ ਸੰਤ ਪ੍ਰਾਨ ਸੁਖਦਾਤੇ ਸਿਮਰਹ ਪ੍ਰਭੁ ਅਬਿਨਾਸੀ ॥ ਅਨਾਥਹ ਨਾਥੁ ਦੀਨ ਦੁਖ ਭੰਜਨ ਪੂਰਿ ਰਹਿਓ ਘਟ ਵਾਸੀ ॥੧॥ ਗਾਵਤ ਸੁਨਤ ਸੁਨਾਵਤ ਸਰਧਾ ਹਰਿ ਰਸੁ ਪੀ ਵਡਭਾਗੇ ॥ ਕਲਿ ਕਲੇਸ ਮਿਟੇ ਸਭਿ ਤਨ ਤੇ ਰਾਮ ਨਾਮ ਲਿਵ ਜਾਗੇ ॥੨॥ ਕਾਮੁ ਕ੍ਰੋਧੁ ਝੂਠੁ ਤਜਿ ਨਿੰਦਾ ਹਰਿ ਸਿਮਰਨਿ ਬੰਧਨ ਤੂਟੇ ॥ ਮੋਹ ਮਗਨ ਅਹੰ ਅੰਧ ਮਮਤਾ ਗੁਰ ਕਿਰਪਾ ਤੇ ਛੂਟੇ ॥੩॥ ਤੂ ਸਮਰਥੁ ਪਾਰਬ੍ਰਹਮ ਸੁਆਮੀ ਕਰਿ ਕਿਰਪਾ ਜਨੁ ਤੇਰਾ ॥ ਪੂਰਿ ਰਹਿਓ ਸਰਬ ਮਹਿ ਠਾਕੁਰੁ ਨਾਨਕ ਸੋ ਪ੍ਰਭੁ ਨੇਰਾ ॥੪॥੧੨॥ ਸਾਰਗ ਮਹਲਾ ੫ ॥ ਬਲਿਹਾਰੀ ਗੁਰਦੇਵ ਚਰਨ ॥ ਜਾ ਕੈ ਸੰਗਿ ਪਾਰਬ੍ਰਹਮੁ ਧਿਆਈਐ ਉਪਦੇਸੁ ਹਮਾਰੀ ਗਤਿ ਕਰਨ ॥੧॥ ਰਹਾਉ ॥ ਦੂਖ ਰੋਗ ਭੈ ਸਗਲ ਬਿਨਾਸੇ ਜੋ ਆਵੈ ਹਰਿ ਸੰਤ ਸਰਨ ॥ ਆਪਿ ਜਪੈ ਅਵਰਹ ਨਾਮੁ ਜਪਾਵੈ ਵਡ ਸਮਰਥ ਤਾਰਨ ਤਰਨ ॥੧॥ ਜਾ ਕੋ ਮੰਤ੍ਰੁ ਉਤਾਰੈ ਸਹਸਾ ਊਣੇ ਕਉ ਸੁਭਰ ਭਰਨ ॥ ਹਰਿ ਦਾਸਨ ਕੀ ਆਗਿਆ ਮਾਨਤ ਤੇ ਨਾਹੀ ਫੁਨਿ ਗਰਭ ਪਰਨ ॥੨॥ ਭਗਤਨ ਕੀ ਟਹਲ ਕਮਾਵਤ ਗਾਵਤ ਦੁਖ ਕਾਟੇ ਤਾ ਕੇ ਜਨਮ ਮਰਨ ॥ ਜਾ ਕਉ ਭਇਓ ਕ੍ਰਿਪਾਲੁ ਬੀਠੁਲਾ ਤਿਨਿ ਹਰਿ ਹਰਿ ਅਜਰ ਜਰਨ ॥੩॥ ਹਰਿ ਰਸਹਿ ਅਘਾਨੇ ਸਹਜਿ ਸਮਾਨੇ ਮੁਖ ਤੇ ਨਾਹੀ ਜਾਤ ਬਰਨ ॥ ਗੁਰ ਪ੍ਰਸਾਦਿ ਨਾਨਕ ਸੰਤੋਖੇ ਨਾਮੁ ਪ੍ਰਭੂ ਜਪਿ ਜਪਿ ਉਧਰਨ ॥੪॥੧੩॥ ਸਾਰਗ ਮਹਲਾ ੫ ॥ ਗਾਇਓ ਰੀ ਮੈ ਗੁਣ ਨਿਧਿ ਮੰਗਲ ਗਾਇਓ ॥ ਭਲੇ ਸੰਜੋਗ ਭਲੇ ਦਿਨ ਅਉਸਰ ਜਉ ਗੋਪਾਲੁ ਰੀਝਾਇਓ ॥੧॥ ਰਹਾਉ ॥ ਸੰਤਹ ਚਰਨ ਮੋਰਲੋ ਮਾਥਾ ॥ ਹਮਰੇ ਮਸਤਕਿ ਸੰਤ ਧਰੇ ਹਾਥਾ ॥੧॥ ਸਾਧਹ ਮੰਤ੍ਰੁ ਮੋਰਲੋ ਮਨੂਆ ॥ ਤਾ ਤੇ ਗਤੁ ਹੋਏ ਤ੍ਰੈ ਗੁਨੀਆ ॥੨॥ ਭਗਤਹ ਦਰਸੁ ਦੇਖਿ ਨੈਨ ਰੰਗਾ ॥ ਲੋਭ ਮੋਹ ਤੂਟੇ ਭ੍ਰਮ ਸੰਗਾ ॥੩॥ ਕਹੁ ਨਾਨਕ ਸੁਖ ਸਹਜ ਅਨੰਦਾ ॥ ਖੋਲ੍ਹਿ ਭੀਤਿ ਮਿਲੇ ਪਰਮਾਨੰਦਾ ॥੪॥੧੪॥

ਸਾਰਗ ਮਹਲਾ ੫ ਘਰੁ ੨ ੴ ਸਤਿਗੁਰ ਪ੍ਰਸਾਦਿ ॥

ਕੈਸੇ ਕਹਉ ਮੋਹਿ ਜੀਅ ਬੇਦਨਾਈ ॥ ਦਰਸਨ ਪਿਆਸ ਪ੍ਰਿਅ ਪ੍ਰੀਤਿ ਮਨੋਹਰ ਮਨੁ ਨ ਰਹੈ ਬਹੁ ਬਿਧਿ ਉਮਕਾਈ

॥੧॥ ਰਹਾਉ ॥ ਚਿਤਵਨਿ ਚਿਤਵਉ ਪ੍ਰਿਅ ਪ੍ਰੀਤਿ ਬੈਰਾਗੀ ਕਦਿ ਪਾਵਉ ਹਰਿ ਦਰਸਾਈ ॥ ਜਤਨ ਕਰਉ ਇਹੁ ਮਨੁ ਨਹੀ ਧੀਰੈ ਕੋਊ ਹੈ ਰੇ ਸੰਤੁ ਮਿਲਾਈ ॥੧॥ ਜਪ ਤਪ ਸੰਜਮ ਪੁੰਨ ਸਭਿ ਹੋਮਉ ਤਿਸੁ ਅਰਪਉ ਸਭਿ ਸੁਖ ਜਾਂਈ ॥ ਏਕ ਨਿਮਖ ਪ੍ਰਿਅ ਦਰਸੁ ਦਿਖਾਵੈ ਤਿਸੁ ਸੰਤਨ ਕੈ ਬਲਿ ਜਾਂਈ ॥੨॥ ਕਰਉ ਨਿਹੋਰਾ ਬਹੁਤੁ ਬੇਨਤੀ ਸੇਵਉ ਦਿਨੁ ਰੈਨਾਈ ॥ ਮਾਨੁ ਅਭਿਮਾਨੁ ਹਉ ਸਗਲ ਤਿਆਗਉ ਜੋ ਪ੍ਰਿਅ ਬਾਤ ਸੁਨਾਈ ॥੩॥ ਦੇਖਿ ਚਰਿਤ੍ਰ ਭਈ ਹਉ ਬਿਸਮਨਿ ਗੁਰਿ ਸਤਿਗੁਰਿ ਪੁਰਖਿ ਮਿਲਾਈ ॥ ਪ੍ਰਭ ਰੰਗ ਦਇਆਲ ਮੋਹਿ ਗ੍ਰਿਹ ਮਹਿ ਪਾਇਆ ਜਨ ਨਾਨਕ ਤਪਤਿ ਬੁਝਾਈ ॥੪॥੧॥੧੫॥ ਸਾਰਗ ਮਹਲਾ ੫ ॥ ਰੇ ਮੂੜ੍ਹੇ ਤੂ ਕਿਉ ਸਿਮਰਤ ਅਬ ਨਾਹੀ ॥ ਨਰਕ ਘੋਰ ਮਹਿ ਉਰਧ ਤਪੁ ਕਰਤਾ ਨਿਮਖ ਨਿਮਖ ਗੁਣ ਗਾਂਹੀ ॥੧॥ ਰਹਾਉ ॥ ਅਨਿਕ ਜਨਮ ਭ੍ਰਮਤੌ ਹੀ ਆਇਓ ਮਾਨਸ ਜਨਮੁ ਦੁਲਭਾਹੀ ॥ ਗਰਭ ਜੋਨਿ ਛੋਡਿ ਜਉ ਨਿਕਸਿਓ ਤਉ ਲਾਗੋ ਅਨ ਠਾਂਹੀ ॥੧॥ ਕਰਹਿ ਬੁਰਾਈ ਠਗਾਈ ਦਿਨੁ ਰੈਨਿ ਨਿਹਫਲ ਕਰਮ ਕਮਾਹੀ ॥ ਕਣੁ ਨਾਹੀ ਤੁਹ ਗਾਹਣ ਲਾਗੇ ਧਾਇ ਧਾਇ ਦੁਖ ਪਾਂਹੀ ॥੨॥ ਮਿਥਿਆ ਸੰਗਿ ਕੂੜਿ ਲਪਟਾਇਓ ਉਰਝਿ ਪਰਿਓ ਕੁਸਮਾਂਹੀ ॥ ਧਰਮ ਰਾਇ ਜਬ ਪਕਰਸਿ ਬਵਰੇ ਤਉ ਕਾਲ ਮੁਖਾ ਉਠਿ ਜਾਹੀ ॥੩॥ ਸੋ ਮਿਲਿਆ ਜੋ ਪ੍ਰਭੂ ਮਿਲਾਇਆ ਜਿਸੁ ਮਸਤਕਿ ਲੇਖੁ ਲਿਖਾਂਹੀ ॥ ਕਹੁ ਨਾਨਕ ਤਿਨ੍ਹ ਜਨ ਬਲਿਹਾਰੀ ਜੋ ਅਲਿਪ ਰਹੇ ਮਨ ਮਾਂਹੀ ॥੪॥੨॥੧੬॥ ਸਾਰਗ ਮਹਲਾ ੫ ॥ ਕਿਉ ਜੀਵਨੁ ਪ੍ਰੀਤਮ ਬਿਨੁ ਮਾਈ ॥ ਜਾ ਕੇ ਬਿਛੁਰਤ ਹੋਤ ਮਿਰਤਕਾ ਗ੍ਰਿਹ ਮਹਿ ਰਹਨੁ ਨ ਪਾਈ ॥੧॥ ਰਹਾਉ ॥ ਜੀਅ ਹੀਅ ਪ੍ਰਾਨ ਕੋ ਦਾਤਾ ਜਾ ਕੈ ਸੰਗਿ ਸੁਹਾਈ ॥ ਕਰਹੁ ਕ੍ਰਿਪਾ ਸੰਤਹੁ ਮੋਹਿ ਅਪੁਨੀ ਪ੍ਰਭ ਮੰਗਲ ਗੁਣ ਗਾਈ ॥੧॥ ਚਰਨ ਸੰਤਨ ਕੇ ਮਾਥੇ ਮੇਰੇ ਊਪਰਿ ਨੈਨਹੁ ਧੂਰਿ ਬਾਂਛਾਈ ॥ ਜਿਹ ਪ੍ਰਸਾਦਿ ਮਿਲੀਐ ਪ੍ਰਭ ਨਾਨਕ ਬਲਿ ਬਲਿ ਤਾ ਕੈ ਹਉ ਜਾਈ ॥੨॥੩॥੧੭॥ ਸਾਰਗ ਮਹਲਾ ੫ ॥ ਉਆ ਅਉਸਰ ਕੈ ਹਉ ਬਲਿ ਜਾਈ ॥ ਆਠ ਪਹਰ ਅਪਨਾ ਪ੍ਰਭੁ ਸਿਮਰਨੁ ਵਡਭਾਗੀ ਹਰਿ ਪਾਂਈ ॥੧॥ ਰਹਾਉ ॥ ਭਲੌ ਕਬੀਰੁ ਦਾਸੁ ਦਾਸਨ ਕੋ ਊਤਮੁ ਸੈਨੁ ਜਨੁ ਨਾਈ ॥ ਊਚ ਤੇ ਊਚ ਨਾਮਦੇਉ ਸਮਦਰਸੀ ਰਵਿਦਾਸ ਠਾਕੁਰ ਬਣਿ ਆਈ ॥੧॥ ਜੀਉ ਪਿੰਡੁ ਤਨੁ ਧਨੁ ਸਾਧਨ ਕਾ ਇਹੁ ਮਨੁ ਸੰਤ ਰੇਨਾਈ ॥ ਸੰਤ ਪ੍ਰਤਾਪਿ ਭਰਮ ਸਭਿ ਨਾਸੇ ਨਾਨਕ ਮਿਲੇ ਗੁਸਾਈ ॥੨॥੪॥੧੮॥ ਸਾਰਗ ਮਹਲਾ ੫ ॥ ਮਨੋਰਥ

ਪੂਰੇ ਸਤਿਗੁਰ ਆਪਿ ॥ ਸਗਲ ਪਦਾਰਥ ਸਿਮਰਨਿ ਜਾ ਕੈ ਆਠ ਪਹਰ ਮੇਰੇ ਮਨ ਜਾਪਿ ॥੧॥ ਰਹਾਉ ॥ ਅੰਮ੍ਰਿਤ ਨਾਮੁ ਸੁਆਮੀ ਤੇਰਾ ਜੋ ਪੀਵੈ ਤਿਸ ਹੀ ਤ੍ਰਿਪਤਾਸ ॥ ਜਨਮ ਜਨਮ ਕੇ ਕਿਲਬਿਖ ਨਾਸਹਿ ਆਗੈ ਦਰਗਹ ਹੋਇ ਖਲਾਸ ॥੧॥ ਸਰਨਿ ਤੁਮਾਰੀ ਆਇਓ ਕਰਤੇ ਪਾਰਬ੍ਰਹਮ ਪੂਰਨ ਅਬਿਨਾਸ ॥ ਕਰਿ ਕਿਰਪਾ ਤੇਰੇ ਚਰਨ ਧਿਆਵਉ ਨਾਨਕ ਮਨਿ ਤਨਿ ਦਰਸ ਪਿਆਸ ॥੨॥੫॥੧੯॥

ਸਾਰਗ ਮਹਲਾ ੫ ਘਰੁ ੩ ੴ ਸਤਿਗੁਰ ਪ੍ਰਸਾਦਿ ॥

ਮਨ ਕਹਾ ਲੁਭਾਈਐ ਆਨ ਕਉ ॥ ਈਤ ਊਤ ਪ੍ਰਭੁ ਸਦਾ ਸਹਾਈ ਜੀਅ ਸੰਗਿ ਤੇਰੇ ਕਾਮ ਕਉ ॥੧॥ ਰਹਾਉ ॥ ਅੰਮ੍ਰਿਤ ਨਾਮੁ ਪ੍ਰਿਅ ਪ੍ਰੀਤਿ ਮਨੋਹਰ ਇਹੈ ਅਘਾਵਨ ਪਾਂਨ ਕਉ ॥ ਅਕਾਲ ਮੂਰਤਿ ਹੈ ਸਾਧ ਸੰਤਨ ਕੀ ਠਾਹਰ ਨੀਕੀ ਧਿਆਨ ਕਉ ॥੧॥ ਬਾਣੀ ਮੰਤ੍ਰ ਮਹਾ ਪੁਰਖਨ ਕੀ ਮਨਹਿ ਉਤਾਰਨ ਮਾਂਨ ਕਉ ॥ ਖੋਜਿ ਲਹਿਓ ਨਾਨਕ ਸੁਖ ਥਾਨਾਂ ਹਰਿ ਨਾਮਾ ਬਿਸ੍ਰਾਮ ਕਉ ॥੨॥੧॥੨੦॥ ਸਾਰਗ ਮਹਲਾ ੫ ॥ ਮਨ ਸਦਾ ਮੰਗਲ ਗੋਬਿੰਦ ਗਾਇ ॥ ਰੋਗ ਸੋਗ ਤੇਰੇ ਮਿਟਹਿ ਸਗਲ ਅਘ ਨਿਮਖ ਹੀਐ ਹਰਿ ਨਾਮੁ ਧਿਆਇ ॥੧॥ ਰਹਾਉ ॥ ਛੋਡਿ ਸਿਆਨਪ ਬਹੁ ਚਤੁਰਾਈ ਸਾਧੂ ਸਰਣੀ ਜਾਇ ਪਾਇ ॥ ਜਉ ਹੋਇ ਕ੍ਰਿਪਾਲੁ ਦੀਨ ਦੁਖ ਭੰਜਨ ਜਮ ਤੇ ਹੋਵੈ ਧਰਮ ਰਾਇ ॥੧॥ ਏਕਸ ਬਿਨੁ ਨਾਹੀ ਕੋ ਦੂਜਾ ਆਨ ਨ ਬੀਓ ਲਵੈ ਲਾਇ ॥ ਮਾਤ ਪਿਤਾ ਭਾਈ ਨਾਨਕ ਕੋ ਸੁਖਦਾਤਾ ਹਰਿ ਪ੍ਰਾਨ ਸਾਇ ॥੨॥੨॥੨੧॥ ਸਾਰਗ ਮਹਲਾ ੫ ॥ ਹਰਿ ਜਨ ਸਗਲ ਉਧਾਰੇ ਸੰਗ ਕੇ ॥ ਭਏ ਪੁਨੀਤ ਪਵਿਤ੍ਰ ਮਨ ਜਨਮ ਜਨਮ ਕੇ ਦੁਖ ਹਰੇ ॥੧॥ ਰਹਾਉ ॥ ਮਾਰਗਿ ਚਲੇ ਤਿਨੀ ਸੁਖੁ ਪਾਇਆ ਜਿਨ੍ ਸਿਉ ਗੋਸਟਿ ਸੇ ਤਰੇ ॥ ਬੂਡਤ ਘੋਰ ਅੰਧ ਕੂਪ ਮਹਿ ਤੇ ਸਾਧੂ ਸੰਗਿ ਪਾਰਿ ਪਰੇ ॥੧॥ ਜਿਨ੍ ਕੇ ਭਾਗ ਬਡੇ ਹੈ ਭਾਈ ਤਿਨ੍ ਸਾਧੂ ਸੰਗਿ ਮੁਖ ਜੁਰੇ ॥ ਤਿਨ੍ ਕੀ ਧੂਰਿ ਬਾਂਛੈ ਨਿਤ ਨਾਨਕੁ ਪ੍ਰਭੁ ਮੇਰਾ ਕਿਰਪਾ ਕਰੇ ॥੨॥੩॥੨੨॥ ਸਾਰਗ ਮਹਲਾ ੫ ॥ ਹਰਿ ਜਨ ਰਾਮ ਰਾਮ ਰਾਮ ਧਿਆਂਏ ॥ ਏਕ ਪਲਕ ਸੁਖ ਸਾਧ ਸਮਾਗਮ ਕੋਟਿ ਬੈਕੁੰਠਹ ਪਾਂਏ ॥੧॥ ਰਹਾਉ ॥ ਦੁਲਭ ਦੇਹ ਜਪਿ ਹੋਤ ਪੁਨੀਤਾ ਜਮ ਕੀ ਤ੍ਰਾਸ ਨਿਵਾਰੈ ॥ ਮਹਾ ਪਤਿਤ ਕੇ ਪਾਤਿਕ ਉਤਰਹਿ ਹਰਿ ਨਾਮਾ ਉਰਿ ਧਾਰੈ ॥੧॥ ਜੋ ਜੋ ਸੁਨੈ ਰਾਮ ਜਸੁ ਨਿਰਮਲ ਤਾ ਕਾ ਜਨਮ ਮਰਣ ਦੁਖੁ ਨਾਸਾ ॥ ਕਹੁ ਨਾਨਕ ਪਾਈਐ ਵਡਭਾਗੀ ਮਨ ਤਨ ਹੋਇ ਬਿਗਾਸਾ

॥੨॥੪॥੨੩॥

ਸਾਰਗ ਮਹਲਾ ੫ ਦੁਪਦੇ ਘਰੁ ੪ ੴ ਸਤਿਗੁਰ ਪ੍ਰਸਾਦਿ ॥

ਮੋਹਨ ਘਰਿ ਆਵਹੁ ਕਰਉ ਜੋਦਰੀਆ ॥ ਮਾਨੁ ਕਰਉ ਅਭਿਮਾਨੈ ਬੋਲਉ ਭੂਲ ਚੂਕ ਤੇਰੀ ਪ੍ਰਿਅ ਚਿਰੀਆ ॥੧॥ ਰਹਾਉ ॥ ਨਿਕਟਿ ਸੁਨਉ ਅਰੁ ਪੇਖਉ ਨਾਹੀ ਭਰਮਿ ਭਰਮਿ ਦੁਖ ਭਰੀਆ ॥ ਹੋਇ ਕ੍ਰਿਪਾਲ ਗੁਰ ਲਾਹਿ ਪਾਰਦੋ ਮਿਲਉ ਲਾਲ ਮਨੁ ਹਰੀਆ ॥੧॥ ਏਕ ਨਿਮਖ ਜੇ ਬਿਸਰੈ ਸੁਆਮੀ ਜਾਨਉ ਕੋਟਿ ਦਿਨਸ ਲਖ ਬਰੀਆ ॥ ਸਾਧਸੰਗਤਿ ਕੀ ਭੀਰ ਜਉ ਪਾਈ ਤਉ ਨਾਨਕ ਹਰਿ ਸੰਗਿ ਮਿਰੀਆ ॥੨॥੧॥੨੪॥ ਸਾਰਗ ਮਹਲਾ ੫ ॥ ਅਬ ਕਿਆ ਸੋਚਉ ਸੋਚ ਬਿਸਾਰੀ ॥ ਕਰਣਾ ਸਾ ਸੋਈ ਕਰਿ ਰਹਿਆ ਦੇਹਿ ਨਾਉ ਬਲਿਹਾਰੀ ॥੧॥ ਰਹਾਉ ॥ ਚਹੁ ਦਿਸ ਫੂਲਿ ਰਹੀ ਬਿਖਿਆ ਬਿਖੁ ਗੁਰ ਮੰਤ੍ਰੁ ਮੂਖਿ ਗਰੁੜਾਰੀ ॥ ਹਾਥ ਦੇਇ ਰਾਖਿਓ ਕਰਿ ਅਪੁਨਾ ਜਿਉ ਜਲ ਕਮਲਾ ਅਲਿਪਾਰੀ ॥੧॥ ਹਉ ਨਾਹੀ ਕਿਛੁ ਮੈ ਕਿਆ ਹੋਸਾ ਸਭ ਤੁਮ ਹੀ ਕਲ ਧਾਰੀ ॥ ਨਾਨਕ ਭਾਗਿ ਪਰਿਓ ਹਰਿ ਪਾਛੈ ਰਾਖੁ ਸੰਤ ਸਦਕਾਰੀ ॥੨॥੨॥੨੫॥ ਸਾਰਗ ਮਹਲਾ ੫ ॥ ਅਬ ਮੋਹਿ ਸਰਬ ਉਪਾਵ ਬਿਰਕਾਤੇ ॥ ਕਰਣ ਕਾਰਣ ਸਮਰਥ ਸੁਆਮੀ ਹਰਿ ਏਕਸੁ ਤੇ ਮੇਰੀ ਗਾਤੇ ॥੧॥ ਰਹਾਉ ॥ ਦੇਖੇ ਨਾਨਾ ਰੂਪ ਬਹੁ ਰੰਗਾ ਅਨ ਨਾਹੀ ਤੁਮ ਭਾਂਤੇ ॥ ਦੇਂਹਿ ਅਧਾਰੁ ਸਰਬ ਕਉ ਠਾਕੁਰ ਜੀਅ ਪ੍ਰਾਨ ਸੁਖਦਾਤੇ ॥੧॥ ਭ੍ਰਮਤੌ ਭ੍ਰਮਤੌ ਹਾਰਿ ਜਉ ਪਰਿਓ ਤਉ ਗੁਰ ਮਿਲਿ ਚਰਨ ਪਰਾਤੇ ॥ ਕਹੁ ਨਾਨਕ ਮੈ ਸਰਬ ਸੁਖੁ ਪਾਇਆ ਇਹ ਸੂਖਿ ਬਿਹਾਨੀ ਰਾਤੇ ॥੨॥੩॥੨੬॥ ਸਾਰਗ ਮਹਲਾ ੫ ॥ ਅਬ ਮੋਹਿ ਲਬਧਿਓ ਹੈ ਹਰਿ ਟੇਕਾ ॥ ਗੁਰ ਦਇਆਲ ਭਏ ਸੁਖਦਾਈ ਅੰਧੁਲੈ ਮਾਣਿਕੁ ਦੇਖਾ ॥੧॥ ਰਹਾਉ ॥ ਕਾਟੇ ਅਗਿਆਨ ਤਿਮਰ ਨਿਰਮਲੀਆ ਬੁਧਿ ਬਿਗਾਸ ਬਿਬੇਕਾ ॥ ਜਿਉ ਜਲ ਤਰੰਗ ਫੇਨੁ ਜਲ ਹੋਈ ਹੈ ਸੇਵਕ ਠਾਕੁਰ ਭਏ ਏਕਾ ॥੧॥ ਜਹ ਤੇ ਉਠਿਓ ਤਹ ਹੀ ਆਇਓ ਸਭ ਹੀ ਏਕੈ ਏਕਾ ॥ ਨਾਨਕ ਦ੍ਰਿਸਟਿ ਆਇਓ ਸ੍ਰਬ ਠਾਈ ਪ੍ਰਾਣਪਤੀ ਹਰਿ ਸਮਕਾ ॥੨॥੪॥੨੭॥ ਸਾਰਗ ਮਹਲਾ ੫ ॥ ਮੇਰਾ ਮਨੁ ਏਕੈ ਹੀ ਪ੍ਰਿਅ ਮਾਂਗੈ ॥ ਪੇਖਿ ਆਇਓ ਸਰਬ ਥਾਨ ਦੇਸ ਪ੍ਰਿਅ ਰੋਮ ਨ ਸਮਸਰਿ ਲਾਗੈ ॥੧॥ ਰਹਾਉ ॥ ਮੈ ਨੀਰੇ ਅਨਿਕ ਭੋਜਨ ਬਹੁ ਬਿੰਜਨ ਤਿਨ ਸਿਉ ਦ੍ਰਿਸਟਿ ਨ ਕਰੈ ਰੁਚਾਂਗੈ ॥ ਹਰਿ ਰਸੁ ਚਾਹੈ ਪ੍ਰਿਅ ਪ੍ਰਿਅ ਮੁਖਿ ਟੇਰੈ ਜਿਉ ਅਲਿ ਕਮਲਾ ਲੋਭਾਂਗੈ

॥੧॥ ਗੁਣ ਨਿਧਾਨ ਮਨਮੋਹਨ ਲਾਲਨ ਸੁਖਦਾਈ ਸਰਬਾਂਗੈ ॥ ਗੁਰਿ ਨਾਨਕ ਪ੍ਰਭ ਪਾਹਿ ਪਠਾਇਓ ਮਿਲਹੁ ਸਖਾ ਗਲਿ ਲਾਗੈ ॥੨॥੫॥੨੮॥ ਸਾਰਗ ਮਹਲਾ ੫ ॥ ਅਬ ਮੋਰੋ ਠਾਕੁਰ ਸਿਉ ਮਨੁ ਮਾਨਾਂ ॥ ਸਾਧ ਕ੍ਰਿਪਾਲ ਦਇਆਲ ਭਏ ਹੈ ਇਹੁ ਛੇਦਿਓ ਦੁਸਟੁ ਬਿਗਾਨਾ ॥੧॥ ਰਹਾਉ ॥ ਤੁਮ ਹੀ ਸੁੰਦਰ ਤੁਮਹਿ ਸਿਆਨੇ ਤੁਮ ਹੀ ਸੁਘਰ ਸੁਜਾਨਾ ॥ ਸਗਲ ਜੋਗ ਅਰੁ ਗਿਆਨ ਧਿਆਨ ਇਕ ਨਿਮਖ ਨ ਕੀਮਤਿ ਜਾਨਾਂ ॥੧॥ ਤੁਮ ਹੀ ਨਾਇਕ ਤੁਮ੍ਹ੍ਹਿ ਛਤ੍ਰਪਤਿ ਤੁਮ ਪੂਰਿ ਰਹੇ ਭਗਵਾਨਾ ॥ ਪਾਵਉ ਦਾਨੁ ਸੰਤ ਸੇਵਾ ਹਰਿ ਨਾਨਕ ਸਦ ਕੁਰਬਾਨਾਂ ॥੨॥੬॥੨੯॥ ਸਾਰਗ ਮਹਲਾ ੫ ॥ ਮੇਰੈ ਮਨਿ ਚੀਤਿ ਆਏ ਪ੍ਰਿਅ ਰੰਗਾ ॥ ਬਿਸਰਿਓ ਧੰਧੁ ਬੰਧੁ ਮਾਇਆ ਕੋ ਰਜਨਿ ਸਬਾਈ ਜੰਗਾ ॥੧॥ ਰਹਾਉ ॥ ਹਰਿ ਸੇਵਉ ਹਰਿ ਰਿਦੈ ਬਸਾਵਉ ਹਰਿ ਪਾਇਆ ਸਤਸੰਗਾ ॥ ਐਸੋ ਮਿਲਿਓ ਮਨੋਹਰੁ ਪ੍ਰੀਤਮੁ ਸੁਖ ਪਾਏ ਮੁਖ ਮੰਗਾ ॥੧॥ ਪ੍ਰਿਉ ਅਪਨਾ ਗੁਰਿ ਬਸਿ ਕਰਿ ਦੀਨਾ ਭੋਗਉ ਭੋਗ ਨਿਸੰਗਾ ॥ ਨਿਰਭਉ ਭਏ ਨਾਨਕ ਭਉ ਮਿਟਿਆ ਹਰਿ ਪਾਇਓ ਪਾਠੰਗਾ ॥੨॥੭॥੩੦॥ ਸਾਰਗ ਮਹਲਾ ੫ ॥ ਹਰਿ ਜੀਉ ਕੇ ਦਰਸਨ ਕਉ ਕੁਰਬਾਨੀ ॥ ਬਚਨ ਨਾਦ ਮੇਰੇ ਸ੍ਰਵਨਹੁ ਪੂਰੇ ਦੇਹਾ ਪ੍ਰਿਅ ਅੰਕਿ ਸਮਾਨੀ ॥੧॥ ਰਹਾਉ ॥ ਛੂਟਰਿ ਤੇ ਗੁਰਿ ਕੀਈ ਸੋੁਹਾਗਨਿ ਹਰਿ ਪਾਇਓ ਸੁਘੜ ਸੁਜਾਨੀ ॥ ਜਿਹ ਘਰ ਮਹਿ ਬੈਸਨੁ ਨਹੀ ਪਾਵਤ ਸੋ ਥਾਨੁ ਮਿਲਿਓ ਬਾਸਾਨੀ ॥੧॥ ਉਨ੍ਹ੍ ਕੈ ਬਸਿ ਆਇਓ ਭਗਤਿ ਬਛਲੁ ਜਿਨਿ ਰਾਖੀ ਆਨ ਸੰਤਾਨੀ ॥ ਕਹੁ ਨਾਨਕ ਹਰਿ ਸੰਗਿ ਮਨੁ ਮਾਨਿਆ ਸਭ ਚੂਕੀ ਕਾਣਿ ਲੋੁਕਾਨੀ ॥੨॥੮॥੩੧॥ ਸਾਰਗ ਮਹਲਾ ੫ ॥ ਅਬ ਮੇਰੋ ਪੰਚਾ ਤੇ ਸੰਗੁ ਤੂਟਾ ॥ ਦਰਸਨੁ ਦੇਖਿ ਭਏ ਮਨਿ ਆਨਦ ਗੁਰ ਕਿਰਪਾ ਤੇ ਛੂਟਾ ॥੧॥ ਰਹਾਉ ॥ ਬਿਖਮ ਥਾਨ ਬਹੁਤ ਬਹੁ ਧਰੀਆ ਅਨਿਕ ਰਾਖ ਸੂਰੂਟਾ ॥ ਬਿਖਮ ਗਾਰ੍ਹੁ ਕਰੁ ਪਹੁਚੈ ਨਾਹੀ ਸੰਤ ਸਾਨਥ ਭਏ ਲੂਟਾ ॥੧॥ ਬਹੁਤੁ ਖਜਾਨੇ ਮੇਰੈ ਪਾਲੈ ਪਰਿਆ ਅਮੋਲ ਲਾਲ ਆਖੂਟਾ ॥ ਜਨ ਨਾਨਕ ਪ੍ਰਭਿ ਕਿਰਪਾ ਧਾਰੀ ਤਉ ਮਨ ਮਹਿ ਹਰਿ ਰਸੁ ਘੂਟਾ ॥੨॥੯॥੩੨॥ ਸਾਰਗ ਮਹਲਾ ੫ ॥ ਅਬ ਮੇਰੋ ਠਾਕੁਰ ਸਿਉ ਮਨੁ ਲੀਨਾ ॥ ਪ੍ਰਾਨ ਦਾਨੁ ਗੁਰਿ ਪੂਰੈ ਦੀਆ ਉਰਝਾਇਓ ਜਿਉ ਜਲ ਮੀਨਾ ॥੧॥ ਰਹਾਉ ॥ ਕਾਮ ਕ੍ਰੋਧ ਲੋਭ ਮਦ ਮਤਸਰ ਇਹ ਅਰਪਿ ਸਗਲ ਦਾਨੁ ਕੀਨਾ ॥ ਮੰਤ੍ਰ ਦ੍ਰਿੜਾਇ ਹਰਿ ਅਉਖਧੁ ਗੁਰਿ ਦੀਓ ਤਉ ਮਿਲਿਓ ਸਗਲ ਪ੍ਰਬੀਨਾ ॥੧॥ ਗ੍ਰਿਹੁ ਤੇਰਾ ਤੂ

ਠਾਕੁਰੁ ਮੇਰਾ ਗੁਰਿ ਹਉ ਖੋਈ ਪ੍ਰਭੁ ਦੀਨਾ ॥ ਕਹੁ ਨਾਨਕ ਮੈ ਸਹਜ ਘਰੁ ਪਾਇਆ ਹਰਿ ਭਗਤਿ ਭੰਡਾਰ ਖਜੀਨਾ ॥੨॥੧੦॥੩੩॥ ਸਾਰਗ ਮਹਲਾ ੫ ॥ ਮੋਹਨ ਸਭਿ ਜੀਅ ਤੇਰੇ ਤੂ ਤਾਰਹਿ ॥ ਛੁਟਹਿ ਸੰਘਾਰ ਨਿਮਖ ਕਿਰਪਾ ਤੇ ਕੋਟਿ ਬ੍ਰਹਮੰਡ ਉਧਾਰਹਿ ॥੧॥ ਰਹਾਉ ॥ ਕਰਹਿ ਅਰਦਾਸਿ ਬਹੁਤੁ ਬੇਨੰਤੀ ਨਿਮਖ ਨਿਮਖ ਸਾਮ੍ਾਰਹਿ ॥ ਹੋਹੁ ਕ੍ਰਿਪਾਲ ਦੀਨ ਦੁਖ ਭੰਜਨ ਹਾਥ ਦੇਇ ਨਿਸਤਾਰਹਿ ॥੧॥ ਕਿਆ ਏ ਭੂਪਤਿ ਬਪੁਰੇ ਕਹੀਅਹਿ ਕਹੁ ਏ ਕਿਸ ਨੋ ਮਾਰਹਿ ॥ ਰਾਖੁ ਰਾਖੁ ਰਾਖੁ ਸੁਖਦਾਤੇ ਸਭੁ ਨਾਨਕ ਜਗਤੁ ਤੁਮ੍ਾਰਹਿ ॥੨॥੧੧॥੩੪॥ ਸਾਰਗ ਮਹਲਾ ੫ ॥ ਅਬ ਮੋਹਿ ਧਨੁ ਪਾਇਓ ਹਰਿ ਨਾਮਾ ॥ ਭਏ ਅਚਿੰਤ ਤ੍ਰਿਸਨ ਸਭ ਬੁਝੀ ਹੈ ਇਹੁ ਲਿਖਿਓ ਲੇਖੁ ਮਥਾਮਾ ॥੧॥ ਰਹਾਉ ॥ ਖੋਜਤ ਖੋਜਤ ਭਇਓ ਬੈਰਾਗੀ ਫਿਰਿ ਆਇਓ ਦੇਹ ਗਿਰਾਮਾ ॥ ਗੁਰਿ ਕ੍ਰਿਪਾਲਿ ਸਉਦਾ ਇਹੁ ਜੋਰਿਓ ਹਥਿ ਚਰਿਓ ਲਾਲੁ ਅਗਾਮਾ ॥੧॥ ਆਨ ਬਾਪਾਰ ਬਨਜ ਜੋ ਕਰੀਅਹਿ ਤੇਤੇ ਦੂਖ ਸਹਾਮਾ ॥ ਗੋਬਿਦ ਭਜਨ ਕੇ ਨਿਰਭੈ ਵਾਪਾਰੀ ਹਰਿ ਰਾਸਿ ਨਾਨਕ ਰਾਮ ਨਾਮਾ ॥੨॥੧੨॥੩੫॥ ਸਾਰਗ ਮਹਲਾ ੫ ॥ ਮੇਰੈ ਮਨਿ ਮਿਸਟ ਲਗੇ ਪ੍ਰਿਅ ਬੋਲਾ ॥ ਗੁਰਿ ਬਾਹ ਪਕਰਿ ਪ੍ਰਭ ਸੇਵਾ ਲਾਏ ਸਦ ਦਇਆਲੁ ਹਰਿ ਢੋਲਾ ॥੧॥ ਰਹਾਉ ॥ ਪ੍ਰਭ ਤੂ ਠਾਕੁਰੁ ਸਰਬ ਪ੍ਰਤਿਪਾਲਕੁ ਮੋਹਿ ਕਲਤ੍ਰ ਸਹਿਤ ਸਭਿ ਗੋਲਾ ॥ ਮਾਣੁ ਤਾਣੁ ਸਭੁ ਤੂਹੈ ਤੂਹੈ ਇਕੁ ਨਾਮੁ ਤੇਰਾ ਮੈ ਓਲ੍ਾ ॥੧॥ ਜੇ ਤਖਤਿ ਬੈਸਾਲਹਿ ਤਉ ਦਾਸ ਤੁਮ੍ਾਰੇ ਘਾਸੁ ਬਢਾਵਹਿ ਕੇਤਕ ਬੋਲਾ ॥ ਜਨ ਨਾਨਕ ਕੇ ਪ੍ਰਭ ਪੁਰਖ ਬਿਧਾਤੇ ਮੇਰੇ ਠਾਕੁਰ ਅਗਹ ਅਤੋਲਾ ॥੨॥੧੩॥੩੬॥ ਸਾਰਗ ਮਹਲਾ ੫ ॥ ਰਸਨਾ ਰਾਮ ਕਹਤ ਗੁਣ ਸੋਹੰ ॥ ਏਕ ਨਿਮਖ ਓਪਾਇ ਸਮਾਵੈ ਦੇਖਿ ਚਰਿਤ ਮਨ ਮੋਹੰ ॥੧॥ ਰਹਾਉ ॥ ਜਿਸੁ ਸੁਣਿਐ ਮਨਿ ਹੋਇ ਰਹਸੁ ਅਤਿ ਰਿਦੈ ਮਾਨ ਦੁਖ ਜੋਹੰ ॥ ਸੁਖੁ ਪਾਇਓ ਦੁਖੁ ਦੂਰਿ ਪਰਾਇਓ ਬਣਿ ਆਈ ਪ੍ਰਭ ਤੋਹੰ ॥੧॥ ਕਿਲਵਿਖ ਗਏ ਮਨ ਨਿਰਮਲ ਹੋਈ ਹੈ ਗੁਰਿ ਕਾਢੇ ਮਾਇਆ ਦ੍ਰੋਹੰ ॥ ਕਹੁ ਨਾਨਕ ਮੈ ਸੋ ਪ੍ਰਭੁ ਪਾਇਆ ਕਰਣ ਕਾਰਣ ਸਮਰਥੋਹੰ ॥੨॥੧੪॥੩੭॥ ਸਾਰਗ ਮਹਲਾ ੫ ॥ ਨੈਨਹੁ ਦੇਖਿਓ ਚਲਤੁ ਤਮਾਸਾ ॥ ਸਭ ਹੂ ਦੂਰਿ ਸਭ ਹੂ ਤੇ ਨੇਰੈ ਅਗਮ ਅਗਮ ਘਟ ਵਾਸਾ ॥੧॥ ਰਹਾਉ ॥ ਅਭੂਲੁ ਨ ਭੂਲੈ ਲਿਖਿਓ ਨ ਚਲਾਵੈ ਮਤਾ ਨ ਕਰੈ ਪਚਾਸਾ ॥ ਖਿਨ ਮਹਿ ਸਾਜਿ ਸਵਾਰਿ ਬਿਨਾਹੈ ਭਗਤਿ ਵਛਲ ਗੁਣਤਾਸਾ ॥੧॥ ਅੰਧ ਕੂਪ ਮਹਿ ਦੀਪਕੁ ਬਲਿਓ ਗੁਰਿ ਰਿਦੈ ਕੀਓ

ਪਰਗਾਸਾ ॥ ਕਹੁ ਨਾਨਕ ਦਰਸੁ ਪੇਖਿ ਸੁਖੁ ਪਾਇਆ ਸਭ ਪੂਰਨ ਹੋਈ ਆਸਾ ॥੨॥੧੫॥੩੮॥ ਸਾਰਗ ਮਹਲਾ ੫ ॥ ਚਰਨਹ ਗੋਬਿੰਦ ਮਾਰਗੁ ਸੁਹਾਵਾ ॥ ਆਨ ਮਾਰਗ ਜੇਤਾ ਕਿਛੁ ਧਾਈਐ ਤੇਤੋ ਹੀ ਦੁਖੁ ਹਾਵਾ ॥੧॥ ਰਹਾਉ ॥ ਨੇਤ੍ਰ ਪੁਨੀਤ ਭਏ ਦਰਸੁ ਪੇਖੇ ਹਸਤ ਪੁਨੀਤ ਟਹਲਾਵਾ ॥ ਰਿਦਾ ਪੁਨੀਤ ਰਿਦੈ ਹਰਿ ਬਸਿਓ ਮਸਤ ਪੁਨੀਤ ਸੰਤ ਧੂਰਾਵਾ ॥੧॥ ਸਰਬ ਨਿਧਾਨ ਨਾਮਿ ਹਰਿ ਹਰਿ ਕੈ ਜਿਸੁ ਕਰਮਿ ਲਿਖਿਆ ਤਿਨਿ ਪਾਵਾ ॥ ਜਨ ਨਾਨਕ ਕਉ ਗੁਰੁ ਪੂਰਾ ਭੇਟਿਓ ਸੁਖਿ ਸਹਜੇ ਅਨਦ ਬਿਹਾਵਾ ॥੨॥੧੬॥੩੯॥ ਸਾਰਗ ਮਹਲਾ ੫ ॥ ਧਿਆਇਓ ਅੰਤਿ ਬਾਰ ਨਾਮੁ ਸਖਾ ॥ ਜਹ ਮਾਤ ਪਿਤਾ ਸੁਤ ਭਾਈ ਨ ਪਹੁਚੈ ਤਹਾ ਤਹਾ ਤੂ ਰਖਾ ॥੧॥ ਰਹਾਉ ॥ ਅੰਧ ਕੂਪ ਗ੍ਰਿਹ ਮਹਿ ਤਿਨਿ ਸਿਮਰਿਓ ਜਿਸੁ ਮਸਤਕਿ ਲੇਖੁ ਲਿਖਾ ॥ ਖੂਲੇ੍ ਬੰਧਨ ਮੁਕਤਿ ਗੁਰਿ ਕੀਨੀ ਸਭ ਤੂਹੈ ਤੁਹੀ ਦਿਖਾ ॥੧॥ ਅੰਮ੍ਰਿਤ ਨਾਮੁ ਪੀਆ ਮਨੁ ਤ੍ਰਿਪਤਿਆ ਆਘਾਏ ਰਸਨ ਚਖਾ ॥ ਕਹੁ ਨਾਨਕ ਸੁਖ ਸਹਜੁ ਮੈ ਪਾਇਆ ਗੁਰਿ ਲਾਹੀ ਸਗਲ ਤਿਖਾ ॥੨॥੧੭॥੪੦॥ ਸਾਰਗ ਮਹਲਾ ੫ ॥ ਗੁਰ ਮਿਲਿ ਐਸੇ ਪ੍ਰਭੂ ਧਿਆਇਆ ॥ ਭਇਓ ਕ੍ਰਿਪਾਲੁ ਦਇਆਲੁ ਦੁਖ ਭੰਜਨੁ ਲਗੈ ਨ ਤਾਤੀ ਬਾਇਆ ॥੧॥ ਰਹਾਉ ॥ ਜੇਤੇ ਸਾਸ ਸਾਸ ਹਮ ਲੇਤੇ ਤੇਤੇ ਹੀ ਗੁਣ ਗਾਇਆ ॥ ਨਿਮਖ ਨ ਬਿਛੁਰੈ ਘਰੀ ਨ ਬਿਸਰੈ ਸਦ ਸੰਗੇ ਜਤ ਜਾਇਆ ॥੧॥ ਹਉ ਬਲਿ ਬਲਿ ਬਲਿ ਬਲਿ ਚਰਨ ਕਮਲ ਕਉ ਬਲਿ ਬਲਿ ਗੁਰ ਦਰਸਾਇਆ ॥ ਕਹੁ ਨਾਨਕ ਕਾਹੂ ਪਰਵਾਹਾ ਜਉ ਸੁਖ ਸਾਗਰੁ ਮੈ ਪਾਇਆ ॥੨॥੧੮॥੪੧॥ ਸਾਰਗ ਮਹਲਾ ੫ ॥ ਮੇਰੈ ਮਨਿ ਸਬਦੁ ਲਗੋ ਗੁਰ ਮੀਠਾ ॥ ਖੁਲਿ੍ਓ ਕਰਮੁ ਭਇਓ ਪਰਗਾਸਾ ਘਟਿ ਘਟਿ ਹਰਿ ਹਰਿ ਡੀਠਾ ॥੧॥ ਰਹਾਉ ॥ ਪਾਰਬ੍ਰਹਮ ਆਜੋਨੀ ਸੰਭਉ ਸਰਬ ਥਾਨ ਘਟ ਬੀਠਾ ॥ ਭਇਓ ਪਰਾਪਤਿ ਅੰਮ੍ਰਿਤ ਨਾਮਾ ਬਲਿ ਬਲਿ ਪ੍ਰਭ ਚਰਣੀਠਾ ॥੧॥ ਸਤਸੰਗਤਿ ਕੀ ਰੇਣੁ ਮੁਖਿ ਲਾਗੀ ਕੀਏ ਸਗਲ ਤੀਰਥ ਮਜਨੀਠਾ ॥ ਕਹੁ ਨਾਨਕ ਰੰਗਿ ਚਲੂਲ ਭਏ ਹੈ ਹਰਿ ਰੰਗੁ ਨ ਲਹੈ ਮਜੀਠਾ ॥੨॥੧੯॥੪੨॥ ਸਾਰਗ ਮਹਲਾ ੫ ॥ ਹਰਿ ਹਰਿ ਨਾਮੁ ਦੀਓ ਗੁਰਿ ਸਾਥੇ ॥ ਨਿਮਖ ਬਚਨੁ ਪ੍ਰਭ ਹੀਅਰੈ ਬਸਿਓ ਸਗਲ ਭੂਖ ਮੇਰੀ ਲਾਥੇ ॥੧॥ ਰਹਾਉ ॥ ਕ੍ਰਿਪਾ ਨਿਧਾਨ ਗੁਣ ਨਾਇਕ ਠਾਕੁਰ ਸੁਖ ਸਮੂਹ ਸਭ ਨਾਥੇ ॥ ਏਕ ਆਸ ਮੋਹਿ ਤੇਰੀ ਸੁਆਮੀ ਅਉਰ ਦੁਤੀਆ ਆਸ ਬਿਰਾਥੇ ॥੧॥ ਨੈਣ

ਤ੍ਰਿਪਤਾਸੇ ਦੇਖਿ ਦਰਸਾਵਾ ਗੁਰਿ ਕਰ ਧਾਰੇ ਮੇਰੈ ਮਾਥੇ ॥ ਕਹੁ ਨਾਨਕ ਮੈ ਅਤੁਲ ਸੁਖੁ ਪਾਇਆ ਜਨਮ ਮਰਣ ਭੈ ਲਾਥੇ ॥੨॥੨੦॥੪੩॥ ਸਾਰਗ ਮਹਲਾ ੫ ॥ ਰੇ ਮੂੜ੍ਹੇ ਆਨ ਕਾਹੇ ਕਤ ਜਾਈ ॥ ਸੰਗਿ ਮਨੋਹਰੁ ਅੰਮ੍ਰਿਤੁ ਹੈ ਰੇ ਭੂਲਿ ਭੂਲਿ ਬਿਖੁ ਖਾਈ ॥੧॥ ਰਹਾਉ ॥ ਪ੍ਰਭ ਸੁੰਦਰ ਚਤੁਰ ਅਨੂਪ ਬਿਧਾਤੇ ਤਿਸ ਸਿਉ ਰੁਚ ਨਹੀ ਰਾਈ ॥ ਮੋਹਨਿ ਸਿਉ ਬਾਵਰ ਮਨੁ ਮੋਹਿਓ ਝੂਠਿ ਠਗਉਰੀ ਪਾਈ ॥੧॥ ਭਇਓ ਦਇਆਲੁ ਕ੍ਰਿਪਾਲੁ ਦੁਖ ਹਰਤਾ ਸੰਤਨ ਸਿਉ ਬਨਿ ਆਈ ॥ ਸਗਲ ਨਿਧਾਨ ਘਰੈ ਮਹਿ ਪਾਏ ਕਹੁ ਨਾਨਕ ਜੋਤਿ ਸਮਾਈ ॥੨॥੨੧॥੪੪॥ ਸਾਰਗ ਮਹਲਾ ੫ ॥ ਓਅੰ ਪ੍ਰਿਅ ਪ੍ਰੀਤਿ ਚੀਤਿ ਪਹਿਲਰੀਆ ॥ ਜੋ ਤਉ ਬਚਨੁ ਦੀਓ ਮੇਰੇ ਸਤਿਗੁਰ ਤਉ ਮੈ ਸਾਜ ਸੀਗਰੀਆ ॥੧॥ ਰਹਾਉ ॥ ਹਮ ਭੂਲਹ ਤੁਮ ਸਦਾ ਅਭੂਲਾ ਹਮ ਪਤਿਤ ਤੁਮ ਪਤਿਤ ਉਧਰੀਆ ॥ ਹਮ ਨੀਚ ਬਿਰਖ ਤੁਮ ਮੈਲਾਗਰ ਲਾਜ ਸੰਗਿ ਸੰਗਿ ਬਸਰੀਆ ॥੧॥ ਤੁਮ ਗੰਭੀਰ ਧੀਰ ਉਪਕਾਰੀ ਹਮ ਕਿਆ ਬਪੁਰੇ ਜੰਤਰੀਆ ॥ ਗੁਰ ਕ੍ਰਿਪਾਲ ਨਾਨਕ ਹਰਿ ਮੇਲਿਓ ਤਉ ਮੇਰੀ ਸੂਖਿ ਸੇਜਰੀਆ ॥੨॥੨੨॥੪੫॥ ਸਾਰਗ ਮਹਲਾ ੫ ॥ ਮਨ ਓਇ ਦਿਨਸ ਧੰਨਿ ਪਰਵਾਨਾਂ ॥ ਸਫਲ ਤੇ ਘਰੀ ਸੰਜੋਗ ਸੁਹਾਵੇ ਸਤਿਗੁਰ ਸੰਗਿ ਗਿਆਨਾਂ ॥੧॥ ਰਹਾਉ ॥ ਧੰਨਿ ਸੁਭਾਗ ਧੰਨਿ ਸੋਹਾਗਾ ਧੰਨਿ ਦੇਤ ਜਿਨਿ ਮਾਨਾਂ ॥ ਇਹੁ ਤਨੁ ਤੁਮ੍ਰਾ ਸਭੁ ਗ੍ਰਿਹੁ ਧਨੁ ਤੁਮ੍ਰਾ ਹੀਂਉ ਕੀਓ ਕੁਰਬਾਨਾਂ ॥੧॥ ਕੋਟਿ ਲਾਖ ਰਾਜ ਸੁਖ ਪਾਏ ਇਕ ਨਿਮਖ ਪੇਖਿ ਦ੍ਰਿਸਟਾਨਾਂ ॥ ਜਉ ਕਹਹੁ ਮੁਖਹੁ ਸੇਵਕ ਇਹ ਬੈਸੀਐ ਸੁਖ ਨਾਨਕ ਅੰਤੁ ਨ ਜਾਨਾਂ ॥੨॥੨੩॥੪੬॥ ਸਾਰਗ ਮਹਲਾ ੫ ॥ ਅਬ ਮੋਰੋ ਸਹਸਾ ਦੂਖੁ ਗਇਆ ॥ ਅਉਰ ਉਪਾਵ ਸਗਲ ਤਿਆਗਿ ਛੋਡੇ ਸਤਿਗੁਰ ਸਰਣਿ ਪਇਆ ॥੧॥ ਰਹਾਉ ॥ ਸਰਬ ਸਿਧਿ ਕਾਰਜ ਸਭਿ ਸਵਰੇ ਅਹੰ ਰੋਗ ਸਗਲ ਹੀ ਖਇਆ ॥ ਕੋਟਿ ਪਰਾਧ ਖਿਨ ਮਹਿ ਖਉ ਭਈ ਹੈ ਗੁਰ ਮਿਲਿ ਹਰਿ ਹਰਿ ਕਹਿਆ ॥੧॥ ਪੰਚ ਦਾਸ ਗੁਰਿ ਵਸਗਤਿ ਕੀਨੇ ਮਨ ਨਿਹਚਲ ਨਿਰਭਇਆ ॥ ਆਇ ਨ ਜਾਵੈ ਨ ਕਤ ਹੀ ਡੋਲੈ ਥਿਰੁ ਨਾਨਕ ਰਾਜਇਆ ॥੨॥੨੪॥੪੭॥ ਸਾਰਗ ਮਹਲਾ ੫ ॥ ਪ੍ਰਭੁ ਮੇਰੋ ਇਤ ਉਤ ਸਦਾ ਸਹਾਈ ॥ ਮਨਮੋਹਨੁ ਮੇਰੇ ਜੀਅ ਕੋ ਪਿਆਰੋ ਕਵਨ ਕਹਾ ਗੁਨ ਗਾਈ ॥੧॥ ਰਹਾਉ ॥ ਖੇਲਿ ਖਿਲਾਇ ਲਾਡ ਲਾਡਾਵੈ ਸਦਾ ਸਦਾ ਅਨਦਾਈ ॥ ਪ੍ਰਤਿਪਾਲੈ ਬਾਰਿਕ ਕੀ ਨਿਆਈ ਜੈਸੇ ਮਾਤ ਪਿਤਾਈ ॥੧॥ ਤਿਸੁ ਬਿਨੁ ਨਿਮਖ ਨਹੀ ਰਹਿ ਸਕੀਐ ਬਿਸਰਿ ਨ ਕਬਹੂ

ਜਾਈ ॥ ਕਹੁ ਨਾਨਕ ਮਿਲਿ ਸੰਤਸੰਗਤਿ ਤੇ ਮਗਨ ਭਏ ਲਿਵ ਲਾਈ ॥੨॥੨੫॥੪੮॥ ਸਾਰਗ ਮਹਲਾ ੫ ॥ ਅਪਨਾ ਮੀਤੁ ਸੁਆਮੀ ਗਾਈਐ ॥ ਆਸ ਨ ਅਵਰ ਕਾਹੂ ਕੀ ਕੀਜੈ ਸੁਖਦਾਤਾ ਪ੍ਰਭੁ ਧਿਆਈਐ ॥੧॥ ਰਹਾਉ ॥ ਸੂਖ ਮੰਗਲ ਕਲਿਆਣ ਜਿਸਹਿ ਘਰਿ ਤਿਸ ਹੀ ਸਰਣੀ ਪਾਈਐ ॥ ਤਿਸਹਿ ਤਿਆਗਿ ਮਾਨੁਖੁ ਜੇ ਸੇਵਹੁ ਤਉ ਲਾਜ ਲੋਨੁ ਹੋਇ ਜਾਈਐ ॥੧॥ ਏਕ ਓਟ ਪਕਰੀ ਠਾਕੁਰ ਕੀ ਗੁਰ ਮਿਲਿ ਮਤਿ ਬੁਧਿ ਪਾਈਐ ॥ ਗੁਣ ਨਿਧਾਨ ਨਾਨਕ ਪ੍ਰਭੁ ਮਿਲਿਆ ਸਗਲ ਚੁਕੀ ਮੁਹਤਾਈਐ ॥੨॥੨੬॥੪੯॥ ਸਾਰਗ ਮਹਲਾ ੫ ॥ ਓਟ ਸਤਾਣੀ ਪ੍ਰਭ ਜੀਉ ਮੇਰੈ ॥ ਦ੍ਰਿਸਟਿ ਨ ਲਿਆਵਉ ਅਵਰ ਕਾਹੂ ਕਉ ਮਾਣਿ ਮਹਤਿ ਪ੍ਰਭ ਤੇਰੈ ॥੧॥ ਰਹਾਉ ॥ ਅੰਗੀਕਾਰੁ ਕੀਓ ਪ੍ਰਭਿ ਅਪੁਨੈ ਕਾਢਿ ਲੀਆ ਬਿਖੁ ਘੇਰੈ ॥ ਅੰਮ੍ਰਿਤ ਨਾਮੁ ਅਉਖਧੁ ਮੁਖਿ ਦੀਨੋ ਜਾਇ ਪਇਆ ਗੁਰ ਪੈਰੈ ॥੧॥ ਕਵਨ ਉਪਮਾ ਕਹਉ ਏਕ ਮੁਖ ਨਿਰਗੁਣ ਕੇ ਦਾਤੇਰੈ ॥ ਕਾਟਿ ਸਿਲਕ ਜਉ ਅਪੁਨਾ ਕੀਨੋ ਨਾਨਕ ਸੂਖ ਘਨੇਰੈ ॥੨॥੨੭॥੫੦॥ ਸਾਰਗ ਮਹਲਾ ੫ ॥ ਪ੍ਰਭ ਸਿਮਰਤ ਦੂਖ ਬਿਨਾਸੀ ॥ ਭਇਓ ਕ੍ਰਿਪਾਲੁ ਜੀਅ ਸੁਖਦਾਤਾ ਹੋਈ ਸਗਲ ਖਲਾਸੀ ॥੧॥ ਰਹਾਉ ॥ ਅਵਰੁ ਨ ਕੋਊ ਸੂਝੈ ਪ੍ਰਭ ਬਿਨੁ ਕਹੁ ਕੋ ਕਿਸੁ ਪਹਿ ਜਾਸੀ ॥ ਜਿਉ ਜਾਣਹੁ ਤਿਉ ਰਾਖਹੁ ਠਾਕੁਰ ਸਭੁ ਕਿਛੁ ਤੁਮ ਹੀ ਪਾਸੀ ॥੧॥ ਹਾਥ ਦੇਇ ਰਾਖੇ ਪ੍ਰਭਿ ਅਪੁਨੇ ਸਦ ਜੀਵਨ ਅਬਿਨਾਸੀ ॥ ਕਹੁ ਨਾਨਕ ਮਨਿ ਅਨਦੁ ਭਇਆ ਹੈ ਕਾਟੀ ਜਮ ਕੀ ਫਾਸੀ ॥੨॥੨੮॥੫੧॥ ਸਾਰਗ ਮਹਲਾ ੫ ॥ ਮੇਰੋ ਮਨੁ ਜਤ ਕਤ ਤੁਝਹਿ ਸਮ੍ਹਾਰੈ ॥ ਹਮ ਬਾਰਿਕ ਦੀਨ ਪਿਤਾ ਪ੍ਰਭ ਮੇਰੇ ਜਿਉ ਜਾਨਹਿ ਤਿਉ ਪਾਰੈ ॥੧॥ ਰਹਾਉ ॥ ਜਬ ਭੁਖੌ ਤਬ ਭੋਜਨੁ ਮਾਂਗੈ ਅਘਾਏ ਸੂਖ ਸਘਾਰੈ ॥ ਤਬ ਅਰੋਗ ਜਬ ਤੁਮ ਸੰਗਿ ਬਸਤੌ ਛੁਟਕਤ ਹੋਇ ਰਵਾਰੈ ॥੧॥ ਕਵਨ ਬਸੇਰੋ ਦਾਸ ਦਾਸਨ ਕੋ ਥਾਪਿਉ ਥਾਪਨਹਾਰੈ ॥ ਨਾਮੁ ਨ ਬਿਸਰੈ ਤਬ ਜੀਵਨੁ ਪਾਈਐ ਬਿਨਤੀ ਨਾਨਕ ਇਹ ਸਾਰੈ ॥੨॥੨੯॥੫੨॥ ਸਾਰਗ ਮਹਲਾ ੫ ॥ ਮਨ ਤੇ ਭੈ ਭਉ ਦੂਰਿ ਪਰਾਇਓ ॥ ਲਾਲ ਦਇਆਲ ਗੁਲਾਲ ਲਾਡਿਲੇ ਸਹਜਿ ਸਹਜਿ ਗੁਨ ਗਾਇਓ ॥੧॥ ਰਹਾਉ ॥ ਗੁਰ ਬਚਨਾਤਿ ਕਮਾਤ ਕ੍ਰਿਪਾ ਤੇ ਬਹੁਰਿ ਨ ਕਤਹੂ ਧਾਇਓ ॥ ਰਹਤ ਉਪਾਧਿ ਸਮਾਧਿ ਸੁਖ ਆਸਨ ਭਗਤਿ ਵਛਲੁ ਗ੍ਰਿਹਿ ਪਾਇਓ ॥੧॥ ਨਾਦ ਬਿਨੋਦ ਕੋਡ ਆਨੰਦਾ ਸਹਜੇ ਸਹਜਿ ਸਮਾਇਓ ॥ ਕਰਨਾ ਆਪਿ ਕਰਾਵਨ ਆਪੇ

ਕਹੁ ਨਾਨਕ ਆਪਿ ਆਪਾਇਓ ॥੨॥੩੦॥੫੩॥ ਸਾਰਗ ਮਹਲਾ ੫ ॥ ਅੰਮ੍ਰਿਤ ਨਾਮੁ ਮਨਹਿ ਆਧਾਰੋ ॥ ਜਿਨ ਦੀਆ ਤਿਸ ਕੈ ਕੁਰਬਾਨੈ ਗੁਰ ਪੂਰੇ ਨਮਸਕਾਰੋ ॥੧॥ ਰਹਾਉ ॥ ਬੂਝੀ ਤ੍ਰਿਸਨਾ ਸਹਜਿ ਸੁਹੇਲਾ ਕਾਮੁ ਕ੍ਰੋਧੁ ਬਿਖੁ ਜਾਰੋ ॥ ਆਇ ਨ ਜਾਇ ਬਸੈ ਇਹ ਠਾਹਰ ਜਹ ਆਸਨੁ ਨਿਰੰਕਾਰੋ ॥੧॥ ਏਕੈ ਪਰਗਟੁ ਏਕੈ ਗੁਪਤਾ ਏਕੈ ਧੁੰਧੂਕਾਰੋ ॥ ਆਦਿ ਮਧਿ ਅੰਤਿ ਪ੍ਰਭੁ ਸੋਈ ਕਹੁ ਨਾਨਕ ਸਾਚੁ ਬੀਚਾਰੋ ॥੨॥੩੧॥੫੪॥ ਸਾਰਗ ਮਹਲਾ ੫ ॥ ਬਿਨੁ ਪ੍ਰਭ ਰਹਨੁ ਨ ਜਾਇ ਘਰੀ ॥ ਸਰਬ ਸੂਖ ਤਾਹੂ ਕੈ ਪੂਰਨ ਜਾ ਕੈ ਸੁਖੁ ਹੈ ਹਰੀ ॥੧॥ ਰਹਾਉ ॥ ਮੰਗਲ ਰੂਪ ਪ੍ਰਾਨ ਜੀਵਨ ਧਨ ਸਿਮਰਤ ਅਨਦ ਘਨਾ ॥ ਵਡ ਸਮਰਥੁ ਸਦਾ ਸਦ ਸੰਗੇ ਗੁਨ ਰਸਨਾ ਕਵਨ ਭਨਾ ॥੧॥ ਥਾਨ ਪਵਿਤ੍ਰਾ ਮਾਨ ਪਵਿਤ੍ਰਾ ਪਵਿਤ੍ਰ ਸੁਨਨ ਕਹਨਹਾਰੇ ॥ ਕਹੁ ਨਾਨਕ ਤੇ ਭਵਨ ਪਵਿਤ੍ਰਾ ਜਾ ਮਹਿ ਸੰਤ ਤੁਮ੍ਹਾਰੇ ॥੨॥੩੨॥੫੫॥ ਸਾਰਗ ਮਹਲਾ ੫ ॥ ਰਸਨਾ ਜਪਤੀ ਤੂਹੀ ਤੂਹੀ ॥ ਮਾਤ ਗਰਭ ਤੁਮ ਹੀ ਪ੍ਰਤਿਪਾਲਕ ਮ੍ਰਿਤ ਮੰਡਲ ਇਕ ਤੁਹੀ ॥੧॥ ਰਹਾਉ ॥ ਤੁਮਹਿ ਪਿਤਾ ਤੁਮ ਹੀ ਫੁਨਿ ਮਾਤਾ ਤੁਮਹਿ ਮੀਤ ਹਿਤ ਭ੍ਰਾਤਾ ॥ ਤੁਮ ਪਰਵਾਰ ਤੁਮਹਿ ਆਧਾਰਾ ਤੁਮਹਿ ਜੀਅ ਪ੍ਰਾਨਦਾਤਾ ॥੧॥ ਤੁਮਹਿ ਖਜੀਨਾ ਤੁਮਹਿ ਜਰੀਨਾ ਤੁਮ ਹੀ ਮਾਣਿਕ ਲਾਲਾ ॥ ਤੁਮਹਿ ਪਾਰਜਾਤ ਗੁਰ ਤੇ ਪਾਏ ਤਉ ਨਾਨਕ ਭਏ ਨਿਹਾਲਾ ॥੨॥੩੩॥੫੬॥ ਸਾਰਗ ਮਹਲਾ ੫ ॥ ਜਾਹੂ ਕਾਹੂ ਅਪੁਨੋ ਹੀ ਚਿਤਿ ਆਵੈ ॥ ਜੋ ਕਾਹੂ ਕੋ ਚੇਰੋ ਹੋਵਤ ਠਾਕੁਰ ਹੀ ਪਹਿ ਜਾਵੈ ॥੧॥ ਰਹਾਉ ॥ ਅਪਨੇ ਪਹਿ ਦੂਖ ਅਪਨੇ ਪਹਿ ਸੂਖਾ ਅਪੁਨੇ ਹੀ ਪਹਿ ਬਿਰਥਾ ॥ ਅਪੁਨੇ ਪਹਿ ਮਾਨੁ ਅਪੁਨੇ ਪਹਿ ਤਾਨਾ ਅਪਨੇ ਹੀ ਪਹਿ ਅਰਥਾ ॥੧॥ ਕਿਨ ਹੀ ਰਾਜ ਜੋਬਨੁ ਧਨ ਮਿਲਖਾ ਕਿਨ ਹੀ ਬਾਪ ਮਹਤਾਰੀ ॥ ਸਰਬ ਥੋਕ ਨਾਨਕ ਗੁਰ ਪਾਏ ਪੂਰਨ ਆਸ ਹਮਾਰੀ ॥੨॥੩੪॥੫੭॥ ਸਾਰਗ ਮਹਲਾ ੫ ॥ ਝੂਠੋ ਮਾਇਆ ਕੋ ਮਦ ਮਾਨੁ ॥ ਧ੍ਰੋਹ ਮੋਹ ਦੂਰਿ ਕਰਿ ਬਪੁਰੇ ਸੰਗਿ ਗੋਪਾਲਹਿ ਜਾਨੁ ॥੧॥ ਰਹਾਉ ॥ ਮਿਥਿਆ ਰਾਜ ਜੋਬਨ ਅਰੁ ਉਮਰੇ ਮੀਰ ਮਲਕ ਅਰੁ ਖਾਨ ॥ ਮਿਥਿਆ ਕਾਪਰ ਸੁਗੰਧ ਚਤੁਰਾਈ ਮਿਥਿਆ ਭੋਜਨ ਪਾਨ ॥੧॥ ਦੀਨ ਬੰਧਰੋ ਦਾਸ ਦਾਸਰੋ ਸੰਤਹ ਕੀ ਸਾਰਾਨ ॥ ਮਾਂਗਨਿ ਮਾਂਗਉ ਹੋਇ ਅਚਿੰਤਾ ਮਿਲੁ ਨਾਨਕ ਕੇ ਹਰਿ ਪ੍ਰਾਨ ॥੨॥੩੫॥੫੮॥ ਸਾਰਗ ਮਹਲਾ ੫ ॥ ਅਪੁਨੀ ਇਤਨੀ ਕਛੂ ਨ ਸਾਰੀ ॥ ਅਨਿਕ ਕਾਜ ਅਨਿਕ ਧਾਵਰਤਾ ਉਰਝਿਓ ਆਨ ਜੰਜਾਰੀ ॥੧॥ ਰਹਾਉ ॥ ਦਿਉਸ ਚਾਰਿ ਕੇ ਦੀਸਹਿ

ਸੰਗੀ ਊਹਾਂ ਨਾਹੀ ਜਹ ਭਾਰੀ ॥ ਤਿਨ ਸਿਉ ਰਾਚਿ ਮਾਚਿ ਹਿਤੁ ਲਾਇਓ ਜੋ ਕਾਮਿ ਨਹੀ ਗਾਵਾਰੀ ॥੧॥ ਹਉ ਨਾਹੀ ਨਾਹੀ ਕਿਛੁ ਮੇਰਾ ਨਾ ਹਮਰੋ ਬਸੁ ਚਾਰੀ ॥ ਕਰਨ ਕਰਾਵਨ ਨਾਨਕ ਕੇ ਪ੍ਰਭ ਸੰਤਨ ਸੰਗਿ ਉਧਾਰੀ ॥੨॥੩੬॥੫੯॥ ਸਾਰਗ ਮਹਲਾ ੫ ॥ ਮੋਹਨੀ ਮੋਹਤ ਰਹੈ ਨ ਹੋਰੀ ॥ ਸਾਧਿਕ ਸਿਧ ਸਗਲ ਕੀ ਪਿਆਰੀ ਤੁਟੈ ਨ ਕਾਹੂ ਤੋਰੀ ॥੧॥ ਰਹਾਉ ॥ ਖਟੁ ਸਾਸਤ੍ਰ ਉਚਰਤ ਰਸਨਾਗਰ ਤੀਰਥ ਗਵਨ ਨ ਥੋਰੀ ॥ ਪੂਜਾ ਚਕ੍ਰ ਬਰਤ ਨੇਮ ਤਪੀਆ ਊਹਾ ਗੈਲਿ ਨ ਛੋਰੀ ॥੧॥ ਅੰਧ ਕੂਪ ਮਹਿ ਪਤਿਤ ਹੋਤ ਜਗੁ ਸੰਤਹੁ ਕਰਹੁ ਪਰਮ ਗਤਿ ਮੋਰੀ ॥ ਸਾਧਸੰਗਤਿ ਨਾਨਕੁ ਭਇਓ ਮੁਕਤਾ ਦਰਸਨੁ ਪੇਖਤ ਭੋਰੀ ॥੨॥੩੭॥੬੦॥ ਸਾਰਗ ਮਹਲਾ ੫ ॥ ਕਹਾ ਕਰਹਿ ਰੇ ਖਾਟਿ ਖਾਟੁਲੀ ॥ ਪਵਨਿ ਅਫਾਰ ਤੋਰ ਚਾਮਰੋ ਅਤਿ ਜਜਰੀ ਤੇਰੀ ਰੇ ਮਾਟੁਲੀ ॥੧॥ ਰਹਾਉ ॥ ਊਹੀ ਤੇ ਹਰਿਓ ਊਹਾ ਲੇ ਧਰਿਓ ਜੈਸੇ ਬਾਸਾ ਮਾਸ ਦੇਤ ਝਾਟੁਲੀ ॥ ਦੇਵਨਹਾਰੁ ਬਿਸਾਰਿਓ ਅੰਧੁਲੇ ਜਿਉ ਸਫਰੀ ਉਦਰੁ ਭਰੈ ਬਹਿ ਹਾਟੁਲੀ ॥੧॥ ਸਾਦ ਬਿਕਾਰ ਬਿਕਾਰ ਝੂਠ ਰਸ ਜਹ ਜਾਨੋ ਤਹ ਭੀਰ ਬਾਟੁਲੀ ॥ ਕਹੁ ਨਾਨਕ ਸਮਝੁ ਰੇ ਇਆਨੇ ਆਜੁ ਕਾਲਿ ਖੁਲ੍ਹੈ ਤੇਰੀ ਗਾਂਠੁਲੀ ॥੨॥੩੮॥੬੧॥ ਸਾਰਗ ਮਹਲਾ ੫ ॥ ਗੁਰ ਜੀਉ ਸੰਗਿ ਤੁਹਾਰੈ ਜਾਨਿਓ ॥ ਕੋਟਿ ਜੋਧ ਉਆ ਕੀ ਬਾਤ ਨ ਪੁਛੀਐ ਤਾਂ ਦਰਗਹ ਭੀ ਮਾਨਿਓ ॥੧॥ ਰਹਾਉ ॥ ਕਵਨ ਮੂਲੁ ਪ੍ਰਾਨੀ ਕਾ ਕਹੀਐ ਕਵਨ ਰੂਪੁ ਦ੍ਰਿਸਟਾਨਿਓ ॥ ਜੋਤਿ ਪ੍ਰਗਾਸ ਭਈ ਮਾਟੀ ਸੰਗਿ ਦੁਲਭ ਦੇਹ ਬਖਾਨਿਓ ॥੧॥ ਤੁਮ ਤੇ ਸੇਵ ਤੁਮ ਤੇ ਜਪ ਤਾਪਾ ਤੁਮ ਤੇ ਤਤੁ ਪਛਾਨਿਓ ॥ ਕਰੁ ਮਸਤਕਿ ਧਰਿ ਕਟੀ ਜੇਵਰੀ ਨਾਨਕ ਦਾਸ ਦਸਾਨਿਓ ॥੨॥੩੯॥੬੨॥ ਸਾਰਗ ਮਹਲਾ ੫ ॥ ਹਰਿ ਹਰਿ ਦੀਓ ਸੇਵਕ ਕਉ ਨਾਮ ॥ ਮਾਨਸੁ ਕਾ ਕੋ ਬਪੁਰੋ ਭਾਈ ਜਾ ਕੋ ਰਾਖਾ ਰਾਮ ॥੧॥ ਰਹਾਉ ॥ ਆਪਿ ਮਹਾ ਜਨੁ ਆਪੇ ਪੰਚਾ ਆਪਿ ਸੇਵਕ ਕੈ ਕਾਮ ॥ ਆਪੇ ਸਗਲੇ ਦੂਤ ਬਿਦਾਰੇ ਠਾਕੁਰ ਅੰਤਰਜਾਮ ॥੧॥ ਆਪੇ ਪਤਿ ਰਾਖੀ ਸੇਵਕ ਕੀ ਆਪਿ ਕੀਓ ਬੰਧਾਨ ॥ ਆਦਿ ਜੁਗਾਦਿ ਸੇਵਕ ਕੀ ਰਾਖੈ ਨਾਨਕ ਕੋ ਪ੍ਰਭੁ ਜਾਨ ॥੨॥੪੦॥੬੩॥ ਸਾਰਗ ਮਹਲਾ ੫ ॥ ਤੂ ਮੇਰੇ ਮੀਤ ਸਖਾ ਹਰਿ ਪ੍ਰਾਨ ॥ ਮਨੁ ਧਨੁ ਜੀਉ ਪਿੰਡੁ ਸਭੁ ਤੁਮਰਾ ਇਹੁ ਤਨੁ ਸੀਤੋ ਤੁਮਰੈ ਧਾਨ ॥੧॥ ਰਹਾਉ ॥ ਤੁਮ ਹੀ ਦੀਏ ਅਨਿਕ ਪ੍ਰਕਾਰਾ ਤੁਮ ਹੀ ਦੀਏ ਮਾਨ ॥ ਸਦਾ ਸਦਾ ਤੁਮ ਹੀ ਪਤਿ ਰਾਖਹੁ ਅੰਤਰਜਾਮੀ ਜਾਨ ॥੧॥

ਜਿਨ ਸੰਤਨ ਜਾਨਿਆ ਤੂ ਠਾਕੁਰ ਤੇ ਆਏ ਪਰਵਾਨ ॥ ਜਨ ਕਾ ਸੰਗੁ ਪਾਈਐ ਵਡਭਾਗੀ ਨਾਨਕ ਸੰਤਨ ਕੈ ਕੁਰਬਾਨ ॥੨॥੪੧॥੬੪॥ ਸਾਰਗ ਮਹਲਾ ੫ ॥ ਕਰਹੁ ਗਤਿ ਦਇਆਲ ਸੰਤਹੁ ਮੋਰੀ ॥ ਤੁਮ ਸਮਰਥ ਕਾਰਨ ਕਰਨਾ ਤੂਟੀ ਤੁਮ ਹੀ ਜੋਰੀ ॥੧॥ ਰਹਾਉ ॥ ਜਨਮ ਜਨਮ ਕੇ ਬਿਖਈ ਤੁਮ ਤਾਰੇ ਸੁਮਤਿ ਸੰਗਿ ਤੁਮਾਰੈ ਪਾਈ ॥ ਅਨਿਕ ਜੋਨਿ ਭ੍ਰਮਤੇ ਪ੍ਰਭ ਬਿਸਰਤ ਸਾਸਿ ਸਾਸਿ ਹਰਿ ਗਾਈ ॥੧॥ ਜੋ ਜੋ ਸੰਗਿ ਮਿਲੇ ਸਾਧੂ ਕੈ ਤੇ ਤੇ ਪਤਿਤ ਪੁਨੀਤਾ ॥ ਕਹੁ ਨਾਨਕ ਜਾ ਕੇ ਵਡਭਾਗਾ ਤਿਨਿ ਜਨਮੁ ਪਦਾਰਥੁ ਜੀਤਾ ॥੨॥੪੨॥੬੫॥ ਸਾਰਗ ਮਹਲਾ ੫ ॥ ਠਾਕੁਰ ਬਿਨਤੀ ਕਰਨ ਜਨੁ ਆਇਓ ॥ ਸਰਬ ਸੂਖ ਆਨੰਦ ਸਹਜ ਰਸ ਸੁਨਤ ਤੁਹਾਰੋ ਨਾਇਓ ॥੧॥ ਰਹਾਉ ॥ ਕ੍ਰਿਪਾ ਨਿਧਾਨ ਸੂਖ ਕੇ ਸਾਗਰ ਜਸੁ ਸਭ ਮਹਿ ਜਾ ਕੋ ਛਾਇਓ ॥ ਸੰਤਸੰਗਿ ਰੰਗ ਤੁਮ ਕੀਏ ਅਪਨਾ ਆਪੁ ਦ੍ਰਿਸਟਾਇਓ ॥੧॥ ਨੈਨਹੁ ਸੰਗਿ ਸੰਤਨ ਕੀ ਸੇਵਾ ਚਰਨ ਝਾਰੀ ਕੇਸਾਇਓ ॥ ਆਠ ਪਹਰ ਦਰਸਨੁ ਸੰਤਨ ਕਾ ਸੁਖੁ ਨਾਨਕ ਇਹੁ ਪਾਇਓ ॥੨॥੪੩॥੬੬॥ ਸਾਰਗ ਮਹਲਾ ੫ ॥ ਜਾ ਕੀ ਰਾਮ ਨਾਮ ਲਿਵ ਲਾਗੀ ॥ ਸਜਨੁ ਸੁਰਿਦਾ ਸੁਹੇਲਾ ਸਹਜੇ ਸੋ ਕਹੀਐ ਬਡਭਾਗੀ ॥੧॥ ਰਹਾਉ ॥ ਰਹਿਤ ਬਿਕਾਰ ਅਲਪ ਮਾਇਆ ਤੇ ਅਹੰਬੁਧਿ ਬਿਖੁ ਤਿਆਗੀ ॥ ਦਰਸ ਪਿਆਸ ਆਸ ਏਕਹਿ ਕੀ ਟੇਕ ਹੀਐਂ ਪ੍ਰਿਅ ਪਾਗੀ ॥੧॥ ਅਚਿੰਤ ਸੋਇ ਜਾਗਨੁ ਉਠਿ ਬੈਸਨੁ ਅਚਿੰਤ ਹਸਤ ਬੈਰਾਗੀ ॥ ਕਹੁ ਨਾਨਕ ਜਿਨਿ ਜਗਤੁ ਠਗਾਨਾ ਸੁ ਮਾਇਆ ਹਰਿ ਜਨ ਠਾਗੀ ॥੨॥੪੪॥੬੭॥ ਸਾਰਗ ਮਹਲਾ ੫ ॥ ਅਬ ਜਨ ਊਪਰਿ ਕੋ ਨ ਪੁਕਾਰੈ ॥ ਪੂਕਾਰਨ ਕਉ ਜੋ ਉਦਮੁ ਕਰਤਾ ਗੁਰੁ ਪਰਮੇਸਰੁ ਤਾ ਕਉ ਮਾਰੈ ॥੧॥ ਰਹਾਉ ॥ ਨਿਰਵੈਰੈ ਸੰਗਿ ਵੈਰੁ ਰਚਾਵੈ ਹਰਿ ਦਰਗਹ ਓਹੁ ਹਾਰੈ ॥ ਆਦਿ ਜੁਗਾਦਿ ਪ੍ਰਭ ਕੀ ਵਡਿਆਈ ਜਨ ਕੀ ਪੈਜ ਸਵਾਰੈ ॥੧॥ ਨਿਰਭਉ ਭਏ ਸਗਲ ਭਉ ਮਿਟਿਆ ਚਰਨ ਕਮਲ ਆਧਾਰੈ ॥ ਗੁਰ ਕੈ ਬਚਨਿ ਜਪਿਓ ਨਾਉ ਨਾਨਕ ਪ੍ਰਗਟ ਭਇਓ ਸੰਸਾਰੈ ॥੨॥੪੫॥੬੮॥ ਸਾਰਗ ਮਹਲਾ ੫ ॥ ਹਰਿ ਜਨ ਛੋਡਿਆ ਸਗਲਾ ਆਪੁ ॥ ਜਿਉ ਜਾਨਹੁ ਤਿਉ ਰਖਹੁ ਗੁਸਾਈ ਪੇਖਿ ਜੀਵਾਂ ਪਰਤਾਪੁ ॥੧॥ ਰਹਾਉ ॥ ਗੁਰ ਉਪਦੇਸਿ ਸਾਧ ਕੀ ਸੰਗਤਿ ਬਿਨਸਿਓ ਸਗਲ ਸੰਤਾਪੁ ॥ ਮਿਤ੍ਰ ਸਤ੍ਰ ਪੇਖਿ ਸਮਤੁ ਬੀਚਾਰਿਓ ਸਗਲ ਸੰਭਾਖਨ ਜਾਪੁ ॥੧॥ ਤਪਤਿ ਬੁਝੀ ਸੀਤਲ ਆਘਾਨੇ ਸੁਨਿ ਅਨਹਦ ਬਿਸਮ ਭਏ ਬਿਸਮਾਦ ॥ ਅਨਦੁ ਭਇਆ ਨਾਨਕ

ਮਨਿ ਸਾਚਾ ਪੂਰਨ ਪੂਰੇ ਨਾਦ ॥੨॥੪੬॥੬੯॥ ਸਾਰਗ ਮਹਲਾ ੫ ॥ ਮੇਰੈ ਗੁਰਿ ਮੋਰੋ ਸਹਸਾ ਉਤਾਰਿਆ ॥
ਤਿਸੁ ਗੁਰ ਕੈ ਜਾਈਐ ਬਲਿਹਾਰੀ ਸਦਾ ਸਦਾ ਹਉ ਵਾਰਿਆ ॥੧॥ ਰਹਾਉ ॥ ਗੁਰ ਕਾ ਨਾਮੁ ਜਪਿਓ ਦਿਨੁ
ਰਾਤੀ ਗੁਰ ਕੇ ਚਰਨ ਮਨਿ ਧਾਰਿਆ ॥ ਗੁਰ ਕੀ ਧੂਰਿ ਕਰਉ ਨਿਤ ਮਜਨੁ ਕਿਲਵਿਖ ਮੈਲੁ ਉਤਾਰਿਆ ॥੧॥
ਗੁਰ ਪੂਰੇ ਕੀ ਕਰਉ ਨਿਤ ਸੇਵਾ ਗੁਰੁ ਅਪਨਾ ਨਮਸਕਾਰਿਆ ॥ ਸਰਬ ਫਲਾ ਦੀਨ੍ਹੇ ਗੁਰਿ ਪੂਰੈ ਨਾਨਕ ਗੁਰਿ
ਨਿਸਤਾਰਿਆ ॥੨॥੪੭॥੭੦॥ ਸਾਰਗ ਮਹਲਾ ੫ ॥ ਸਿਮਰਤ ਨਾਮੁ ਪ੍ਰਾਨ ਗਤਿ ਪਾਵੈ ॥ ਮਿਟਹਿ ਕਲੇਸ
ਤ੍ਰਾਸ ਸਭ ਨਾਸੈ ਸਾਧਸੰਗਿ ਹਿਤੁ ਲਾਵੈ ॥੧॥ ਰਹਾਉ ॥ ਹਰਿ ਹਰਿ ਹਰਿ ਹਰਿ ਮਨਿ ਆਰਾਧੇ ਰਸਨਾ ਹਰਿ
ਜਸੁ ਗਾਵੈ ॥ ਤਜਿ ਅਭਿਮਾਨੁ ਕਾਮ ਕ੍ਰੋਧੁ ਨਿੰਦਾ ਬਾਸੁਦੇਵ ਰੰਗੁ ਲਾਵੈ ॥੧॥ ਦਾਮੋਦਰ ਦਇਆਲ ਆਰਾਧਹੁ
ਗੋਬਿੰਦ ਕਰਤ ਸੋੁਹਾਵੈ ॥ ਕਹੁ ਨਾਨਕ ਸਭ ਕੀ ਹੋਇ ਰੇਨਾ ਹਰਿ ਹਰਿ ਦਰਸਿ ਸਮਾਵੈ ॥੨॥੪੮॥੭੧॥
ਸਾਰਗ ਮਹਲਾ ੫ ॥ ਅਪੁਨੇ ਗੁਰ ਪੂਰੇ ਬਲਿਹਾਰੈ ॥ ਪ੍ਰਗਟ ਪ੍ਰਤਾਪੁ ਕੀਓ ਨਾਮ ਕੋ ਰਾਖੇ ਰਾਖਨਹਾਰੈ ॥੧॥
ਰਹਾਉ ॥ ਨਿਰਭਉ ਕੀਏ ਸੇਵਕ ਦਾਸ ਅਪਨੇ ਸਗਲੇ ਦੂਖ ਬਿਦਾਰੈ ॥ ਆਨ ਉਪਾਵ ਤਿਆਗਿ ਜਨ ਸਗਲੇ
ਚਰਨ ਕਮਲ ਰਿਦ ਧਾਰੈ ॥੧॥ ਪ੍ਰਾਨ ਅਧਾਰ ਮੀਤ ਸਾਜਨ ਪ੍ਰਭ ਏਕੈ ਏਕੰਕਾਰੈ ॥ ਸਭ ਤੇ ਊਚ ਠਾਕੁਰੁ
ਨਾਨਕ ਕਾ ਬਾਰ ਬਾਰ ਨਮਸਕਾਰੈ ॥੨॥੪੯॥੭੨॥ ਸਾਰਗ ਮਹਲਾ ੫ ॥ ਬਿਨੁ ਹਰਿ ਹੈ ਕੋ ਕਹਾ ਬਤਾਵਹੁ ॥
ਸੁਖ ਸਮੂਹ ਕਰੁਣਾ ਮੈ ਕਰਤਾ ਤਿਸੁ ਪ੍ਰਭ ਸਦਾ ਧਿਆਵਹੁ ॥੧॥ ਰਹਾਉ ॥ ਜਾ ਕੈ ਸੂਤਿ ਪਰੋਏ ਜੰਤਾ ਤਿਸੁ
ਪ੍ਰਭ ਕਾ ਜਸੁ ਗਾਵਹੁ ॥ ਸਿਮਰਿ ਠਾਕੁਰੁ ਜਿਨਿ ਸਭੁ ਕਿਛੁ ਦੀਨਾ ਆਨ ਕਹਾ ਪਹਿ ਜਾਵਹੁ ॥੧॥ ਸਫਲ
ਸੇਵਾ ਸੁਆਮੀ ਮੇਰੇ ਕੀ ਮਨ ਬਾਂਛਤ ਫਲ ਪਾਵਹੁ ॥ ਕਹੁ ਨਾਨਕ ਲਾਭੁ ਲਾਹਾ ਲੈ ਚਾਲਹੁ ਸੁਖ ਸੇਤੀ ਘਰਿ
ਜਾਵਹੁ ॥੨॥੫੦॥੭੩॥ ਸਾਰਗ ਮਹਲਾ ੫ ॥ ਠਾਕੁਰ ਤੁਮ੍ ਸਰਣਾਈ ਆਇਆ ॥ ਉਤਰਿ ਗਇਓ ਮੇਰੇ ਮਨ
ਕਾ ਸੰਸਾ ਜਬ ਤੇ ਦਰਸਨੁ ਪਾਇਆ ॥੧॥ ਰਹਾਉ ॥ ਅਨਬੋਲਤ ਮੇਰੀ ਬਿਰਥਾ ਜਾਨੀ ਅਪਨਾ ਨਾਮੁ ਜਪਾਇਆ ॥
ਦੁਖ ਨਾਠੇ ਸੁਖ ਸਹਜਿ ਸਮਾਏ ਅਨਦ ਅਨਦ ਗੁਣ ਗਾਇਆ ॥੧॥ ਬਾਹ ਪਕਰਿ ਕਢਿ ਲੀਨੇ ਅਪੁਨੇ ਗ੍ਰਿਹ
ਅੰਧ ਕੂਪ ਤੇ ਮਾਇਆ ॥ ਕਹੁ ਨਾਨਕ ਗੁਰਿ ਬੰਧਨ ਕਾਟੇ ਬਿਛੁਰਤ ਆਨਿ ਮਿਲਾਇਆ ॥੨॥੫੧॥੭੪॥

ਸਾਰਗ ਮਹਲਾ ੫ ॥ ਹਰਿ ਕੇ ਨਾਮ ਕੀ ਗਤਿ ਠਾਂਢੀ ॥ ਬੇਦ ਪੁਰਾਨ ਸਿਮ੍ਰਿਤਿ ਸਾਧੂ ਜਨ ਖੋਜਤ ਖੋਜਤ ਕਾਢੀ ॥੧॥ ਰਹਾਉ ॥ ਸਿਵ ਬਿਰੰਚ ਅਰੁ ਇੰਦ੍ਰ ਲੋਕ ਤਾ ਮਹਿ ਜਲਤੌ ਫਿਰਿਆ ॥ ਸਿਮਰਿ ਸਿਮਰਿ ਸੁਆਮੀ ਭਏ ਸੀਤਲ ਦੂਖੁ ਦਰਦੁ ਭ੍ਰਮੁ ਹਿਰਿਆ ॥੧॥ ਜੋ ਜੋ ਤਰਿਓ ਪੁਰਾਤਨੁ ਨਵਤਨੁ ਭਗਤਿ ਭਾਇ ਹਰਿ ਦੇਵਾ ॥ ਨਾਨਕ ਕੀ ਬੇਨੰਤੀ ਪ੍ਰਭ ਜੀਉ ਮਿਲੈ ਸੰਤ ਜਨ ਸੇਵਾ ॥੨॥੫੨॥੭੫॥ ਸਾਰਗ ਮਹਲਾ ੫ ॥ ਜਿਹਵੇ ਅੰਮ੍ਰਿਤ ਗੁਣ ਹਰਿ ਗਾਉ ॥ ਹਰਿ ਹਰਿ ਬੋਲਿ ਕਥਾ ਸੁਨਿ ਹਰਿ ਕੀ ਉਚਰਹੁ ਪ੍ਰਭ ਕੋ ਨਾਉ ॥੧॥ ਰਹਾਉ ॥ ਰਾਮ ਨਾਮੁ ਰਤਨ ਧਨੁ ਸੰਚਹੁ ਮਨਿ ਤਨਿ ਲਾਵਹੁ ਭਾਉ ॥ ਆਨ ਬਿਭੂਤ ਮਿਥਿਆ ਕਰਿ ਮਾਨਹੁ ਸਾਚਾ ਇਹੈ ਸੁਆਉ ॥੧॥ ਜੀਅ ਪ੍ਰਾਨ ਮੁਕਤਿ ਕੋ ਦਾਤਾ ਏਕਸ ਸਿਉ ਲਿਵ ਲਾਉ ॥ ਕਹੁ ਨਾਨਕ ਤਾ ਕੀ ਸਰਣਾਈ ਦੇਤ ਸਗਲ ਅਪਿਆਉ ॥੨॥੫੩॥੭੬॥ ਸਾਰਗ ਮਹਲਾ ੫ ॥ ਹੋਤੀ ਨਹੀ ਕਵਨ ਕਛੁ ਕਰਣੀ ॥ ਇਹੈ ਓਟ ਪਾਈ ਮਿਲਿ ਸੰਤਹ ਗੋਪਾਲ ਏਕ ਕੀ ਸਰਣੀ ॥੧॥ ਰਹਾਉ ॥ ਪੰਚ ਦੋਖ ਛਿਦ੍ਰ ਇਆ ਤਨ ਮਹਿ ਬਿਖੈ ਬਿਆਧਿ ਕੀ ਕਰਣੀ ॥ ਆਸ ਅਪਾਰ ਦਿਨਸ ਗਣਿ ਰਾਖੇ ਗ੍ਰਸਤ ਜਾਤ ਬਲੁ ਜਰਣੀ ॥੧॥ ਅਨਾਥਹ ਨਾਥ ਦਇਆਲ ਸੁਖ ਸਾਗਰ ਸਰਬ ਦੋਖ ਭੈ ਹਰਣੀ ॥ ਮਨਿ ਬਾਂਛਤ ਚਿਤਵਤ ਨਾਨਕ ਦਾਸ ਪੇਖਿ ਜੀਵਾ ਪ੍ਰਭ ਚਰਣੀ ॥੨॥੫੪॥੭੭॥ ਸਾਰਗ ਮਹਲਾ ੫ ॥ ਫੀਕੇ ਹਰਿ ਕੇ ਨਾਮ ਬਿਨੁ ਸਾਦ ॥ ਅੰਮ੍ਰਿਤ ਰਸੁ ਕੀਰਤਨੁ ਹਰਿ ਗਾਈਐ ਅਹਿਨਿਸਿ ਪੂਰਨ ਨਾਦ ॥੧॥ ਰਹਾਉ ॥ ਸਿਮਰਤ ਸਾਂਤਿ ਮਹਾ ਸੁਖੁ ਪਾਈਐ ਮਿਟਿ ਜਾਹਿ ਸਗਲ ਬਿਖਾਦ ॥ ਹਰਿ ਹਰਿ ਲਾਭੁ ਸਾਧਸੰਗਿ ਪਾਈਐ ਘਰਿ ਲੈ ਆਵਹੁ ਲਾਦਿ ॥੧॥ ਸਭ ਤੇ ਊਚ ਊਚ ਤੇ ਊਚੋ ਅੰਤੁ ਨਹੀ ਮਰਜਾਦ ॥ ਬਰਨਿ ਨ ਸਾਕਉ ਨਾਨਕ ਮਹਿਮਾ ਪੇਖਿ ਰਹੇ ਬਿਸਮਾਦ ॥੨॥੫੫॥੭੮॥ ਸਾਰਗ ਮਹਲਾ ੫ ॥ ਆਇਓ ਸੁਨਨ ਪੜਨ ਕਉ ਬਾਣੀ ॥ ਨਾਮੁ ਵਿਸਾਰਿ ਲਗਹਿ ਅਨ ਲਾਲਚਿ ਬਿਰਥਾ ਜਨਮੁ ਪਰਾਣੀ ॥੧॥ ਰਹਾਉ ॥ ਸਮਝੁ ਅਚੇਤ ਚੇਤਿ ਮਨ ਮੇਰੇ ਕਥੀ ਸੰਤਨ ਅਕਥ ਕਹਾਣੀ ॥ ਲਾਭੁ ਲੈਹੁ ਹਰਿ ਰਿਦੈ ਅਰਾਧਹੁ ਛੁਟਕੈ ਆਵਣ ਜਾਣੀ ॥੧॥ ਉਦਮੁ ਸਕਤਿ ਸਿਆਣਪ ਤੁਮ੍ਰੀ ਦੇਹਿ ਤ ਨਾਮੁ ਵਖਾਣੀ ॥ ਸੇਈ ਭਗਤ ਭਗਤਿ ਸੇ ਲਾਗੇ ਨਾਨਕ ਜੋ ਪ੍ਰਭ ਭਾਣੀ ॥੨॥੫੬॥੭੯॥ ਸਾਰਗ ਮਹਲਾ ੫ ॥ ਧਨਵੰਤ ਨਾਮ ਕੇ ਵਣਜਾਰੇ ॥ ਸਾਂਝੀ ਕਰਹੁ ਨਾਮ ਧਨੁ ਖਾਟਹੁ ਗੁਰ ਕਾ

ਸਬਦੁ ਵੀਚਾਰੇ ॥੧॥ ਰਹਾਉ ॥ ਛੋਡਹੁ ਕਪਟੁ ਹੋਇ ਨਿਰਵੈਰਾ ਸੋ ਪ੍ਰਭੁ ਸੰਗਿ ਨਿਹਾਰੇ ॥ ਸਚੁ ਧਨੁ ਵਣਜਹੁ ਸਚੁ ਧਨੁ ਸੰਚਹੁ ਕਬਹੂ ਨ ਆਵਹੁ ਹਾਰੇ ॥੧॥ ਖਾਤ ਖਰਚਤ ਕਿਛੁ ਨਿਖੁਟਤ ਨਾਹੀ ਅਗਨਤ ਭਰੇ ਭੰਡਾਰੇ ॥ ਕਹੁ ਨਾਨਕ ਸੋਭਾ ਸੰਗਿ ਜਾਵਹੁ ਪਾਰਬ੍ਰਹਮ ਕੈ ਦੁਆਰੇ ॥੨॥੫੭॥੮੦॥ ਸਾਰਗ ਮਹਲਾ ੫ ॥ ਪ੍ਰਭ ਜੀ ਮੋਹਿ ਕਵਨੁ ਅਨਾਥੁ ਬਿਚਾਰਾ ॥ ਕਵਨ ਮੂਲ ਤੇ ਮਾਨੁਖੁ ਕਰਿਆ ਇਹੁ ਪਰਤਾਪੁ ਤੁਹਾਰਾ ॥੧॥ ਰਹਾਉ ॥ ਜੀਅ ਪ੍ਰਾਣ ਸਰਬ ਕੇ ਦਾਤੇ ਗੁਣ ਕਹੇ ਨ ਜਾਹਿ ਅਪਾਰਾ ॥ ਸਭ ਕੇ ਪ੍ਰੀਤਮ ਸ੍ਰਬ ਪ੍ਰਤਿਪਾਲਕ ਸਰਬ ਘਟਾਂ ਆਧਾਰਾ ॥੧॥ ਕੋਇ ਨ ਜਾਣੈ ਤੁਮਰੀ ਗਤਿ ਮਿਤਿ ਆਪਹਿ ਏਕ ਪਸਾਰਾ ॥ ਸਾਧ ਨਾਵ ਬੈਠਾਵਹੁ ਨਾਨਕ ਭਵ ਸਾਗਰੁ ਪਾਰਿ ਉਤਾਰਾ ॥੨॥੫੮॥੮੧॥ ਸਾਰਗ ਮਹਲਾ ੫ ॥ ਆਵੈ ਰਾਮ ਸਰਣਿ ਵਡਭਾਗੀ ॥ ਏਕਸ ਬਿਨੁ ਕਿਛੁ ਹੋਰੁ ਨ ਜਾਣੈ ਅਵਰਿ ਉਪਾਵ ਤਿਆਗੀ ॥੧॥ ਰਹਾਉ ॥ ਮਨ ਬਚ ਕ੍ਰਮ ਆਰਾਧੈ ਹਰਿ ਹਰਿ ਸਾਧਸੰਗਿ ਸੁਖੁ ਪਾਇਆ ॥ ਅਨਦ ਬਿਨੋਦ ਅਕਥ ਕਥਾ ਰਸੁ ਸਾਚੈ ਸਹਜਿ ਸਮਾਇਆ ॥੧॥ ਕਰਿ ਕਿਰਪਾ ਜੋ ਅਪੁਨਾ ਕੀਨੋ ਤਾ ਕੀ ਊਤਮ ਬਾਣੀ ॥ ਸਾਧਸੰਗਿ ਨਾਨਕ ਨਿਸਤਰੀਐ ਜੋ ਰਾਤੇ ਪ੍ਰਭ ਨਿਰਬਾਣੀ ॥੨॥੫੯॥੮੨॥ ਸਾਰਗ ਮਹਲਾ ੫ ॥ ਜਾ ਤੇ ਸਾਧੂ ਸਰਣਿ ਗਹੀ ॥ ਸਾਂਤਿ ਸਹਜੁ ਮਨਿ ਭਇਓ ਪ੍ਰਗਾਸਾ ਬਿਰਥਾ ਕਛੁ ਨ ਰਹੀ ॥੧॥ ਰਹਾਉ ॥ ਹੋਹੁ ਕ੍ਰਿਪਾਲ ਨਾਮੁ ਦੇਹੁ ਅਪੁਨਾ ਬਿਨਤੀ ਏਹ ਕਹੀ ॥ ਆਨ ਬਿਉਹਾਰ ਬਿਸਰੇ ਪ੍ਰਭ ਸਿਮਰਤ ਪਾਇਓ ਲਾਭੁ ਸਹੀ ॥੧॥ ਜਹ ਤੇ ਉਪਜਿਓ ਤਹੀ ਸਮਾਨੋ ਸਾਈ ਬਸਤੁ ਅਹੀ ॥ ਕਹੁ ਨਾਨਕ ਭਰਮੁ ਗੁਰਿ ਖੋਇਓ ਜੋਤੀ ਜੋਤਿ ਸਮਹੀ ॥੨॥੬੦॥੮੩॥ ਸਾਰਗ ਮਹਲਾ ੫ ॥ ਰਸਨਾ ਰਾਮ ਕੋ ਜਸੁ ਗਾਉ ॥ ਆਨ ਸੁਆਦ ਬਿਸਾਰਿ ਸਗਲੇ ਭਲੋ ਨਾਮ ਸੁਆਉ ॥੧॥ ਰਹਾਉ ॥ ਚਰਨ ਕਮਲ ਬਸਾਇ ਹਿਰਦੈ ਏਕ ਸਿਉ ਲਿਵ ਲਾਉ ॥ ਸਾਧਸੰਗਤਿ ਹੋਹਿ ਨਿਰਮਲੁ ਬਹੁੜਿ ਜੋਨਿ ਨ ਆਉ ॥੧॥ ਜੀਉ ਪ੍ਰਾਨ ਅਧਾਰੁ ਤੇਰਾ ਤੂ ਨਿਥਾਵੇ ਥਾਉ ॥ ਸਾਸਿ ਸਾਸਿ ਸਮ੍ਹ੍ਹਾਲਿ ਹਰਿ ਹਰਿ ਨਾਨਕ ਸਦ ਬਲਿ ਜਾਉ ॥੨॥੬੧॥੮੪॥ ਸਾਰਗ ਮਹਲਾ ੫ ॥ ਬੈਕੁੰਠ ਗੋਬਿੰਦ ਚਰਨ ਨਿਤ ਧਿਆਉ ॥ ਮੁਕਤਿ ਪਦਾਰਥੁ ਸਾਧੂ ਸੰਗਤਿ ਅੰਮ੍ਰਿਤੁ ਹਰਿ ਕਾ ਨਾਉ ॥੧॥ ਰਹਾਉ ॥ ਊਤਮ ਕਥਾ ਸੁਣੀਜੈ ਸ੍ਰਵਣੀ ਮਇਆ ਕਰਹੁ ਭਗਵਾਨ ॥ ਆਵਤ ਜਾਤ ਦੋਊ ਪਖ ਪੂਰਨ ਪਾਈਐ ਸੁਖ ਬਿਸ੍ਰਾਮ ॥੧॥

ਸੋਧਤ ਸੋਧਤ ਤਤੁ ਬੀਚਾਰਿਓ ਭਗਤਿ ਸਰੇਸਟ ਪੂਰੀ ॥ ਕਹੁ ਨਾਨਕ ਇਕ ਰਾਮ ਨਾਮ ਬਿਨੁ ਅਵਰ ਸਗਲ ਬਿਧਿ ਊਰੀ ॥੨॥੬੨॥੮੫॥ ਸਾਰਗ ਮਹਲਾ ੫ ॥ ਸਾਚੇ ਸਤਿਗੁਰੂ ਦਾਤਾਰਾ ॥ ਦਰਸਨੁ ਦੇਖਿ ਸਗਲ ਦੁਖ ਨਾਸਹਿ ਚਰਨ ਕਮਲ ਬਲਿਹਾਰਾ ॥੧॥ ਰਹਾਉ ॥ ਸਤਿ ਪਰਮੇਸਰੁ ਸਤਿ ਸਾਧ ਜਨ ਨਿਹਚਲੁ ਹਰਿ ਕਾ ਨਾਉ ॥ ਭਗਤਿ ਭਾਵਨੀ ਪਾਰਬ੍ਰਹਮ ਕੀ ਅਬਿਨਾਸੀ ਗੁਣ ਗਾਉ ॥੧॥ ਅਗਮੁ ਅਗੋਚਰੁ ਮਿਤਿ ਨਹੀ ਪਾਈਐ ਸਗਲ ਘਟਾ ਆਧਾਰੁ ॥ ਨਾਨਕ ਵਾਹੁ ਵਾਹੁ ਕਹੁ ਤਾ ਕਉ ਜਾ ਕਾ ਅੰਤੁ ਨ ਪਾਰੁ ॥੨॥੬੩॥੮੬॥ ਸਾਰਗ ਮਹਲਾ ੫ ॥ ਗੁਰ ਕੇ ਚਰਨ ਬਸੇ ਮਨ ਮੇਰੈ ॥ ਪੂਰਿ ਰਹਿਓ ਠਾਕੁਰੁ ਸਭ ਥਾਈ ਨਿਕਟਿ ਬਸੈ ਸਭ ਨੇਰੈ ॥੧॥ ਰਹਾਉ ॥ ਬੰਧਨ ਤੋਰਿ ਰਾਮ ਲਿਵ ਲਾਈ ਸੰਤਸੰਗਿ ਬਨਿ ਆਈ ॥ ਜਨਮੁ ਪਦਾਰਥੁ ਭਇਓ ਪੁਨੀਤਾ ਇਛਾ ਸਗਲ ਪੁਜਾਈ ॥੧॥ ਜਾ ਕਉ ਕ੍ਰਿਪਾ ਕਰਹੁ ਪ੍ਰਭ ਮੇਰੇ ਸੋ ਹਰਿ ਕਾ ਜਸੁ ਗਾਵੈ ॥ ਆਠ ਪਹਰ ਗੋਬਿੰਦ ਗੁਨ ਗਾਵੈ ਜਨੁ ਨਾਨਕੁ ਸਦ ਬਲਿ ਜਾਵੈ ॥੨॥੬੪॥੮੭॥ ਸਾਰਗ ਮਹਲਾ ੫ ॥ ਜੀਵਨੁ ਤਉ ਗਨੀਐ ਹਰਿ ਪੇਖਾ ॥ ਕਰਹੁ ਕ੍ਰਿਪਾ ਪ੍ਰੀਤਮ ਮਨਮੋਹਨ ਫੋਰਿ ਭਰਮ ਕੀ ਰੇਖਾ ॥੧॥ ਰਹਾਉ ॥ ਕਹਤ ਸੁਨਤ ਕਿਛੁ ਸਾਂਤਿ ਨ ਉਪਜਤ ਬਿਨੁ ਬਿਸਾਸ ਕਿਆ ਸੇਖਾਂ ॥ ਪ੍ਰਭੂ ਤਿਆਗਿ ਆਨ ਜੋ ਚਾਹਤ ਤਾ ਕੈ ਮੁਖਿ ਲਾਗੈ ਕਾਲੇਖਾ ॥੧॥ ਜਾ ਕੈ ਰਾਸਿ ਸਰਬ ਸੁਖ ਸੁਆਮੀ ਆਨ ਨ ਮਾਨਤ ਭੇਖਾ ॥ ਨਾਨਕ ਦਰਸ ਮਗਨ ਮਨੁ ਮੋਹਿਓ ਪੂਰਨ ਅਰਥ ਬਿਸੇਖਾ ॥੨॥੬੫॥੮੮॥ ਸਾਰਗ ਮਹਲਾ ੫ ॥ ਸਿਮਰਨ ਰਾਮ ਕੋ ਇਕੁ ਨਾਮ ॥ ਕਲਮਲ ਦਗਧ ਹੋਹਿ ਖਿਨ ਅੰਤਰਿ ਕੋਟਿ ਦਾਨ ਇਸਨਾਨ ॥੧॥ ਰਹਾਉ ॥ ਆਨ ਜੰਜਾਰ ਬ੍ਰਿਥਾ ਸ੍ਰਮੁ ਘਾਲਤ ਬਿਨੁ ਹਰਿ ਫੋਕਟ ਗਿਆਨ ॥ ਜਨਮ ਮਰਨ ਸੰਕਟ ਤੇ ਛੂਟੈ ਜਗਦੀਸ ਭਜਨ ਸੁਖ ਧਿਆਨ ॥੧॥ ਤੇਰੀ ਸਰਨਿ ਪੂਰਨ ਸੁਖ ਸਾਗਰ ਕਰਿ ਕਿਰਪਾ ਦੇਵਹੁ ਦਾਨ ॥ ਸਿਮਰਿ ਸਿਮਰਿ ਨਾਨਕ ਪ੍ਰਭ ਜੀਵੈ ਬਿਨਸਿ ਜਾਇ ਅਭਿਮਾਨ ॥੨॥੬੬॥੮੯॥ ਸਾਰਗ ਮਹਲਾ ੫ ॥ ਧੂਰਤੁ ਸੋਈ ਜਿ ਧੁਰ ਕਉ ਲਾਗੈ ॥ ਸੋਈ ਧੁਰੰਧਰੁ ਸੋਈ ਬਸੁੰਧਰੁ ਹਰਿ ਏਕ ਪ੍ਰੇਮ ਰਸ ਪਾਗੈ ॥੧॥ ਰਹਾਉ ॥ ਬਲਬੰਚ ਕਰੈ ਨ ਜਾਨੈ ਲਾਭੈ ਸੋ ਧੂਰਤੁ ਨਹੀ ਮੂੜ੍ਹਾ ॥ ਸੁਆਰਥੁ ਤਿਆਗਿ ਅਸਾਰਥਿ ਰਚਿਓ ਨਹ ਸਿਮਰੈ ਪ੍ਰਭੁ ਰੂੜਾ ॥੧॥ ਸੋਈ ਚਤੁਰੁ ਸਿਆਣਾ ਪੰਡਿਤੁ ਸੋ ਸੂਰਾ ਸੋ ਦਾਨਾਂ ॥ ਸਾਧਸੰਗਿ ਜਿਨਿ ਹਰਿ ਹਰਿ ਜਪਿਓ ਨਾਨਕ ਸੋ ਪਰਵਾਨਾ ॥੨॥੬੭॥੯੦॥

ਸਾਰਗ ਮਹਲਾ ੫ ॥ ਹਰਿ ਹਰਿ ਸੰਤ ਜਨਾ ਕੀ ਜੀਵਨਿ ॥ ਬਿਖੈ ਰਸ ਭੋਗ ਅੰਮ੍ਰਿਤ ਸੁਖ ਸਾਗਰ ਰਾਮ ਨਾਮ ਰਸੁ ਪੀਵਨਿ ॥੧॥ ਰਹਾਉ ॥ ਸੰਚਨਿ ਰਾਮ ਨਾਮ ਧਨੁ ਰਤਨਾ ਮਨ ਤਨ ਭੀਤਰਿ ਸੀਵਨਿ ॥ ਹਰਿ ਰੰਗ ਰਾਂਗ ਭਏ ਮਨ ਲਾਲਾ ਰਾਮ ਨਾਮ ਰਸ ਖੀਵਨਿ ॥੧॥ ਜਿਉ ਮੀਨਾ ਜਲ ਸਿਉ ਉਰਝਾਨੋ ਰਾਮ ਨਾਮ ਸੰਗਿ ਲੀਵਨਿ ॥ ਨਾਨਕ ਸੰਤ ਚਾਤ੍ਰਿਕ ਕੀ ਨਿਆਈ ਹਰਿ ਬੂੰਦ ਪਾਨ ਸੁਖ ਥੀਵਨਿ ॥੨॥੬੮॥੯੧॥ ਸਾਰਗ ਮਹਲਾ ੫ ॥ ਹਰਿ ਕੇ ਨਾਮਹੀਨ ਬੇਤਾਲ ॥ ਜੇਤਾ ਕਰਨ ਕਰਾਵਨ ਤੇਤਾ ਸਭਿ ਬੰਧਨ ਜੰਜਾਲ ॥੧॥ ਰਹਾਉ ॥ ਬਿਨੁ ਪ੍ਰਭ ਸੇਵ ਕਰਤ ਅਨ ਸੇਵਾ ਬਿਰਥਾ ਕਾਟੈ ਕਾਲ ॥ ਜਬ ਜਮੁ ਆਇ ਸੰਘਾਰੈ ਪ੍ਰਾਨੀ ਤਬ ਤੁਮਰੋ ਕਉਨੁ ਹਵਾਲ ॥੧॥ ਰਾਖਿ ਲੇਹੁ ਦਾਸ ਅਪੁਨੇ ਕਉ ਸਦਾ ਸਦਾ ਕਿਰਪਾਲ ॥ ਸੁਖ ਨਿਧਾਨ ਨਾਨਕ ਪ੍ਰਭੁ ਮੇਰਾ ਸਾਧਸੰਗਿ ਧਨ ਮਾਲ ॥੨॥੬੯॥੯੨॥ ਸਾਰਗ ਮਹਲਾ ੫ ॥ ਮਨਿ ਤਨਿ ਰਾਮ ਕੋ ਬਿਉਹਾਰੁ ॥ ਪ੍ਰੇਮ ਭਗਤਿ ਗੁਨ ਗਾਵਨ ਗੀਧੇ ਪੋਹਤ ਨਹ ਸੰਸਾਰੁ ॥੧॥ ਰਹਾਉ ॥ ਸ੍ਰਵਣੀ ਕੀਰਤਨੁ ਸਿਮਰਨੁ ਸੁਆਮੀ ਇਹੁ ਸਾਧ ਕੋ ਆਚਾਰੁ ॥ ਚਰਨ ਕਮਲ ਅਸਥਿਤਿ ਰਿਦ ਅੰਤਰਿ ਪੂਜਾ ਪ੍ਰਾਨ ਕੋ ਆਧਾਰੁ ॥੧॥ ਪ੍ਰਭ ਦੀਨ ਦਇਆਲ ਸੁਨਹੁ ਬੇਨੰਤੀ ਕਿਰਪਾ ਅਪਨੀ ਧਾਰੁ ॥ ਨਾਮੁ ਨਿਧਾਨੁ ਉਚਰਉ ਨਿਤ ਰਸਨਾ ਨਾਨਕ ਸਦ ਬਲਿਹਾਰੁ ॥੨॥੭੦॥੯੩॥ ਸਾਰਗ ਮਹਲਾ ੫ ॥ ਹਰਿ ਕੇ ਨਾਮਹੀਨ ਮਤਿ ਥੋਰੀ ॥ ਸਿਮਰਤ ਨਾਹਿ ਸਿਰੀਧਰ ਠਾਕੁਰ ਮਿਲਤ ਅੰਧ ਦੁਖ ਘੋਰੀ ॥੧॥ ਰਹਾਉ ॥ ਹਰਿ ਕੇ ਨਾਮ ਸਿਉ ਪ੍ਰੀਤਿ ਨ ਲਾਗੀ ਅਨਿਕ ਭੇਖ ਬਹੁ ਜੋਰੀ ॥ ਤੂਟਤ ਬਾਰ ਨ ਲਾਗੈ ਤਾ ਕਉ ਜਿਉ ਗਾਗਰਿ ਜਲ ਫੋਰੀ ॥੧॥ ਕਰਿ ਕਿਰਪਾ ਭਗਤਿ ਰਸੁ ਦੀਜੈ ਮਨੁ ਖਚਿਤ ਪ੍ਰੇਮ ਰਸ ਖੋਰੀ ॥ ਨਾਨਕ ਦਾਸ ਤੇਰੀ ਸਰਣਾਈ ਪ੍ਰਭ ਬਿਨੁ ਆਨ ਨ ਹੋਰੀ ॥੨॥੭੧॥੯੪॥ ਸਾਰਗ ਮਹਲਾ ੫ ॥ ਚਿਤਵਉ ਵਾ ਅਉਸਰ ਮਨ ਮਾਹਿ ॥ ਹੋਇ ਇਕਤ੍ਰ ਮਿਲਹੁ ਸੰਤ ਸਾਜਨ ਗੁਣ ਗੋਬਿੰਦ ਨਿਤ ਗਾਹਿ ॥੧॥ ਰਹਾਉ ॥ ਬਿਨੁ ਹਰਿ ਭਜਨ ਜੇਤੇ ਕਾਮ ਕਰੀਅਹਿ ਤੇਤੇ ਬਿਰਥੇ ਜਾਂਹਿ ॥ ਪੂਰਨ ਪਰਮਾਨੰਦ ਮਨਿ ਮੀਠੋ ਤਿਸੁ ਬਿਨੁ ਦੂਸਰ ਨਾਹਿ ॥੧॥ ਜਪ ਤਪ ਸੰਜਮ ਕਰਮ ਸੁਖ ਸਾਧਨ ਤੁਲਿ ਨ ਕਛੂਐ ਲਾਹਿ ॥ ਚਰਨ ਕਮਲ ਨਾਨਕ ਮਨੁ ਬੇਧਿਓ ਚਰਨਹ ਸੰਗਿ ਸਮਾਹਿ ॥੨॥੭੨॥੯੫॥ ਸਾਰਗ ਮਹਲਾ ੫ ॥ ਮੇਰਾ ਪ੍ਰਭੁ ਸੰਗੇ ਅੰਤਰਜਾਮੀ ॥ ਆਗੈ ਕੁਸਲ ਪਾਛੈ ਖੇਮ

ਸੂਖਾ ਸਿਮਰਤ ਨਾਮੁ ਸੁਆਮੀ ॥੧॥ ਰਹਾਉ ॥ ਸਾਜਨ ਮੀਤ ਸਖਾ ਹਰਿ ਮੇਰੈ ਗੁਨ ਗੁੋਪਾਲ ਹਰਿ ਰਾਇਆ ॥
ਬਿਸਰਿ ਨ ਜਾਈ ਨਿਮਖ ਹਿਰਦੈ ਤੇ ਪੂਰੈ ਗੁਰੂ ਮਿਲਾਇਆ ॥੧॥ ਕਰਿ ਕਿਰਪਾ ਰਾਖੇ ਦਾਸ ਅਪਨੇ ਜੀਅ ਜੰਤ
ਵਸਿ ਜਾ ਕੈ ॥ ਏਕਾ ਲਿਵ ਪੂਰਨ ਪਰਮੇਸੁਰ ਭਉ ਨਹੀ ਨਾਨਕ ਤਾ ਕੈ ॥੨॥੭੩॥੯੬॥ ਸਾਰਗ ਮਹਲਾ ੫ ॥
ਜਾ ਕੈ ਰਾਮ ਕੋ ਬਲੁ ਹੋਇ ॥ ਸਗਲ ਮਨੋਰਥ ਪੂਰਨ ਤਾਹੂ ਕੇ ਦੂਖੁ ਨ ਬਿਆਪੈ ਕੋਇ ॥੧॥ ਰਹਾਉ ॥ ਜੋ ਜਨੁ ਭਗਤੁ
ਦਾਸੁ ਨਿਜੁ ਪ੍ਰਭ ਕਾ ਸੁਣਿ ਜੀਵਾਂ ਤਿਸੁ ਸੋਇ ॥ ਉਦਮੁ ਕਰਉ ਦਰਸਨੁ ਪੇਖਨ ਕੌ ਕਰਮਿ ਪਰਾਪਤਿ ਹੋਇ ॥੧॥
ਗੁਰ ਪਰਸਾਦੀ ਦ੍ਰਿਸਟਿ ਨਿਹਾਰਉ ਦੂਸਰ ਨਾਹੀ ਕੋਇ ॥ ਦਾਨੁ ਦੇਹਿ ਨਾਨਕ ਅਪਨੇ ਕਉ ਚਰਨ ਜੀਵਾਂ ਸੰਤ ਧੋਇ
॥੨॥੭੪॥੯੭॥ ਸਾਰਗ ਮਹਲਾ ੫ ॥ ਜੀਵਤੁ ਰਾਮ ਕੇ ਗੁਣ ਗਾਇ ॥ ਕਰਹੁ ਕ੍ਰਿਪਾ ਗੋਪਾਲ ਬੀਠੁਲੇ ਬਿਸਰਿ ਨ
ਕਬ ਹੀ ਜਾਇ ॥੧॥ ਰਹਾਉ ॥ ਮਨੁ ਤਨੁ ਧਨੁ ਸਭੁ ਤੁਮਰਾ ਸੁਆਮੀ ਆਨ ਨ ਦੂਜੀ ਜਾਇ ॥ ਜਿਉ ਤੂ ਰਾਖਹਿ
ਤਿਵ ਹੀ ਰਹਣਾ ਤੁਮ੍ਹਰਾ ਪੈਨ੍ਹੈ ਖਾਇ ॥੧॥ ਸਾਧਸੰਗਤਿ ਕੈ ਬਲਿ ਬਲਿ ਜਾਈ ਬਹੁੜਿ ਨ ਜਨਮਾ ਧਾਇ ॥ ਨਾਨਕ
ਦਾਸ ਤੇਰੀ ਸਰਣਾਈ ਜਿਉ ਭਾਵੈ ਤਿਵੈ ਚਲਾਇ ॥੨॥੭੫॥੯੮॥ ਸਾਰਗ ਮਹਲਾ ੫ ॥ ਮਨ ਰੇ ਨਾਮ ਕੋ ਸੁਖ
ਸਾਰ ॥ ਆਨ ਕਾਮ ਬਿਕਾਰ ਮਾਇਆ ਸਗਲ ਦੀਸਹਿ ਛਾਰ ॥੧॥ ਰਹਾਉ ॥ ਗ੍ਰਿਹਿ ਅੰਧ ਕੂਪ ਪਤਿਤ ਪ੍ਰਾਣੀ
ਨਰਕ ਘੋਰ ਗੁਬਾਰ ॥ ਅਨਿਕ ਜੋਨੀ ਭ੍ਰਮਤ ਹਾਰਿਓ ਭ੍ਰਮਤ ਬਾਰੰ ਬਾਰ ॥੧॥ ਪਤਿਤ ਪਾਵਨ ਭਗਤਿ ਬਛਲ ਦੀਨ
ਕਿਰਪਾ ਧਾਰ ॥ ਕਰ ਜੋੜਿ ਨਾਨਕੁ ਦਾਨੁ ਮਾਂਗੈ ਸਾਧਸੰਗਿ ਉਧਾਰ ॥੨॥੭੬॥੯੯॥ ਸਾਰਗ ਮਹਲਾ ੫ ॥
ਬਿਰਾਜਿਤ ਰਾਮ ਕੋ ਪਰਤਾਪ ॥ ਆਧਿ ਬਿਆਧਿ ਉਪਾਧਿ ਸਭ ਨਾਸੀ ਬਿਨਸੇ ਤੀਨੈ ਤਾਪ ॥੧॥ ਰਹਾਉ ॥
ਤ੍ਰਿਸਨਾ ਬੁਝੀ ਪੂਰਨ ਸਭ ਆਸਾ ਚੂਕੇ ਸੋਗ ਸੰਤਾਪ ॥ ਗੁਣ ਗਾਵਤ ਅਚੁਤ ਅਬਿਨਾਸੀ ਮਨ ਤਨ ਆਤਮ ਧ੍ਰਾਪ
॥੧॥ ਕਾਮ ਕ੍ਰੋਧ ਲੋਭ ਮਦ ਮਤਸਰ ਸਾਧੂ ਕੈ ਸੰਗਿ ਖਾਪ ॥ ਭਗਤਿ ਵਛਲ ਭੈ ਕਾਟਨਹਾਰੇ ਨਾਨਕ ਕੇ ਮਾਈ ਬਾਪ
॥੨॥੭੭॥੧੦੦॥ ਸਾਰਗ ਮਹਲਾ ੫ ॥ ਆਤੁਰੁ ਨਾਮ ਬਿਨੁ ਸੰਸਾਰ ॥ ਤ੍ਰਿਪਤਿ ਨ ਹੋਵਤ ਕੂਕਰੀ ਆਸਾ ਇਤੁ
ਲਾਗੋ ਬਿਖਿਆ ਛਾਰ ॥੧॥ ਰਹਾਉ ॥ ਪਾਇ ਠਗਉਰੀ ਆਪਿ ਭੁਲਾਇਓ ਜਨਮਤ ਬਾਰੋ ਬਾਰ ॥ ਹਰਿ ਕਾ ਸਿਮਰਨੁ
ਨਿਮਖ ਨ ਸਿਮਰਿਓ ਜਮਕੰਕਰ ਕਰਤ ਖੁਆਰ ॥੧॥ ਹੋਹੁ ਕ੍ਰਿਪਾਲ ਦੀਨ ਦੁਖ ਭੰਜਨ ਤੇਰਿਆ ਸੰਤਹ ਕੀ ਰਾਵਾਰ ॥

ਨਾਨਕ ਦਾਸੁ ਦਰਸੁ ਪ੍ਰਭ ਜਾਚੈ ਮਨ ਤਨ ਕੋ ਆਧਾਰ ॥੨॥੭੮॥੧੦੧॥ ਸਾਰਗ ਮਹਲਾ ੫ ॥ ਮੈਲਾ ਹਰਿ ਕੇ ਨਾਮ ਬਿਨੁ ਜੀਉ ॥ ਤਿਨਿ ਪ੍ਰਭਿ ਸਾਚੈ ਆਪਿ ਭੁਲਾਇਆ ਬਿਖੈ ਠਗਉਰੀ ਪੀਉ ॥੧॥ ਰਹਾਉ ॥ ਕੋਟਿ ਜਨਮ ਭ੍ਰਮਤੌ ਬਹੁ ਭਾਂਤੀ ਥਿਤਿ ਨਹੀ ਕਤਹੂ ਪਾਈ ॥ ਪੂਰਾ ਸਤਿਗੁਰੁ ਸਹਜਿ ਨ ਭੇਟਿਆ ਸਾਕਤੁ ਆਵੈ ਜਾਈ ॥੧॥ ਰਾਖਿ ਲੇਹੁ ਪ੍ਰਭ ਸੰਮ੍ਰਿਥ ਦਾਤੇ ਤੁਮ ਪ੍ਰਭ ਅਗਮ ਅਪਾਰ ॥ ਨਾਨਕ ਦਾਸ ਤੇਰੀ ਸਰਣਾਈ ਭਵਜਲੁ ਉਤਰਿਓ ਪਾਰ ॥੨॥੭੯॥੧੦੨॥ ਸਾਰਗ ਮਹਲਾ ੫ ॥ ਰਮਣ ਕਉ ਰਾਮ ਕੇ ਗੁਣ ਬਾਦ ॥ ਸਾਧਸੰਗਿ ਧਿਆਈਐ ਪਰਮੇਸਰੁ ਅੰਮ੍ਰਿਤ ਜਾ ਕੇ ਸੁਆਦ ॥੧॥ ਰਹਾਉ ॥ ਸਿਮਰਤ ਏਕੁ ਅਚੁਤ ਅਬਿਨਾਸੀ ਬਿਨਸੇ ਮਾਇਆ ਮਾਦ ॥ ਸਹਜ ਅਨਦ ਅਨਹਦ ਧੁਨਿ ਬਾਣੀ ਬਹੁਰਿ ਨ ਭਏ ਬਿਖਾਦ ॥੧॥ ਸਨਕਾਦਿਕ ਬ੍ਰਹਮਾਦਿਕ ਗਾਵਤ ਗਾਵਤ ਸੁਕ ਪ੍ਰਹਿਲਾਦ ॥ ਪੀਵਤ ਅਮਿਉ ਮਨੋਹਰ ਹਰਿ ਰਸੁ ਜਪਿ ਨਾਨਕ ਹਰਿ ਬਿਸਮਾਦ ॥੨॥੮੦॥੧੦੩॥ ਸਾਰਗ ਮਹਲਾ ੫ ॥ ਕੀਨੑੇ ਪਾਪ ਕੇ ਬਹੁ ਕੋਟ ॥ ਦਿਨਸੁ ਰੈਨੀ ਥਕਤ ਨਾਹੀ ਕਤਹਿ ਨਾਹੀ ਛੋਟ ॥੧॥ ਰਹਾਉ ॥ ਮਹਾ ਬਜਰ ਬਿਖ ਬਿਆਧੀ ਸਿਰਿ ਉਠਾਈ ਪੋਟ ॥ ਉਘਰਿ ਗਈਆਂ ਖਿਨਹਿ ਭੀਤਰਿ ਜਮਹਿ ਗ੍ਰਾਸੇ ਝੋਟ ॥੧॥ ਪਸੁ ਪਰੇਤ ਉਸਟ ਗਰਧਭ ਅਨਿਕ ਜੋਨੀ ਲੇਟ ॥ ਭਜੁ ਸਾਧਸੰਗਿ ਗੋਬਿੰਦ ਨਾਨਕ ਕਛੁ ਨ ਲਾਗੈ ਫੇਟ ॥੨॥੮੧॥੧੦੪॥ ਸਾਰਗ ਮਹਲਾ ੫ ॥ ਅੰਧੇ ਖਾਵਹਿ ਬਿਸੂ ਕੇ ਗਟਾਕ ॥ ਨੈਨ ਸ੍ਰਵਨ ਸਰੀਰੁ ਸਭੁ ਹੁਟਿਓ ਸਾਸੁ ਗਇਓ ਤਤ ਘਾਟ ॥੧॥ ਰਹਾਉ ॥ ਅਨਾਥ ਰਵਾਨਿ ਉਦਰੁ ਲੇ ਪੋਖਹਿ ਮਾਇਆ ਗਈਆ ਹਾਟਿ ॥ ਕਿਲਬਿਖ ਕਰਤ ਕਰਤ ਪਛੁਤਾਵਹਿ ਕਬਹੁ ਨ ਸਾਕਹਿ ਛਾਂਟਿ ॥੧॥ ਨਿੰਦਕੁ ਜਮਦੂਤੀ ਆਇ ਸੰਘਾਰਿਓ ਦੇਵਹਿ ਮੂੰਡ ਉਪਰਿ ਮਟਾਕ ॥ ਨਾਨਕ ਆਪਨ ਕਟਾਰੀ ਆਪਸ ਕਉ ਲਾਈ ਮਨੁ ਅਪਨਾ ਕੀਨੋ ਫਾਟ ॥੨॥੮੨॥੧੦੫॥ ਸਾਰਗ ਮਹਲਾ ੫ ॥ ਟੂਟੀ ਨਿੰਦਕ ਕੀ ਅਧ ਬੀਚ ॥ ਜਨ ਕਾ ਰਾਖਾ ਆਪਿ ਸੁਆਮੀ ਬੇਮੁਖ ਕਉ ਆਇ ਪਹੂਚੀ ਮੀਚ ॥੧॥ ਰਹਾਉ ॥ ਉਸ ਕਾ ਕਹਿਆ ਕੋਇ ਨ ਸੁਣਈ ਕਹੀ ਨ ਬੈਸਣੁ ਪਾਵੈ ॥ ਈਹਾਂ ਦੁਖੁ ਆਗੈ ਨਰਕੁ ਭੁੰਚੈ ਬਹੁ ਜੋਨੀ ਭਰਮਾਵੈ ॥੧॥ ਪ੍ਰਗਟੁ ਭਇਆ ਖੰਡੀ ਬ੍ਰਹਮੰਡੀ ਕੀਤਾ ਅਪਣਾ ਪਾਇਆ ॥ ਨਾਨਕ ਸਰਣਿ ਨਿਰਭਉ ਕਰਤੇ ਕੀ ਅਨਦ ਮੰਗਲ ਗੁਣ ਗਾਇਆ ॥੨॥੮੩॥੧੦੬॥ ਸਾਰਗ ਮਹਲਾ ੫ ॥ ਤ੍ਰਿਸਨਾ ਚਲਤ

ਬਹੁ ਪਰਕਾਰਿ ॥ ਪੂਰਨ ਹੋਤ ਨ ਕਤਹੁ ਬਾਤਹਿ ਅੰਤਿ ਪਰਤੀ ਹਾਰਿ ॥੧॥ ਰਹਾਉ ॥ ਸਾਂਤਿ ਸੂਖ ਨ ਸਹਜੁ ਉਪਜੈ ਇਹੈ ਇਸੁ ਬਿਉਹਾਰਿ ॥ ਆਪ ਪਰ ਕਾ ਕਛੁ ਨ ਜਾਨੈ ਕਾਮ ਕ੍ਰੋਧਹਿ ਜਾਰਿ ॥੧॥ ਸੰਸਾਰ ਸਾਗਰੁ ਦੁਖਿ ਬਿਆਪਿਓ ਦਾਸ ਲੇਵਹੁ ਤਾਰਿ ॥ ਚਰਨ ਕਮਲ ਸਰਣਾਇ ਨਾਨਕ ਸਦ ਸਦਾ ਬਲਿਹਾਰਿ ॥੨॥੯੪॥੧੦੭॥ ਸਾਰਗ ਮਹਲਾ ੫ ॥ ਰੇ ਪਾਪੀ ਤੈ ਕਵਨ ਕੀ ਮਤਿ ਲੀਨ ॥ ਨਿਮਖ ਘਰੀ ਨ ਸਿਮਰਿ ਸੁਆਮੀ ਜੀਉ ਪਿੰਡੁ ਜਿਨਿ ਦੀਨ ॥੧॥ ਰਹਾਉ ॥ ਖਾਤ ਪੀਵਤ ਸਵੰਤ ਸੁਖੀਆ ਨਾਮੁ ਸਿਮਰਤ ਖੀਨ ॥ ਗਰਭ ਉਦਰ ਬਿਲਲਾਟ ਕਰਤਾ ਤਹਾਂ ਹੋਵਤ ਦੀਨ ॥੧॥ ਮਹਾ ਮਾਦ ਬਿਕਾਰ ਬਾਧਾ ਅਨਿਕ ਜੋਨਿ ਭ੍ਰਮੀਨ ॥ ਗੋਬਿੰਦ ਬਿਸਰੇ ਕਵਨ ਦੁਖ ਗਨੀਅਹਿ ਸੁਖੁ ਨਾਨਕ ਹਰਿ ਪਦ ਚੀਨ੍ ॥੨॥੯੫॥੧੦੮॥ ਸਾਰਗ ਮਹਲਾ ੫ ॥ ਮਾਈ ਰੀ ਚਰਨਹ ਓਟ ਗਹੀ ॥ ਦਰਸਨੁ ਪੇਖਿ ਮੇਰਾ ਮਨੁ ਮੋਹਿਓ ਦੁਰਮਤਿ ਜਾਤ ਬਹੀ ॥੧॥ ਰਹਾਉ ॥ ਅਗਹ ਅਗਾਧਿ ਊਚ ਅਬਿਨਾਸੀ ਕੀਮਤਿ ਜਾਤ ਨ ਕਹੀ ॥ ਜਲਿ ਥਲਿ ਪੇਖਿ ਪੇਖਿ ਮਨੁ ਬਿਗਸਿਓ ਪੂਰਿ ਰਹਿਓ ਸ੍ਰਬ ਮਹੀ ॥੧॥ ਦੀਨ ਦਇਆਲ ਪ੍ਰੀਤਮ ਮਨਮੋਹਨ ਮਿਲਿ ਸਾਧਹ ਕੀਨੋ ਸਹੀ ॥ ਸਿਮਰਿ ਸਿਮਰਿ ਜੀਵਤ ਹਰਿ ਨਾਨਕ ਜਮ ਕੀ ਭੀਰ ਨ ਫਹੀ ॥੨॥੯੬॥੧੦੯॥ ਸਾਰਗ ਮਹਲਾ ੫ ॥ ਮਾਈ ਰੀ ਮਨੁ ਮੇਰੋ ਮਤਵਾਰੋ ॥ ਪੇਖਿ ਦਇਆਲ ਅਨਦ ਸੁਖ ਪੂਰਨ ਹਰਿ ਰਸਿ ਰਪਿਓ ਖੁਮਾਰੋ ॥੧॥ ਰਹਾਉ ॥ ਨਿਰਮਲ ਭਏ ਊਜਲ ਜਸੁ ਗਾਵਤ ਬਹੁਰਿ ਨ ਹੋਵਤ ਕਾਰੋ ॥ ਚਰਨ ਕਮਲ ਸਿਉ ਡੋਰੀ ਰਾਚੀ ਭੇਟਿਓ ਪੁਰਖੁ ਅਪਾਰੋ ॥੧॥ ਕਰੁ ਗਹਿ ਲੀਨੇ ਸਰਬਸੁ ਦੀਨੇ ਦੀਪਕ ਭਇਓ ਉਜਾਰੋ ॥ ਨਾਨਕ ਨਾਮਿ ਰਸਿਕ ਬੈਰਾਗੀ ਕੁਲਹ ਸਮੂਹਾਂ ਤਾਰੋ ॥੨॥੯੭॥੧੧੦॥ ਸਾਰਗ ਮਹਲਾ ੫ ॥ ਮਾਈ ਰੀ ਆਨ ਸਿਮਰਿ ਮਰਿ ਜਾਂਹਿ ॥ ਤਿਆਗਿ ਗੋਬਿਦੁ ਜੀਅਨ ਕੋ ਦਾਤਾ ਮਾਇਆ ਸੰਗਿ ਲਪਟਾਹਿ ॥੧॥ ਰਹਾਉ ॥ ਨਾਮੁ ਬਿਸਾਰਿ ਚਲਹਿ ਅਨ ਮਾਰਗਿ ਨਰਕ ਘੋਰ ਮਹਿ ਪਾਹਿ ॥ ਅਨਿਕ ਸਜਾਂਈ ਗਣਤ ਨ ਆਵੈ ਗਰਭੈ ਗਰਭਿ ਭ੍ਰਮਾਹਿ ॥੧॥ ਸੇ ਧਨਵੰਤੇ ਸੇ ਪਤਿਵੰਤੇ ਹਰਿ ਕੀ ਸਰਣਿ ਸਮਾਹਿ ॥ ਗੁਰ ਪ੍ਰਸਾਦਿ ਨਾਨਕ ਜਗੁ ਜੀਤਿਓ ਬਹੁਰਿ ਨ ਆਵਹਿ ਜਾਂਹਿ ॥੨॥੯੮॥੧੧੧॥ ਸਾਰਗ ਮਹਲਾ ੫ ॥ ਹਰਿ ਕਾਟੀ ਕੁਟਿਲਤਾ ਕੁਠਾਰਿ ॥ ਭ੍ਰਮ ਬਨ ਦਹਨ ਭਏ ਖਿਨ ਭੀਤਰਿ ਰਾਮ ਨਾਮ ਪਰਹਾਰਿ ॥੧॥ ਰਹਾਉ ॥ ਕਾਮ ਕ੍ਰੋਧ ਨਿੰਦਾ ਪਰਹਰੀਆ ਕਾਢੇ ਸਾਧੂ ਕੈ ਸੰਗਿ ਮਾਰਿ ॥

ਜਨਮੁ ਪਦਾਰਥੁ ਗੁਰਮੁਖਿ ਜੀਤਿਆ ਬਹੁਰਿ ਨ ਜੂਐ ਹਾਰਿ ॥੧॥ ਆਠ ਪਹਰ ਪ੍ਰਭ ਕੇ ਗੁਣ ਗਾਵਹ ਪੂਰਨ ਸਬਦਿ ਬੀਚਾਰਿ ॥ ਨਾਨਕ ਦਾਸਨਿ ਦਾਸੁ ਜਨੁ ਤੇਰਾ ਪੁਨਹ ਪੁਨਹ ਨਮਸਕਾਰਿ ॥੨॥੮੯॥੧੧੨॥ ਸਾਰਗ ਮਹਲਾ ੫ ॥ ਪੋਥੀ ਪਰਮੇਸਰ ਕਾ ਥਾਨੁ ॥ ਸਾਧਸੰਗਿ ਗਾਵਹਿ ਗੁਣ ਗੋਬਿੰਦ ਪੂਰਨ ਬ੍ਰਹਮ ਗਿਆਨੁ ॥੧॥ ਰਹਾਉ ॥ ਸਾਧਿਕ ਸਿਧ ਸਗਲ ਮੁਨਿ ਲੋਚਹਿ ਬਿਰਲੇ ਲਾਗੈ ਧਿਆਨੁ ॥ ਜਿਸਹਿ ਕ੍ਰਿਪਾਲੁ ਹੋਇ ਮੇਰਾ ਸੁਆਮੀ ਪੂਰਨ ਤਾ ਕੋ ਕਾਮੁ ॥੧॥ ਜਾ ਕੈ ਰਿਦੈ ਵਸੈ ਭੈ ਭੰਜਨੁ ਤਿਸੁ ਜਾਨੈ ਸਗਲ ਜਹਾਨੁ ॥ ਖਿਨੁ ਪਲੁ ਬਿਸਰੁ ਨਹੀ ਮੇਰੇ ਕਰਤੇ ਇਹੁ ਨਾਨਕੁ ਮਾਂਗੈ ਦਾਨੁ ॥੨॥੯੦॥੧੧੩॥ ਸਾਰਗ ਮਹਲਾ ੫ ॥ ਵੂਠਾ ਸਰਬ ਥਾਈ ਮੇਹੁ ॥ ਅਨਦ ਮੰਗਲ ਗਾਉ ਹਰਿ ਜਸੁ ਪੂਰਨ ਪ੍ਰਗਟਿਓ ਨੇਹੁ ॥੧॥ ਰਹਾਉ ॥ ਚਾਰਿ ਕੁੰਟ ਦਹ ਦਿਸਿ ਜਲ ਨਿਧਿ ਊਨ ਥਾਉ ਨ ਕੇਹੁ ॥ ਕ੍ਰਿਪਾ ਨਿਧਿ ਗੋਬਿੰਦ ਪੂਰਨ ਜੀਅ ਦਾਨੁ ਸਭ ਦੇਹੁ ॥੧॥ ਸਤਿ ਸਤਿ ਹਰਿ ਸਤਿ ਸੁਆਮੀ ਸਤਿ ਸਾਧਸੰਗੇਹੁ ॥ ਸਤਿ ਤੇ ਜਨ ਜਿਨ ਪਰਤੀਤਿ ਉਪਜੀ ਨਾਨਕ ਨਹ ਭਰਮੇਹੁ ॥੨॥੯੧॥੧੧੪॥ ਸਾਰਗ ਮਹਲਾ ੫ ॥ ਗੋਬਿਦ ਜੀਉ ਤੂ ਮੇਰੇ ਪ੍ਰਾਨ ਅਧਾਰ ॥ ਸਾਜਨ ਮੀਤ ਸਹਾਈ ਤੁਮ ਹੀ ਤੂ ਮੇਰੋ ਪਰਵਾਰ ॥੧॥ ਰਹਾਉ ॥ ਕਰੁ ਮਸਤਕਿ ਧਾਰਿਓ ਮੇਰੈ ਮਾਥੈ ਸਾਧਸੰਗਿ ਗੁਣ ਗਾਏ ॥ ਤੁਮਰੀ ਕ੍ਰਿਪਾ ਤੇ ਸਭ ਫਲ ਪਾਏ ਰਸਕਿ ਰਾਮ ਨਾਮ ਧਿਆਏ ॥੧॥ ਅਬਿਚਲ ਨੀਵ ਧਰਾਈ ਸਤਿਗੁਰਿ ਕਬਹੂ ਡੋਲਤ ਨਾਹੀ ॥ ਗੁਰ ਨਾਨਕ ਜਬ ਭਏ ਦਇਆਰਾ ਸਰਬ ਸੁਖਾ ਨਿਧਿ ਪਾਂਹੀ ॥੨॥੯੨॥੧੧੫॥ ਸਾਰਗ ਮਹਲਾ ੫ ॥ ਨਿਬਹੀ ਨਾਮ ਕੀ ਸਚੁ ਖੇਪ ॥ ਲਾਭੁ ਹਰਿ ਗੁਣ ਗਾਇ ਨਿਧਿ ਧਨੁ ਬਿਖੈ ਮਾਹਿ ਅਲੇਪ ॥੧॥ ਰਹਾਉ ॥ ਜੀਅ ਜੰਤ ਸਗਲ ਸੰਤੋਖੇ ਆਪਨਾ ਪ੍ਰਭੁ ਧਿਆਇ ॥ ਰਤਨ ਜਨਮੁ ਅਪਾਰ ਜੀਤਿਓ ਬਹੁੜਿ ਜੋਨਿ ਨ ਪਾਇ ॥੧॥ ਭਏ ਕ੍ਰਿਪਾਲ ਦਇਆਲ ਗੋਬਿਦ ਭਇਆ ਸਾਧੂ ਸੰਗੁ ॥ ਹਰਿ ਚਰਨ ਰਾਸਿ ਨਾਨਕ ਪਾਈ ਲਗਾ ਪ੍ਰਭ ਸਿਉ ਰੰਗੁ ॥੨॥੯੩॥੧੧੬॥ ਸਾਰਗ ਮਹਲਾ ੫ ॥ ਮਾਈ ਰੀ ਪੇਖਿ ਰਹੀ ਬਿਸਮਾਦ ॥ ਅਨਹਦ ਧੁਨੀ ਮੇਰਾ ਮਨੁ ਮੋਹਿਓ ਅਚਰਜ ਤਾ ਕੇ ਸ੍ਵਾਦ ॥੧॥ ਰਹਾਉ ॥ ਮਾਤ ਪਿਤਾ ਬੰਧਪ ਹੈ ਸੋਈ ਮਨਿ ਹਰਿ ਕੋ ਅਹਿਲਾਦ ॥ ਸਾਧਸੰਗਿ ਗਾਏ ਗੁਨ ਗੋਬਿੰਦ ਬਿਨਸਿਓ ਸਭੁ ਪਰਮਾਦ ॥੧॥ ਡੋਰੀ ਲਪਟਿ ਰਹੀ ਚਰਨਹ ਸੰਗਿ ਭ੍ਰਮ ਭੈ ਸਗਲੇ ਖਾਦ ॥ ਏਕੁ ਅਧਾਰੁ ਨਾਨਕ ਜਨ ਕੀਆ ਬਹੁਰਿ ਨ

ਜੋਨਿ ਭ੍ਰਮਾਦ ॥੨॥੯੪॥੧੧੭॥ ਸਾਰਗ ਮਹਲਾ ੫ ॥ ਮਾਈ ਰੀ ਮਾਤੀ ਚਰਣ ਸਮੂਹ ॥ ਏਕਸੁ ਬਿਨੁ ਹਉ ਆਨ ਨ ਜਾਨਉ ਦੁਤੀਆ ਭਾਉ ਸਭ ਲੂਹ ॥੧॥ ਰਹਾਉ ॥ ਤਿਆਗਿ ਗੁੋਪਾਲ ਅਵਰ ਜੋ ਕਰਣਾ ਤੇ ਬਿਖਿਆ ਕੇ ਖੂਹ ॥ ਦਰਸ ਪਿਆਸ ਮੇਰਾ ਮਨੁ ਮੋਹਿਓ ਕਾਢੀ ਨਰਕ ਤੇ ਧੂਹ ॥੧॥ ਸੰਤ ਪ੍ਰਸਾਦਿ ਮਿਲਿਓ ਸੁਖਦਾਤਾ ਬਿਨਸੀ ਹਉਮੈ ਹੂਹ ॥ ਰਾਮ ਰੰਗਿ ਰਾਤੇ ਦਾਸ ਨਾਨਕ ਮਉਲਿਓ ਮਨੁ ਤਨੁ ਜੂਹ ॥੨॥੯੫॥੧੧੮॥ ਸਾਰਗ ਮਹਲਾ ੫ ॥ ਬਿਨਸੇ ਕਾਚ ਕੇ ਬਿਉਹਾਰ ॥ ਰਾਮ ਭਜੁ ਮਿਲਿ ਸਾਧਸੰਗਤਿ ਇਹੈ ਜਗ ਮਹਿ ਸਾਰ ॥੧॥ ਰਹਾਉ ॥ ਈਤ ਊਤ ਨ ਡੋਲਿ ਕਤਹੂ ਨਾਮੁ ਹਿਰਦੈ ਧਾਰਿ ॥ ਗੁਰ ਚਰਨ ਬੋਹਿਥ ਮਿਲਿਓ ਭਾਗੀ ਉਤਰਿਓ ਸੰਸਾਰ ॥੧॥ ਜਲਿ ਥਲਿ ਮਹੀਅਲਿ ਪੂਰਿ ਰਹਿਓ ਸਰਬ ਨਾਥ ਅਪਾਰ ॥ ਹਰਿ ਨਾਮੁ ਅੰਮ੍ਰਿਤੁ ਪੀਉ ਨਾਨਕ ਆਨ ਰਸ ਸਭਿ ਖਾਰ ॥੨॥੯੬॥੧੧੯॥ ਸਾਰਗ ਮਹਲਾ ੫ ॥ ਤਾ ਤੇ ਕਰਣ ਪਲਾਹ ਕਰੇ ॥ ਮਹਾ ਬਿਕਾਰ ਮੋਹ ਮਦ ਮਾਤੌ ਸਿਮਰਤ ਨਾਹਿ ਹਰੇ ॥੧॥ ਰਹਾਉ ॥ ਸਾਧਸੰਗਿ ਜਪਤੇ ਨਾਰਾਇਣ ਤਿਨ ਕੇ ਦੋਖ ਜਰੇ ॥ ਸਫਲ ਦੇਹ ਧੰਨਿ ਓਇ ਜਨਮੇ ਪ੍ਰਭ ਕੈ ਸੰਗਿ ਰਲੇ ॥੧॥ ਚਾਰਿ ਪਦਾਰਥ ਅਸਟ ਦਸਾ ਸਿਧਿ ਸਭ ਊਪਰਿ ਸਾਧ ਭਲੇ ॥ ਨਾਨਕ ਦਾਸ ਧੂਰਿ ਜਨ ਬਾਂਛੈ ਉਧਰਹਿ ਲਾਗਿ ਪਲੇ ॥੨॥੯੭॥੧੨੦॥ ਸਾਰਗ ਮਹਲਾ ੫ ॥ ਹਰਿ ਕੇ ਨਾਮ ਕੇ ਜਨ ਕਾਂਖੀ ॥ ਮਨਿ ਤਨਿ ਬਚਨਿ ਏਹੀ ਸੁਖੁ ਚਾਹਤ ਪ੍ਰਭ ਦਰਸੁ ਦੇਖਹਿ ਕਬ ਆਖੀ ॥੧॥ ਰਹਾਉ ॥ ਤੂ ਬੇਅੰਤੁ ਪਾਰਬ੍ਰਹਮ ਸੁਆਮੀ ਗਤਿ ਤੇਰੀ ਜਾਇ ਨ ਲਾਖੀ ॥ ਚਰਨ ਕਮਲ ਪ੍ਰੀਤਿ ਮਨੁ ਬੇਧਿਆ ਕਰਿ ਸਰਬਸੁ ਅੰਤਰਿ ਰਾਖੀ ॥੧॥ ਬੇਦ ਪੁਰਾਨ ਸਿਮ੍ਰਿਤਿ ਸਾਧੂ ਜਨ ਇਹ ਬਾਣੀ ਰਸਨਾ ਭਾਖੀ ॥ ਜਪਿ ਰਾਮ ਨਾਮੁ ਨਾਨਕ ਨਿਸਤਰੀਐ ਹੋਰੁ ਦੁਤੀਆ ਬਿਰਥੀ ਸਾਖੀ ॥੨॥੯੮॥੧੨੧॥ ਸਾਰਗ ਮਹਲਾ ੫ ॥ ਮਾਖੀ ਰਾਮ ਕੀ ਤੂ ਮਾਖੀ ॥ ਜਹ ਦੁਰਗੰਧ ਤਹਾ ਤੂ ਬੈਸਹਿ ਮਹਾ ਬਿਖਿਆ ਮਦ ਚਾਖੀ ॥੧॥ ਰਹਾਉ ॥ ਕਿਤਹਿ ਅਸਥਾਨਿ ਤੂ ਟਿਕਨੁ ਨ ਪਾਵਹਿ ਇਹ ਬਿਧਿ ਦੇਖੀ ਆਖੀ ॥ ਸੰਤਾ ਬਿਨੁ ਤੈ ਕੋਇ ਨ ਛਾਡਿਆ ਸੰਤ ਪਰੇ ਗੋਬਿਦ ਕੀ ਪਾਖੀ ॥੧॥ ਜੀਅ ਜੰਤ ਸਗਲੇ ਤੈ ਮੋਹੇ ਬਿਨੁ ਸੰਤਾ ਕਿਨੈ ਨ ਲਾਖੀ ॥ ਨਾਨਕ ਦਾਸੁ ਹਰਿ ਕੀਰਤਨਿ ਰਾਤਾ ਸਬਦੁ ਸੁਰਤਿ ਸਚੁ ਸਾਖੀ ॥੨॥੯੯॥੧੨੨॥ ਸਾਰਗ ਮਹਲਾ ੫ ॥ ਮਾਈ ਰੀ ਕਾਟੀ ਜਮ ਕੀ ਫਾਸ ॥ ਹਰਿ ਹਰਿ ਜਪਤ ਸਰਬ ਸੁਖ ਪਾਏ ਬੀਚੇ ਗ੍ਰਸਤ ਉਦਾਸ

॥੧॥ ਰਹਾਉ ॥ ਕਰਿ ਕਿਰਪਾ ਲੀਨੇ ਕਰਿ ਅਪੁਨੇ ਉਪਜੀ ਦਰਸ ਪਿਆਸ ॥ ਸੰਤਸੰਗਿ ਮਿਲਿ ਹਰਿ ਗੁਣ ਗਾਏ ਬਿਨਸੀ ਦੁਤੀਆ ਆਸ ॥੧॥ ਮਹਾ ਉਦਿਆਨ ਅਟਵੀ ਤੇ ਕਾਢੇ ਮਾਰਗੁ ਸੰਤ ਕਹਿਓ ॥ ਦੇਖਤ ਦਰਸੁ ਪਾਪ ਸਭਿ ਨਾਸੇ ਹਰਿ ਨਾਨਕ ਰਤਨੁ ਲਹਿਓ ॥੨॥੧੦੦॥੧੨੩॥ ਸਾਰਗ ਮਹਲਾ ੫ ॥ ਮਾਈ ਰੀ ਅਰਿਓ ਪ੍ਰੇਮ ਕੀ ਖੋਰਿ ॥ ਦਰਸਨ ਰੁਚਿਤ ਪਿਆਸ ਮਨਿ ਸੁੰਦਰ ਸਕਤ ਨ ਕੋਈ ਤੋਰਿ ॥੧॥ ਰਹਾਉ ॥ ਪ੍ਰਾਨ ਮਾਨ ਪਤਿ ਪਿਤ ਸੁਤ ਬੰਧਪ ਹਰਿ ਸਰਬਸੁ ਧਨ ਮੋਰ ॥ ਧ੍ਰਿਗੁ ਸਰੀਰੁ ਅਸਤ ਬਿਸਟਾ ਕ੍ਰਿਮ ਬਿਨੁ ਹਰਿ ਜਾਨਤ ਹੋਰ ॥੧॥ ਭਇਓ ਕ੍ਰਿਪਾਲ ਦੀਨ ਦੁਖ ਭੰਜਨੁ ਪਰਾ ਪੂਰਬਲਾ ਜੋਰ ॥ ਨਾਨਕ ਸਰਣਿ ਕ੍ਰਿਪਾ ਨਿਧਿ ਸਾਗਰ ਬਿਨਸਿਓ ਆਨ ਨਿਹੋਰ ॥੨॥੧੦੧॥੧੨੪॥ ਸਾਰਗ ਮਹਲਾ ੫ ॥ ਨੀਕੀ ਰਾਮ ਕੀ ਧੁਨਿ ਸੋਇ ॥ ਚਰਨ ਕਮਲ ਅਨੂਪ ਸੁਆਮੀ ਜਪਤ ਸਾਧੂ ਹੋਇ ॥੧॥ ਰਹਾਉ ॥ ਚਿਤਵਤਾ ਗੋਪਾਲ ਦਰਸਨ ਕਲਮਲਾ ਕਢੁ ਧੋਇ ॥ ਜਨਮ ਮਰਨ ਬਿਕਾਰ ਅੰਕੁਰ ਹਰਿ ਕਾਟਿ ਛਾਡੇ ਖੋਇ ॥੧॥ ਪਰਾ ਪੂਰਬਿ ਜਿਸਹਿ ਲਿਖਿਆ ਬਿਰਲਾ ਪਾਏ ਕੋਇ ॥ ਰਵਣ ਗੁਣ ਗੋਪਾਲ ਕਰਤੇ ਨਾਨਕਾ ਸਚੁ ਜੋਇ ॥੨॥੧੦੨॥੧੨੫॥ ਸਾਰਗ ਮਹਲਾ ੫ ॥ ਹਰਿ ਕੇ ਨਾਮ ਕੀ ਮਤਿ ਸਾਰ ॥ ਹਰਿ ਬਿਸਾਰਿ ਜੁ ਆਨ ਰਾਚਹਿ ਮਿਥਨ ਸਭ ਬਿਸਥਾਰ ॥੧॥ ਰਹਾਉ ॥ ਸਾਧਸੰਗਮਿ ਭਜੁ ਸੁਆਮੀ ਪਾਪ ਹੋਵਤ ਖਾਰ ॥ ਚਰਨਾਰਬਿੰਦ ਬਸਾਇ ਹਿਰਦੈ ਬਹੁਰਿ ਜਨਮ ਨ ਮਾਰ ॥੧॥ ਕਰਿ ਅਨੁਗ੍ਰਹ ਰਾਖਿ ਲੀਨੇ ਏਕ ਨਾਮ ਅਧਾਰ ॥ ਦਿਨ ਰੈਨਿ ਸਿਮਰਤ ਸਦਾ ਨਾਨਕ ਮੁਖ ਊਜਲ ਦਰਬਾਰਿ ॥੨॥੧੦੩॥੧੨੬॥ ਸਾਰਗ ਮਹਲਾ ੫ ॥ ਮਾਨੀ ਤੂੰ ਰਾਮ ਕੈ ਦਰਿ ਮਾਨੀ ॥ ਸਾਧਸੰਗਿ ਮਿਲਿ ਹਰਿ ਗੁਨ ਗਾਏ ਬਿਨਸੀ ਸਭ ਅਭਿਮਾਨੀ ॥੧॥ ਰਹਾਉ ॥ ਧਾਰਿ ਅਨੁਗ੍ਰਹੁ ਅਪੁਨੀ ਕਰਿ ਲੀਨੀ ਗੁਰਮੁਖਿ ਪੂਰ ਗਿਆਨੀ ॥ ਸਰਬ ਸੂਖ ਆਨੰਦ ਘਨੇਰੇ ਠਾਕੁਰ ਦਰਸ ਧਿਆਨੀ ॥੧॥ ਨਿਕਟਿ ਵਰਤਨਿ ਸਾ ਸਦਾ ਸੁਹਾਗਨਿ ਦਹ ਦਿਸ ਸਾਈ ਜਾਨੀ ॥ ਪ੍ਰਿਅ ਰੰਗ ਰੰਗਿ ਰਤੀ ਨਾਰਾਇਨ ਨਾਨਕ ਤਿਸੁ ਕੁਰਬਾਨੀ ॥੨॥੧੦੪॥੧੨੭॥ ਸਾਰਗ ਮਹਲਾ ੫ ॥ ਤੁਅ ਚਰਨ ਆਸਰੋ ਈਸ ॥ ਤੁਮਹਿ ਪਛਾਨੂ ਸਾਕੁ ਤੁਮਹਿ ਸੰਗਿ ਰਾਖਨਹਾਰ ਤੁਮੈ ਜਗਦੀਸ ॥ ਰਹਾਉ ॥ ਤੂ ਹਮਰੋ ਹਮ ਤੁਮਰੇ ਕਹੀਐ ਇਤ ਉਤ ਤੁਮ ਹੀ ਰਾਖੇ ॥ ਤੂ ਬੇਅੰਤੁ ਅਪਰੰਪਰੁ ਸੁਆਮੀ ਗੁਰ ਕਿਰਪਾ ਕੋਈ ਲਾਖੈ ॥੧॥ ਬਿਨੁ ਬਕਨੇ ਬਿਨੁ ਕਹਨ ਕਹਾਵਨ ਅੰਤਰਜਾਮੀ ਜਾਨੈ ॥ ਜਾ ਕਉ ਮੇਲਿ ਲਏ

ਪ੍ਰਭ ਨਾਨਕ ਸੇ ਜਨ ਦਰਗਹ ਮਾਨੇ ॥੨॥੧੦੫॥੧੨੮॥

ਸਾਰੰਗ ਮਹਲਾ ੫ ਚਉਪਦੇ ਘਰੁ ੫ ੴ ਸਤਿਗੁਰ ਪ੍ਰਸਾਦਿ ॥

ਹਰਿ ਭਜਿ ਆਨ ਕਰਮ ਬਿਕਾਰ ॥ ਮਾਨ ਮੋਹੁ ਨ ਬੁਝਤ ਤ੍ਰਿਸਨਾ ਕਾਲ ਗ੍ਰਸ ਸੰਸਾਰ ॥੧॥ ਰਹਾਉ ॥ ਖਾਤ ਪੀਵਤ ਹਸਤ ਸੋਵਤ ਅਉਧ ਬਿਤੀ ਅਸਾਰ ॥ ਨਰਕ ਉਦਰਿ ਭ੍ਰਮੰਤ ਜਲਤੋ ਜਮਹਿ ਕੀਨੀ ਸਾਰ ॥੧॥ ਪਰ ਦ੍ਰੋਹ ਕਰਤ ਬਿਕਾਰ ਨਿੰਦਾ ਪਾਪ ਰਤ ਕਰ ਝਾਰ ॥ ਬਿਨਾ ਸਤਿਗੁਰ ਬੂਝ ਨਾਹੀ ਤਮ ਮੋਹ ਮਹਾਂ ਅੰਧਾਰ ॥੨॥ ਬਿਖੁ ਠਗਉਰੀ ਖਾਇ ਮੂਠੋ ਚਿਤਿ ਨ ਸਿਰਜਨਹਾਰ ॥ ਗੋਬਿੰਦ ਗੁਪਤ ਹੋਇ ਰਹਿਓ ਨਿਆਰੋ ਮਾਤੰਗ ਮਤਿ ਅਹੰਕਾਰ ॥੩॥ ਕਰਿ ਕ੍ਰਿਪਾ ਪ੍ਰਭ ਸੰਤ ਰਾਖੇ ਚਰਨ ਕਮਲ ਅਧਾਰ ॥ ਕਰ ਜੋਰਿ ਨਾਨਕੁ ਸਰਨਿ ਆਇਓ ਗੋੁਪਾਲ ਪੁਰਖ ਅਪਾਰ ॥੪॥੧॥੧੨੯॥

ਸਾਰਗ ਮਹਲਾ ੫ ਘਰੁ ੬ ਪੜਤਾਲ ੴ ਸਤਿਗੁਰ ਪ੍ਰਸਾਦਿ ॥

ਸੁਭ ਬਚਨ ਬੋਲਿ ਗੁਨ ਅਮੋਲ ॥ ਕਿੰਕਰੀ ਬਿਕਾਰ ॥ ਦੇਖੁ ਰੀ ਬੀਚਾਰ ॥ ਗੁਰ ਸਬਦੁ ਧਿਆਇ ਮਹਲੁ ਪਾਇ ॥ ਹਰਿ ਸੰਗਿ ਰੰਗ ਕਰਤੀ ਮਹਾ ਕੇਲ ॥੧॥ ਰਹਾਉ ॥ ਸੁਪਨ ਰੀ ਸੰਸਾਰੁ ॥ ਮਿਥਨੀ ਬਿਸਥਾਰੁ ॥ ਸਖੀ ਕਾਇ ਮੋਹਿ ਮੋਹਿਲੀ ਪ੍ਰਿਅ ਪ੍ਰੀਤਿ ਰਿਦੈ ਮੇਲ ॥੧॥ ਸਰਬ ਰੀ ਪ੍ਰੀਤਿ ਪਿਆਰੁ ॥ ਪ੍ਰਭੁ ਸਦਾ ਰੀ ਦਇਆਰੁ ॥ ਕਾਂਏਂ ਆਨ ਆਨ ਰੁਚੀਐ ॥ ਹਰਿ ਸੰਗਿ ਸੰਗਿ ਖਚੀਐ ॥ ਜਉ ਸਾਧਸੰਗ ਪਾਏ ॥ ਕਹੁ ਨਾਨਕ ਹਰਿ ਧਿਆਏ ॥ ਅਬ ਰਹੇ ਜਮਹਿ ਮੇਲ ॥੨॥੧॥੧੩੦॥ ਸਾਰਗ ਮਹਲਾ ੫ ॥ ਕੰਚਨਾ ਬਹੁ ਦਤ ਕਰਾ ॥ ਭੂਮਿ ਦਾਨੁ ਅਰਪਿ ਧਰਾ ॥ ਮਨ ਅਨਿਕ ਸੋਚ ਪਵਿਤ੍ਰ ਕਰਤ ॥ ਨਾਹੀ ਰੇ ਨਾਮ ਤੁਲਿ ਮਨ ਚਰਨ ਕਮਲ ਲਾਗੇ ॥੧॥ ਰਹਾਉ ॥ ਚਾਰਿ ਬੇਦ ਜਿਹਵ ਭਨੇ ॥ ਦਸ ਅਸਟ ਖਸਟ ਸ੍ਰਵਨ ਸੁਨੇ ॥ ਨਹੀ ਤੁਲਿ ਗੋਬਿਦ ਨਾਮ ਧੁਨੇ ॥ ਮਨ ਚਰਨ ਕਮਲ ਲਾਗੇ ॥੧॥ ਬਰਤ ਸੰਧਿ ਸੋਚ ਚਾਰ ॥ ਕ੍ਰਿਆ ਕੁੰਟਿ ਨਿਰਾਹਾਰ ॥ ਅਪਰਸ ਕਰਤ ਪਾਕਸਾਰ ॥ ਨਿਵਲੀ ਕਰਮ ਬਹੁ ਬਿਸਥਾਰ ॥ ਧੂਪ ਦੀਪ ਕਰਤੇ ਹਰਿ ਨਾਮ ਤੁਲਿ ਨ ਲਾਗੇ ॥ ਰਾਮ ਦਇਆਰ ਸੁਨਿ ਦੀਨ ਬੇਨਤੀ ॥ ਦੇਹੁ ਦਰਸੁ ਨੈਨ ਪੇਖਉ ਜਨ ਨਾਨਕ ਨਾਮ ਮਿਸਟ ਲਾਗੇ ॥੨॥੨॥੧੩੧॥ ਸਾਰਗ ਮਹਲਾ ੫ ॥ ਰਾਮ ਰਾਮ ਰਾਮ

ਜਾਪਿ ਰਮਤ ਰਾਮ ਸਹਾਈ ॥੧॥ ਰਹਾਉ ॥ ਸੰਤਨ ਕੈ ਚਰਨ ਲਾਗੇ ਕਾਮ ਕ੍ਰੋਧ ਲੋਭ ਤਿਆਗੇ ਗੁਰ ਗੋਪਾਲ ਭਏ ਕ੍ਰਿਪਾਲ ਲਬਧਿ ਅਪਨੀ ਪਾਈ ॥੧॥ ਬਿਨਸੇ ਭ੍ਰਮ ਮੋਹ ਅੰਧ ਟੂਟੇ ਮਾਇਆ ਕੇ ਬੰਧ ਪੂਰਨ ਸਰਬਤ੍ਰ ਠਾਕੁਰ ਨਹ ਕੋਊ ਬੈਰਾਈ ॥ ਸੁਆਮੀ ਸੁਪ੍ਰਸੰਨ ਭਏ ਜਨਮ ਮਰਨ ਦੋਖ ਗਏ ਸੰਤਨ ਕੈ ਚਰਨ ਲਾਗਿ ਨਾਨਕ ਗੁਨ ਗਾਈ ॥੨॥੩॥੧੩੨॥ ਸਾਰਗ ਮਹਲਾ ੫ ॥ ਹਰਿ ਹਰੇ ਹਰਿ ਮੁਖਹੁ ਬੋਲਿ ਹਰਿ ਹਰੇ ਮਨਿ ਧਾਰੇ ॥੧॥ ਰਹਾਉ ॥ ਸ੍ਰਵਨ ਸੁਨਨ ਭਗਤਿ ਕਰਨ ਅਨਿਕ ਪਾਤਿਕ ਪੁਨਹਚਰਨ ॥ ਸਰਨ ਪਰਨ ਸਾਧੂ ਆਨ ਬਾਨਿ ਬਿਸਾਰੇ ॥੧॥ ਹਰਿ ਚਰਨ ਪ੍ਰੀਤਿ ਨੀਤ ਨੀਤਿ ਪਾਵਨਾ ਮਹਿ ਮਹਾ ਪੁਨੀਤ ॥ ਸੇਵਕ ਭੈ ਦੂਰਿ ਕਰਨ ਕਲਿਮਲ ਦੋਖ ਜਾਰੇ ॥ ਕਹਤ ਮੁਕਤ ਸੁਨਤ ਮੁਕਤ ਰਹਤ ਜਨਮ ਰਹਤੇ ॥ ਰਾਮ ਰਾਮ ਸਾਰ ਭੂਤ ਨਾਨਕ ਤਤੁ ਬੀਚਾਰੇ ॥੨॥੪॥੧੩੩॥ ਸਾਰਗ ਮਹਲਾ ੫ ॥ ਨਾਮ ਭਗਤਿ ਮਾਗੁ ਸੰਤ ਤਿਆਗਿ ਸਗਲ ਕਾਮੀ ॥੧॥ ਰਹਾਉ ॥ ਪ੍ਰੀਤਿ ਲਾਇ ਹਰਿ ਧਿਆਇ ਗੁਨ ਗੋੁਬਿੰਦ ਸਦਾ ਗਾਇ ॥ ਹਰਿ ਜਨ ਕੀ ਰੇਨ ਬਾਂਛੁ ਦੈਨਹਾਰ ਸੁਆਮੀ ॥੧॥ ਸਰਬ ਕੁਸਲ ਸੁਖ ਬਿਸ੍ਰਾਮ ਆਨਦਾ ਆਨੰਦ ਨਾਮ ਜਮ ਕੀ ਕਛੁ ਨਾਹਿ ਤ੍ਰਾਸ ਸਿਮਰਿ ਅੰਤਰਜਾਮੀ ॥ ਏਕ ਸਰਨ ਗੋਬਿੰਦ ਚਰਨ ਸੰਸਾਰ ਸਗਲ ਤਾਪ ਹਰਨ ॥ ਨਾਵ ਰੂਪ ਸਾਧਸੰਗ ਨਾਨਕ ਪਾਰਗਰਾਮੀ ॥੨॥੫॥੧੩੪॥ ਸਾਰਗ ਮਹਲਾ ੫ ॥ ਗੁਨ ਲਾਲ ਗਾਵਉ ਗੁਰ ਦੇਖੇ ॥ ਪੰਚਾ ਤੇ ਏਕੁ ਛੂਟਾ ਜਉ ਸਾਧਸੰਗਿ ਪਗ ਰਉ ॥੧॥ ਰਹਾਉ ॥ ਦ੍ਰਿਸਟਉ ਕਛੁ ਸੰਗਿ ਨ ਜਾਇ ਮਾਨੁ ਤਿਆਗਿ ਮੋਹਾ ॥ ਏਕੈ ਹਰਿ ਪ੍ਰੀਤਿ ਲਾਇ ਮਿਲਿ ਸਾਧਸੰਗਿ ਸੋਹਾ ॥੧॥ ਪਾਇਓ ਹੈ ਗੁਣ ਨਿਧਾਨੁ ਸਗਲ ਆਸ ਪੂਰੀ ॥ ਨਾਨਕ ਮਨਿ ਅਨੰਦ ਭਏ ਗੁਰਿ ਬਿਖਮ ਗਾਰ੍ਹ ਤੋਰੀ ॥੨॥੬॥੧੩੫॥ ਸਾਰਗ ਮਹਲਾ ੫ ॥ ਮਨਿ ਬਿਰਾਗੈਗੀ ॥ ਖੋਜਤੀ ਦਰਸਾਰ ॥੧॥ ਰਹਾਉ ॥ ਸਾਧੂ ਸੰਤਨ ਸੇਵਿ ਕੈ ਪ੍ਰਿਉ ਹੀਅਰੈ ਧਿਆਇਓ ॥ ਆਨੰਦ ਰੂਪੀ ਪੇਖਿ ਕੈ ਹਉ ਮਹਲੁ ਪਾਵਉਗੀ ॥੧॥ ਕਾਮ ਕਰੀ ਸਭ ਤਿਆਗਿ ਕੈ ਹਉ ਸਰਣਿ ਪਰਉਗੀ ॥ ਨਾਨਕ ਸੁਆਮੀ ਗਰਿ ਮਿਲੇ ਹਉ ਗੁਰ ਮਨਾਵਉਗੀ ॥੨॥੭॥੧੩੬॥ ਸਾਰਗ ਮਹਲਾ ੫ ॥ ਐਸੀ ਹੋਇ ਪਰੀ ॥ ਜਾਨਤੇ ਦਇਆਰ ॥੧॥ ਰਹਾਉ ॥ ਮਾਤਰ ਪਿਤਰ ਤਿਆਗਿ ਕੈ ਮਨੁ ਸੰਤਨ ਪਾਹਿ ਬੇਚਾਇਓ ॥ ਜਾਤਿ ਜਨਮ ਕੁਲ ਖੋਈਐ ਹਉ ਗਾਵਉ ਹਰਿ ਹਰੀ ॥੧॥ ਲੋਕ ਕੁਟੰਬ ਤੇ ਟੂਟੀਐ ਪ੍ਰਭ ਕਿਰਤਿ ਕਿਰਤਿ ਕਰੀ ॥ ਗੁਰਿ ਮੋ ਕਉ ਉਪਦੇਸਿਆ ਨਾਨਕ

ਸੇਵਿ ਏਕ ਹਰੀ ॥੨॥੮॥੧੩੭॥ ਸਾਰਗ ਮਹਲਾ ੫ ॥ ਲਾਲ ਲਾਲ ਮੋਹਨ ਗੋਪਾਲ ਤੂ ॥ ਕੀਟ ਹਸਤਿ ਪਾਖਾਣ ਜੰਤ ਸਰਬ ਮੈ ਪ੍ਰਤਿਪਾਲ ਤੂ ॥੧॥ ਰਹਾਉ ॥ ਨਹ ਦੂਰਿ ਪੂਰਿ ਹਜੂਰਿ ਸੰਗੇ ॥ ਸੁੰਦਰ ਰਸਾਲ ਤੂ ॥੧॥ ਨਹ ਬਰਨ ਬਰਨ ਨਹ ਕੁਲਹ ਕੁਲ ॥ ਨਾਨਕ ਪ੍ਰਭ ਕਿਰਪਾਲ ਤੂ ॥੨॥੯॥੧੩੮॥ ਸਾਰਗ ਮਃ ੫ ॥ ਕਰਤ ਕੇਲ ਬਿਖੈ ਮੇਲ ਚੰਦ੍ਰ ਸੂਰ ਮੋਹੇ ॥ ਉਪਜਤਾ ਬਿਕਾਰ ਦੁੰਦਰ ਨਉਪਰੀ ਝੁਨੰਤਕਾਰ ਸੁੰਦਰ ਅਨਿਗ ਭਾਉ ਕਰਤ ਫਿਰਤ ਬਿਨੁ ਗੋਪਾਲ ਧੋਹੇ ॥ ਰਹਾਉ ॥ ਤੀਨਿ ਭਉਨੇ ਲਪਟਾਇ ਰਹੀ ਕਾਚ ਕਰਮਿ ਨ ਜਾਤ ਸਹੀ ਉਨਮਤ ਅੰਧ ਧੰਧ ਰਚਿਤ ਜੈਸੇ ਮਹਾ ਸਾਗਰ ਹੋਹੇ ॥੧॥ ਉਧਰੇ ਹਰਿ ਸੰਤ ਦਾਸ ਕਾਟਿ ਦੀਨੀ ਜਮ ਕੀ ਫਾਸ ਪਤਿਤ ਪਾਵਨ ਨਾਮੁ ਜਾ ਕੋ ਸਿਮਰਿ ਨਾਨਕ ਓਹੇ ॥੨॥੧੦॥੧੩੯॥੩॥੧੩॥੧੫੫॥

ੴ ਸਤਿਗੁਰ ਪ੍ਰਸਾਦਿ ॥ ਰਾਗੁ ਸਾਰੰਗ ਮਹਲਾ ੯ ॥ ਹਰਿ ਬਿਨੁ ਤੇਰੋ ਕੋ ਨ ਸਹਾਈ ॥ ਕਾਂ ਕੀ ਮਾਤ ਪਿਤਾ ਸੁਤ ਬਨਿਤਾ ਕੋ ਕਾਹੂ ਕੋ ਭਾਈ ॥੧॥ ਰਹਾਉ ॥ ਧਨੁ ਧਰਨੀ ਅਰੁ ਸੰਪਤਿ ਸਗਰੀ ਜੋ ਮਾਨਿਓ ਅਪਨਾਈ ॥ ਤਨ ਛੂਟੈ ਕਛੁ ਸੰਗਿ ਨ ਚਾਲੈ ਕਹਾ ਤਾਹਿ ਲਪਟਾਈ ॥੧॥ ਦੀਨ ਦਇਆਲ ਸਦਾ ਦੁਖ ਭੰਜਨ ਤਾ ਸਿਉ ਰੁਚਿ ਨ ਬਢਾਈ ॥ ਨਾਨਕ ਕਹਤ ਜਗਤ ਸਭ ਮਿਥਿਆ ਜਿਉ ਸੁਪਨਾ ਰੈਨਾਈ ॥੨॥੧॥ ਸਾਰੰਗ ਮਹਲਾ ੯ ॥ ਕਹਾ ਮਨ ਬਿਖਿਆ ਸਿਉ ਲਪਟਾਹੀ ॥ ਯਾ ਜਗ ਮਹਿ ਕੋਊ ਰਹਨੁ ਨ ਪਾਵੈ ਇਕਿ ਆਵਹਿ ਇਕਿ ਜਾਹੀ ॥੧॥ ਰਹਾਉ ॥ ਕਾਂ ਕੋ ਤਨੁ ਧਨੁ ਸੰਪਤਿ ਕਾਂ ਕੀ ਕਾ ਸਿਉ ਨੇਹੁ ਲਗਾਹੀ ॥ ਜੋ ਦੀਸੈ ਸੋ ਸਗਲ ਬਿਨਾਸੈ ਜਿਉ ਬਾਦਰ ਕੀ ਛਾਹੀ ॥੧॥ ਤਜਿ ਅਭਿਮਾਨੁ ਸਰਣਿ ਸੰਤਨ ਗਹੁ ਮੁਕਤਿ ਹੋਹਿ ਛਿਨ ਮਾਹੀ ॥ ਜਨ ਨਾਨਕ ਭਗਵੰਤ ਭਜਨ ਬਿਨੁ ਸੁਖੁ ਸੁਪਨੈ ਭੀ ਨਾਹੀ ॥੨॥੨॥ ਸਾਰੰਗ ਮਹਲਾ ੯ ॥ ਕਹਾ ਨਰ ਅਪਨੋ ਜਨਮੁ ਗਵਾਵੈ ॥ ਮਾਇਆ ਮਦਿ ਬਿਖਿਆ ਰਸਿ ਰਚਿਓ ਰਾਮ ਸਰਨਿ ਨਹੀ ਆਵੈ ॥੧॥ ਰਹਾਉ ॥ ਇਹੁ ਸੰਸਾਰੁ ਸਗਲ ਹੈ ਸੁਪਨੋ ਦੇਖਿ ਕਹਾ ਲੋਭਾਵੈ ॥ ਜੋ ਉਪਜੈ ਸੋ ਸਗਲ ਬਿਨਾਸੈ ਰਹਨੁ ਨ ਕੋਊ ਪਾਵੈ ॥੧॥ ਮਿਥਿਆ ਤਨੁ ਸਾਚੋ ਕਰਿ ਮਾਨਿਓ ਇਹ ਬਿਧਿ ਆਪੁ ਬੰਧਾਵੈ ॥ ਜਨ ਨਾਨਕ ਸੋਊ ਜਨੁ ਮੁਕਤਾ ਰਾਮ ਭਜਨ ਚਿਤੁ ਲਾਵੈ ॥੨॥੩॥ ਸਾਰੰਗ ਮਹਲਾ ੯ ॥ ਮਨ ਕਰਿ ਕਬਹੂ ਨ ਹਰਿ

ਗੁਨ ਗਾਇਓ ॥ ਬਿਖਿਆਸਕਤ ਰਹਿਓ ਨਿਸਿ ਬਾਸੁਰ ਕੀਨੋ ਅਪਨੋ ਭਾਇਓ ॥੧॥ ਰਹਾਉ ॥ ਗੁਰ ਉਪਦੇਸੁ ਸੁਨਿਓ ਨਹਿ ਕਾਨਨਿ ਪਰ ਦਾਰਾ ਲਪਟਾਇਓ ॥ ਪਰ ਨਿੰਦਾ ਕਾਰਨਿ ਬਹੁ ਧਾਵਤ ਸਮਝਿਓ ਨਹ ਸਮਝਾਇਓ ॥੧॥ ਕਹਾ ਕਹਉ ਮੈ ਅਪੁਨੀ ਕਰਨੀ ਜਿਹ ਬਿਧਿ ਜਨਮੁ ਗਵਾਇਓ ॥ ਕਹਿ ਨਾਨਕ ਸਭ ਅਉਗਨ ਮੋ ਮਹਿ ਰਾਖਿ ਲੇਹੁ ਸਰਨਾਇਓ ॥੨॥੪॥੩॥੧੩॥੧੩੯॥੪॥੧੫੯॥

ਰਾਗੁ ਸਾਰਗ ਅਸਟਪਦੀਆ ਮਹਲਾ ੧ ਘਰੁ ੧ ੴ ਸਤਿਗੁਰ ਪ੍ਰਸਾਦਿ ॥

ਹਰਿ ਬਿਨੁ ਕਿਉ ਜੀਵਾ ਮੇਰੀ ਮਾਈ ॥ ਜੈ ਜਗਦੀਸ ਤੇਰਾ ਜਸੁ ਜਾਚਉ ਮੈ ਹਰਿ ਬਿਨੁ ਰਹਨੁ ਨ ਜਾਈ ॥੧॥ ਰਹਾਉ ॥ ਹਰਿ ਕੀ ਪਿਆਸ ਪਿਆਸੀ ਕਾਮਨਿ ਦੇਖਉ ਰੈਨਿ ਸਬਾਈ ॥ ਸ੍ਰੀਧਰ ਨਾਥ ਮੇਰਾ ਮਨੁ ਲੀਨਾ ਪ੍ਰਭੁ ਜਾਨੈ ਪੀਰ ਪਰਾਈ ॥੧॥ ਗਣਤ ਸਰੀਰਿ ਪੀਰ ਹੈ ਹਰਿ ਬਿਨੁ ਗੁਰ ਸਬਦੀ ਹਰਿ ਪਾਂਈ ॥ ਹੋਹੁ ਦਇਆਲ ਕ੍ਰਿਪਾ ਕਰਿ ਹਰਿ ਜੀਉ ਹਰਿ ਸਿਉ ਰਹਾਂ ਸਮਾਈ ॥੨॥ ਐਸੀ ਰਵਤ ਰਵਹੁ ਮਨ ਮੇਰੇ ਹਰਿ ਚਰਣੀ ਚਿਤੁ ਲਾਈ ॥ ਬਿਸਮ ਭਏ ਗੁਣ ਗਾਇ ਮਨੋਹਰ ਨਿਰਭਉ ਸਹਜਿ ਸਮਾਈ ॥੩॥ ਹਿਰਦੈ ਨਾਮੁ ਸਦਾ ਧੁਨਿ ਨਿਹਚਲ ਘਟੈ ਨ ਕੀਮਤਿ ਪਾਈ ॥ ਬਿਨੁ ਨਾਵੈ ਸਭੁ ਕੋਈ ਨਿਰਧਨੁ ਸਤਿਗੁਰਿ ਬੂਝ ਬੁਝਾਈ ॥੪॥ ਪ੍ਰੀਤਮ ਪ੍ਰਾਨ ਭਏ ਸੁਨਿ ਸਜਨੀ ਦੂਤ ਮੁਏ ਬਿਖੁ ਖਾਈ ॥ ਜਬ ਕੀ ਉਪਜੀ ਤਬ ਕੀ ਤੈਸੀ ਰੰਗੁਲ ਭਈ ਮਨਿ ਭਾਈ ॥੫॥ ਸਹਜ ਸਮਾਧਿ ਸਦਾ ਲਿਵ ਹਰਿ ਸਿਉ ਜੀਵਾਂ ਹਰਿ ਗੁਨ ਗਾਈ ॥ ਗੁਰ ਕੈ ਸਬਦਿ ਰਤਾ ਬੈਰਾਗੀ ਨਿਜ ਘਰਿ ਤਾੜੀ ਲਾਈ ॥੬॥ ਸੁਧ ਰਸ ਨਾਮੁ ਮਹਾ ਰਸੁ ਮੀਠਾ ਨਿਜ ਘਰਿ ਤਤੁ ਗੁਸਾਂਈਂ ॥ ਤਹ ਹੀ ਮਨੁ ਜਹ ਹੀ ਤੈ ਰਾਖਿਆ ਐਸੀ ਗੁਰਮਤਿ ਪਾਈ ॥੭॥ ਸਨਕ ਸਨਾਦਿ ਬ੍ਰਹਮਾਦਿ ਇੰਦ੍ਰਾਦਿਕ ਭਗਤਿ ਰਤੇ ਬਨਿ ਆਈ ॥ ਨਾਨਕ ਹਰਿ ਬਿਨੁ ਘਰੀ ਨ ਜੀਵਾਂ ਹਰਿ ਕਾ ਨਾਮੁ ਵਡਾਈ ॥੮॥੧॥ ਸਾਰਗ ਮਹਲਾ ੧ ॥ ਹਰਿ ਬਿਨੁ ਕਿਉ ਧੀਰੈ ਮਨੁ ਮੇਰਾ ॥ ਕੋਟਿ ਕਲਪ ਕੇ ਦੂਖ ਬਿਨਾਸਨ ਸਾਚੁ ਦ੍ਰਿੜਾਇ ਨਿਬੇਰਾ ॥੧॥ ਰਹਾਉ ॥ ਕ੍ਰੋਧੁ ਨਿਵਾਰਿ ਜਲੇ ਹਉ ਮਮਤਾ ਪ੍ਰੇਮੁ ਸਦਾ ਨਉ ਰੰਗੀ ॥ ਅਨਭਉ ਬਿਸਰਿ ਗਏ ਪ੍ਰਭੁ ਜਾਚਿਆ ਹਰਿ ਨਿਰਮਾਇਲੁ ਸੰਗੀ ॥੧॥ ਚੰਚਲ ਮਤਿ ਤਿਆਗਿ ਭਉ ਭੰਜਨੁ ਪਾਇਆ ਏਕ ਸਬਦਿ ਲਿਵ ਲਾਗੀ ॥ ਹਰਿ ਰਸੁ ਚਾਖਿ ਤ੍ਰਿਖਾ ਨਿਵਾਰੀ ਹਰਿ ਮੇਲਿ ਲਏ ਬਡਭਾਗੀ ॥੨॥ ਅਭਰਤ

ਸਿੰਚਿ ਭਏ ਸੁਭਰ ਸਰ ਗੁਰਮਤਿ ਸਾਚੁ ਨਿਹਾਲਾ ॥ ਮਨ ਰਤਿ ਨਾਮਿ ਰਤੇ ਨਿਹਕੇਵਲ ਆਦਿ ਜੁਗਾਦਿ ਦਇਆਲਾ ॥੩॥ ਮੋਹਨਿ ਮੋਹਿ ਲੀਆ ਮਨੁ ਮੋਰਾ ਬਡੈ ਭਾਗ ਲਿਵ ਲਾਗੀ ॥ ਸਾਚੁ ਬੀਚਾਰਿ ਕਿਲਵਿਖ ਦੁਖ ਕਾਟੇ ਮਨੁ ਨਿਰਮਲੁ ਅਨਰਾਗੀ ॥੪॥ ਗਹਿਰ ਗੰਭੀਰ ਸਾਗਰ ਰਤਨਾਗਰ ਅਵਰ ਨਹੀ ਅਨ ਪੂਜਾ ॥ ਸਬਦੁ ਬੀਚਾਰਿ ਭਰਮ ਭਉ ਭੰਜਨੁ ਅਵਰੁ ਨ ਜਾਨਿਆ ਦੂਜਾ ॥੫॥ ਮਨੂਆ ਮਾਰਿ ਨਿਰਮਲ ਪਦੁ ਚੀਨਿਆ ਹਰਿ ਰਸ ਰਤੇ ਅਧਿਕਾਈ ॥ ਏਕਸ ਬਿਨੁ ਮੈ ਅਵਰੁ ਨ ਜਾਨਾਂ ਸਤਿਗੁਰਿ ਬੂਝ ਬੁਝਾਈ ॥੬॥ ਅਗਮ ਅਗੋਚਰੁ ਅਨਾਥੁ ਅਜੋਨੀ ਗੁਰਮਤਿ ਏਕੋ ਜਾਨਿਆ ॥ ਸੁਭਰ ਭਰੇ ਨਾਹੀ ਚਿਤੁ ਡੋਲੈ ਮਨ ਹੀ ਤੇ ਮਨੁ ਮਾਨਿਆ ॥੭॥ ਗੁਰ ਪਰਸਾਦੀ ਅਕਥਉ ਕਥੀਐ ਕਹਉ ਕਹਾਵੈ ਸੋਈ ॥ ਨਾਨਕ ਦੀਨ ਦਇਆਲ ਹਮਾਰੇ ਅਵਰੁ ਨ ਜਾਨਿਆ ਕੋਈ ॥੮॥੨॥

ਸਾਰਗ ਮਹਲਾ ੩ ਅਸਟਪਦੀਆ ਘਰੁ ੧ ੴ ਸਤਿਗੁਰ ਪ੍ਰਸਾਦਿ ॥

ਮਨ ਮੇਰੇ ਹਰਿ ਕੈ ਨਾਮਿ ਵਡਾਈ ॥ ਹਰਿ ਬਿਨੁ ਅਵਰੁ ਨ ਜਾਣਾ ਕੋਈ ਹਰਿ ਕੈ ਨਾਮਿ ਮੁਕਤਿ ਗਤਿ ਪਾਈ ॥੧॥ ਰਹਾਉ ॥ ਸਬਦਿ ਭਉ ਭੰਜਨੁ ਜਮਕਾਲ ਨਿਖੰਜਨੁ ਹਰਿ ਸੇਤੀ ਲਿਵ ਲਾਈ ॥ ਹਰਿ ਸੁਖਦਾਤਾ ਗੁਰਮੁਖਿ ਜਾਤਾ ਸਹਜੇ ਰਹਿਆ ਸਮਾਈ ॥੧॥ ਭਗਤਾਂ ਕਾ ਭੋਜਨੁ ਹਰਿ ਨਾਮ ਨਿਰੰਜਨੁ ਪੈਨ੍ਣੁ ਭਗਤਿ ਬਡਾਈ ॥ ਨਿਜ ਘਰਿ ਵਾਸਾ ਸਦਾ ਹਰਿ ਸੇਵਨਿ ਹਰਿ ਦਰਿ ਸੋਭਾ ਪਾਈ ॥੨॥ ਮਨਮੁਖ ਬੁਧਿ ਕਾਚੀ ਮਨੂਆ ਡੋਲੈ ਅਕਥੁ ਨ ਕਥੈ ਕਹਾਨੀ ॥ ਗੁਰਮਤਿ ਨਿਹਚਲੁ ਹਰਿ ਮਨਿ ਵਸਿਆ ਅੰਮ੍ਰਿਤ ਸਾਚੀ ਬਾਨੀ ॥੩॥ ਮਨ ਕੇ ਤਰੰਗ ਸਬਦਿ ਨਿਵਾਰੇ ਰਸਨਾ ਸਹਜਿ ਸੁਭਾਈ ॥ ਸਤਿਗੁਰ ਮਿਲਿ ਰਹੀਐ ਸਦ ਅਪੁਨੇ ਜਿਨਿ ਹਰਿ ਸੇਤੀ ਲਿਵ ਲਾਈ ॥੪॥ ਮਨੁ ਸਬਦਿ ਮਰੈ ਤਾ ਮੁਕਤੋ ਹੋਵੈ ਹਰਿ ਚਰਣੀ ਚਿਤੁ ਲਾਈ ॥ ਹਰਿ ਸਰੁ ਸਾਗਰੁ ਸਦਾ ਜਲੁ ਨਿਰਮਲੁ ਨਾਵੈ ਸਹਜਿ ਸੁਭਾਈ ॥੫॥ ਸਬਦੁ ਵੀਚਾਰਿ ਸਦਾ ਰੰਗਿ ਰਾਤੇ ਹਉਮੈ ਤ੍ਰਿਸਨਾ ਮਾਰੀ ॥ ਅੰਤਰਿ ਨਿਹਕੇਵਲੁ ਹਰਿ ਰਵਿਆ ਸਭੁ ਆਤਮ ਰਾਮੁ ਮੁਰਾਰੀ ॥੬॥ ਸੇਵਕ ਸੇਵਿ ਰਹੇ ਸਚਿ ਰਾਤੇ ਜੋ ਤੇਰੈ ਮਨਿ ਭਾਣੇ ॥ ਦੁਬਿਧਾ ਮਹਲੁ ਨ ਪਾਵੈ ਜਗਿ ਝੂਠੀ ਗੁਣ ਅਵਗਣ ਨ ਪਛਾਣੇ ॥੭॥ ਆਪੇ ਮੇਲਿ ਲਏ ਅਕਥੁ ਕਥੀਐ ਸਚੁ ਸਬਦੁ ਸਚੁ ਬਾਣੀ ॥ ਨਾਨਕ ਸਾਚੇ ਸਚਿ ਸਮਾਣੇ ਹਰਿ ਕਾ ਨਾਮੁ ਵਖਾਣੀ ॥੮॥੧॥ ਸਾਰਗ ਮਹਲਾ ੩ ॥ ਮਨ ਮੇਰੇ ਹਰਿ ਕਾ ਨਾਮੁ ਅਤਿ

ਮੀਠਾ ॥ ਜਨਮ ਜਨਮ ਕੇ ਕਿਲਵਿਖ ਭਉ ਭੰਜਨ ਗੁਰਮੁਖਿ ਏਕੋ ਡੀਠਾ ॥੧॥ ਰਹਾਉ ॥ ਕੋਟਿ ਕੋਟੰਤਰ ਕੇ ਪਾਪ ਬਿਨਾਸਨ ਹਰਿ ਸਾਚਾ ਮਨਿ ਭਾਇਆ ॥ ਹਰਿ ਬਿਨੁ ਅਵਰੁ ਨ ਸੂਝੈ ਦੂਜਾ ਸਤਿਗੁਰਿ ਏਕੁ ਬੁਝਾਇਆ ॥੧॥ ਪ੍ਰੇਮ ਪਦਾਰਥੁ ਜਿਨ ਘਟਿ ਵਸਿਆ ਸਹਜੇ ਰਹੇ ਸਮਾਈ ॥ ਸਬਦਿ ਰਤੇ ਸੇ ਰੰਗਿ ਚਲੂਲੇ ਰਾਤੇ ਸਹਜਿ ਸੁਭਾਈ ॥੨॥ ਰਸਨਾ ਸਬਦੁ ਵੀਚਾਰਿ ਰਸਿ ਰਾਤੀ ਲਾਲ ਭਈ ਰੰਗੁ ਲਾਈ ॥ ਰਾਮ ਨਾਮੁ ਨਿਹਕੇਵਲੁ ਜਾਣਿਆ ਮਨੁ ਤ੍ਰਿਪਤਿਆ ਸਾਂਤਿ ਆਈ ॥੩॥ ਪੰਡਿਤ ਪੜ੍ਹਿ ਪੜ੍ਹਿ ਮੋਨੀ ਸਭਿ ਥਾਕੇ ਭ੍ਰਮਿ ਭੇਖ ਥਕੇ ਭੇਖਧਾਰੀ ॥ ਗੁਰ ਪਰਸਾਦਿ ਨਿਰੰਜਨੁ ਪਾਇਆ ਸਾਚੈ ਸਬਦਿ ਵੀਚਾਰੀ ॥੪॥ ਆਵਾ ਗਉਣੁ ਨਿਵਾਰਿ ਸਚਿ ਰਾਤੇ ਸਾਚ ਸਬਦੁ ਮਨਿ ਭਾਇਆ ॥ ਸਤਿਗੁਰੁ ਸੇਵਿ ਸਦਾ ਸੁਖੁ ਪਾਈਐ ਜਿਨਿ ਵਿਚਹੁ ਆਪੁ ਗਵਾਇਆ ॥੫॥ ਸਾਚੈ ਸਬਦਿ ਸਹਜ ਧੁਨਿ ਉਪਜੈ ਮਨਿ ਸਾਚੈ ਲਿਵ ਲਾਈ ॥ ਅਗਮ ਅਗੋਚਰੁ ਨਾਮੁ ਨਿਰੰਜਨੁ ਗੁਰਮੁਖਿ ਮੰਨਿ ਵਸਾਈ ॥੬॥ ਏਕਸ ਮਹਿ ਸਭੁ ਜਗਤੋ ਵਰਤੈ ਵਿਰਲਾ ਏਕੁ ਪਛਾਣੈ ॥ ਸਬਦਿ ਮਰੈ ਤਾ ਸਭੁ ਕਿਛੁ ਸੂਝੈ ਅਨਦਿਨੁ ਏਕੋ ਜਾਣੈ ॥੭॥ ਜਿਸ ਨੋ ਨਦਰਿ ਕਰੇ ਸੋਈ ਜਨੁ ਬੂਝੈ ਹੋਰੁ ਕਹਣਾ ਕਥਨੁ ਨ ਜਾਈ ॥ ਨਾਨਕ ਨਾਮਿ ਰਤੇ ਸਦਾ ਬੈਰਾਗੀ ਏਕ ਸਬਦਿ ਲਿਵ ਲਾਈ ॥੮॥੨॥ ਸਾਰਗ ਮਹਲਾ ੩ ॥ ਮਨ ਮੇਰੇ ਹਰਿ ਕੀ ਅਕਥ ਕਹਾਣੀ ॥ ਹਰਿ ਨਦਰਿ ਕਰੇ ਸੋਈ ਜਨੁ ਪਾਏ ਗੁਰਮੁਖਿ ਵਿਰਲੈ ਜਾਣੀ ॥੧॥ ਰਹਾਉ ॥ ਹਰਿ ਗਹਿਰ ਗੰਭੀਰੁ ਗੁਣੀ ਗਹੀਰੁ ਗੁਰ ਕੈ ਸਬਦਿ ਪਛਾਨਿਆ ॥ ਬਹੁ ਬਿਧਿ ਕਰਮ ਕਰਹਿ ਭਾਇ ਦੂਜੈ ਬਿਨੁ ਸਬਦੈ ਬਉਰਾਨਿਆ ॥੧॥ ਹਰਿ ਨਾਮਿ ਨਾਵੈ ਸੋਈ ਜਨੁ ਨਿਰਮਲੁ ਫਿਰਿ ਮੈਲਾ ਮੂਲਿ ਨ ਹੋਈ ॥ ਨਾਮ ਬਿਨਾ ਸਭੁ ਜਗੁ ਹੈ ਮੈਲਾ ਦੂਜੈ ਭਰਮਿ ਪਤਿ ਖੋਈ ॥੨॥ ਕਿਆ ਦ੍ਰਿੜਾਂ ਕਿਆ ਸੰਗ੍ਰਹਿ ਤਿਆਗੀ ਮੈ ਤਾ ਬੂਝ ਨ ਪਾਈ ॥ ਹੋਹਿ ਦਇਆਲੁ ਕ੍ਰਿਪਾ ਕਰਿ ਹਰਿ ਜੀਉ ਨਾਮੋ ਹੋਇ ਸਖਾਈ ॥੩॥ ਸਚਾ ਸਚੁ ਦਾਤਾ ਕਰਮ ਬਿਧਾਤਾ ਜਿਸੁ ਭਾਵੈ ਤਿਸੁ ਨਾਇ ਲਾਏ ॥ ਗੁਰੂ ਦੁਆਰੈ ਸੋਈ ਬੂਝੈ ਜਿਸ ਨੋ ਆਪਿ ਬੁਝਾਏ ॥੪॥ ਦੇਖਿ ਬਿਸਮਾਦੁ ਇਹੁ ਮਨੁ ਨਹੀ ਚੇਤੇ ਆਵਾ ਗਉਣੁ ਸੰਸਾਰਾ ॥ ਸਤਿਗੁਰੁ ਸੇਵੇ ਸੋਈ ਬੂਝੈ ਪਾਏ ਮੋਖ ਦੁਆਰਾ ॥੫॥ ਜਿਨ੍ਹ ਦਰੁ ਸੂਝੈ ਸੇ ਕਦੇ ਨ ਵਿਗਾੜਹਿ ਸਤਿਗੁਰਿ ਬੂਝ ਬੁਝਾਈ ॥ ਸਚੁ ਸੰਜਮੁ ਕਰਣੀ ਕਿਰਤਿ ਕਮਾਵਹਿ ਆਵਣ ਜਾਣੁ ਰਹਾਈ ॥੬॥ ਸੇ ਦਰਿ ਸਾਚੈ ਸਾਚੁ ਕਮਾਵਹਿ ਜਿਨ ਗੁਰਮੁਖਿ ਸਾਚੁ

ਅਧਾਰਾ ॥ ਮਨਮੁਖ ਦੂਜੈ ਭਰਮਿ ਭੁਲਾਏ ਨਾ ਬੂਝਹਿ ਵੀਚਾਰਾ ॥੭॥ ਆਪੇ ਗੁਰਮੁਖਿ ਆਪੇ ਦੇਵੈ ਆਪੇ ਕਰਿ ਕਰਿ ਵੇਖੈ ॥ ਨਾਨਕ ਸੇ ਜਨ ਥਾਇ ਪਏ ਹੈ ਜਿਨ ਕੀ ਪਤਿ ਪਾਵੈ ਲੇਖੈ ॥੮॥੩॥

ਸਾਰਗ ਮਹਲਾ ੫ ਅਸਟਪਦੀਆ ਘਰੁ ੧ ੴ ਸਤਿਗੁਰ ਪ੍ਰਸਾਦਿ ॥

ਗੁਸਾਈ ਪਰਤਾਪੁ ਤੁਹਾਰੋ ਡੀਠਾ ॥ ਕਰਨ ਕਰਾਵਨ ਉਪਾਇ ਸਮਾਵਨ ਸਗਲ ਛਤ੍ਰਪਤਿ ਬੀਠਾ ॥੧॥ ਰਹਾਉ ॥ ਰਾਣਾ ਰਾਉ ਰਾਜ ਭਏ ਰੰਕਾ ਉਨਿ ਝੂਠੇ ਕਹਣੁ ਕਹਾਇਓ ॥ ਹਮਰਾ ਰਾਜਨੁ ਸਦਾ ਸਲਾਮਤਿ ਤਾ ਕੋ ਸਗਲ ਘਟਾ ਜਸੁ ਗਾਇਓ ॥੧॥ ਉਪਮਾ ਸੁਨਹੁ ਰਾਜਨ ਕੀ ਸੰਤਹੁ ਕਹਤ ਜੇਤ ਪਾਹੂਚਾ ॥ ਬੇਸੁਮਾਰ ਵਡ ਸਾਹ ਦਾਤਾਰਾ ਊਚੇ ਹੀ ਤੇ ਊਚਾ ॥੨॥ ਪਵਨਿ ਪਰੋਇਓ ਸਗਲ ਅਕਾਰਾ ਪਾਵਕ ਕਾਸਟ ਸੰਗੇ ॥ ਨੀਰੁ ਧਰਣਿ ਕਰਿ ਰਾਖੇ ਏਕਤ ਕੋਇ ਨ ਕਿਸ ਹੀ ਸੰਗੇ ॥੩॥ ਘਟਿ ਘਟਿ ਕਥਾ ਰਾਜਨ ਕੀ ਚਾਲੈ ਘਰਿ ਘਰਿ ਤੁਝਹਿ ਉਮਾਹਾ ॥ ਜੀਅ ਜੰਤ ਸਭਿ ਪਾਛੈ ਕਰਿਆ ਪ੍ਰਥਮੇ ਰਿਜਕੁ ਸਮਾਹਾ ॥੪॥ ਜੋ ਕਿਛੁ ਕਰਣਾ ਸੁ ਆਪੇ ਕਰਣਾ ਮਸਲਤਿ ਕਾਹੂ ਦੀਨ੍ਹੀ ॥ ਅਨਿਕ ਜਤਨ ਕਰਿ ਕਰਹ ਦਿਖਾਏ ਸਾਚੀ ਸਾਖੀ ਚੀਨ੍ਹੀ ॥੫॥ ਹਰਿ ਭਗਤਾ ਕਰਿ ਰਾਖੇ ਅਪਨੇ ਦੀਨੀ ਨਾਮੁ ਵਡਾਈ ॥ ਜਿਨਿ ਜਿਨਿ ਕਰੀ ਅਵਗਿਆ ਜਨ ਕੀ ਤੇ ਤੈਂ ਦੀਏ ਰੁੜ੍ਹਾਈ ॥੬॥ ਮੁਕਤਿ ਭਏ ਸਾਧਸੰਗਤਿ ਕਰਿ ਤਿਨ ਕੇ ਅਵਗਨ ਸਭਿ ਪਰਹਰਿਆ ॥ ਤਿਨ ਕਉ ਦੇਖਿ ਭਏ ਕਿਰਪਾਲਾ ਤਿਨ ਭਵ ਸਾਗਰੁ ਤਰਿਆ ॥੭॥ ਹਮ ਨਾਨ੍ਹੇ ਨੀਚ ਤੁਮ੍ਹੇ ਬਡ ਸਾਹਿਬ ਕੁਦਰਤਿ ਕਉਣ ਬੀਚਾਰਾ ॥ ਮਨੁ ਤਨੁ ਸੀਤਲੁ ਗੁਰ ਦਰਸ ਦੇਖੇ ਨਾਨਕ ਨਾਮੁ ਅਧਾਰਾ ॥੮॥੧॥

ਸਾਰਗ ਮਹਲਾ ੫ ਅਸਟਪਦੀ ਘਰੁ ੬ ੴ ਸਤਿਗੁਰ ਪ੍ਰਸਾਦਿ ॥

ਅਗਮ ਅਗਾਧਿ ਸੁਨਹੁ ਜਨ ਕਥਾ ॥ ਪਾਰਬ੍ਰਹਮ ਕੀ ਅਚਰਜ ਸਭਾ ॥੧॥ ਰਹਾਉ ॥ ਸਦਾ ਸਦਾ ਸਤਿਗੁਰ ਨਮਸਕਾਰ ॥ ਗੁਰ ਕਿਰਪਾ ਤੇ ਗੁਨ ਗਾਇ ਅਪਾਰ ॥ ਮਨ ਭੀਤਰਿ ਹੋਵੈ ਪਰਗਾਸੁ ॥ ਗਿਆਨ ਅੰਜਨੁ ਅਗਿਆਨ ਬਿਨਾਸੁ ॥੧॥ ਮਿਤਿ ਨਾਹੀ ਜਾ ਕਾ ਬਿਸਥਾਰੁ ॥ ਸੋਭਾ ਤਾ ਕੀ ਅਪਰ ਅਪਾਰ ॥ ਅਨਿਕ ਰੰਗ ਜਾ ਕੇ ਗਨੇ ਨ ਜਾਹਿ ॥ ਸੋਗ ਹਰਖ ਦੁਹਹੂ ਮਹਿ ਨਾਹਿ ॥੨॥ ਅਨਿਕ ਬ੍ਰਹਮੇ ਜਾ ਕੇ ਬੇਦ ਧੁਨਿ ਕਰਹਿ ॥ ਅਨਿਕ ਮਹੇਸ ਬੈਸਿ

ਧਿਆਨੁ ਧਰਹਿ ॥ ਅਨਿਕ ਪੁਰਖ ਅੰਸਾ ਅਵਤਾਰ ॥ ਅਨਿਕ ਇੰਦ੍ਰ ਊਭੇ ਦਰਬਾਰ ॥੩॥ ਅਨਿਕ ਪਵਨ ਪਾਵਕ ਅਰੁ ਨੀਰ ॥ ਅਨਿਕ ਰਤਨ ਸਾਗਰ ਦਧਿ ਖੀਰ ॥ ਅਨਿਕ ਸੂਰ ਸਸੀਅਰ ਨਖਿਆਤਿ ॥ ਅਨਿਕ ਦੇਵੀ ਦੇਵਾ ਬਹੁ ਭਾਂਤਿ ॥੪॥ ਅਨਿਕ ਬਸੁਧਾ ਅਨਿਕ ਕਾਮਧੇਨ ॥ ਅਨਿਕ ਪਾਰਜਾਤ ਅਨਿਕ ਮੁਖਿ ਬੇਨ ॥ ਅਨਿਕ ਅਕਾਸ ਅਨਿਕ ਪਾਤਾਲ ॥ ਅਨਿਕ ਮੁਖੀ ਜਪੀਐ ਗੋਪਾਲ ॥੫॥ ਅਨਿਕ ਸਾਸਤ੍ਰ ਸਿਮ੍ਰਿਤਿ ਪੁਰਾਨ ॥ ਅਨਿਕ ਜੁਗਤਿ ਹੋਵਤ ਬਖਿਆਨ ॥ ਅਨਿਕ ਸਰੋਤੇ ਸੁਨਹਿ ਨਿਧਾਨ ॥ ਸਰਬ ਜੀਅ ਪੂਰਨ ਭਗਵਾਨ ॥੬॥ ਅਨਿਕ ਧਰਮ ਅਨਿਕ ਕੁਮੇਰ ॥ ਅਨਿਕ ਬਰਨ ਅਨਿਕ ਕਨਿਕ ਸੁਮੇਰ ॥ ਅਨਿਕ ਸੇਖ ਨਵਤਨ ਨਾਮੁ ਲੇਹਿ ॥ ਪਾਰਬ੍ਰਹਮ ਕਾ ਅੰਤੁ ਨ ਤੇਹਿ ॥੭॥ ਅਨਿਕ ਪੁਰੀਆ ਅਨਿਕ ਤਹ ਖੰਡ ॥ ਅਨਿਕ ਰੂਪ ਰੰਗ ਬ੍ਰਹਮੰਡ ॥ ਅਨਿਕ ਬਨਾ ਅਨਿਕ ਫਲ ਮੂਲ ॥ ਆਪਹਿ ਸੂਖਮ ਆਪਹਿ ਅਸਥੂਲ ॥੮॥ ਅਨਿਕ ਜੁਗਾਦਿ ਦਿਨਸ ਅਰੁ ਰਾਤਿ ॥ ਅਨਿਕ ਪਰਲਉ ਅਨਿਕ ਉਤਪਾਤਿ ॥ ਅਨਿਕ ਜੀਅ ਜਾ ਕੇ ਗ੍ਰਿਹ ਮਾਹਿ ॥ ਰਮਤ ਰਾਮ ਪੂਰਨ ਸ੍ਰਬ ਠਾਂਇ ॥੯॥ ਅਨਿਕ ਮਾਇਆ ਜਾ ਕੀ ਲਖੀ ਨ ਜਾਇ ॥ ਅਨਿਕ ਕਲਾ ਖੇਲੈ ਹਰਿ ਰਾਇ ॥ ਅਨਿਕ ਧੁਨਿਤ ਲਲਿਤ ਸੰਗੀਤ ॥ ਅਨਿਕ ਗੁਪਤ ਪ੍ਰਗਟੇ ਤਹ ਚੀਤ ॥੧੦॥ ਸਭ ਤੇ ਊਚ ਭਗਤ ਜਾ ਕੈ ਸੰਗਿ ॥ ਆਠ ਪਹਰ ਗੁਨ ਗਾਵਹਿ ਰੰਗਿ ॥ ਅਨਿਕ ਅਨਾਹਦ ਆਨੰਦ ਝੁਨਕਾਰ ॥ ਉਆ ਰਸ ਕਾ ਕਛੁ ਅੰਤੁ ਨ ਪਾਰ ॥੧੧॥ ਸਤਿ ਪੁਰਖੁ ਸਤਿ ਅਸਥਾਨੁ ॥ ਊਚ ਤੇ ਊਚ ਨਿਰਮਲ ਨਿਰਬਾਨੁ ॥ ਅਪੁਨਾ ਕੀਆ ਜਾਨਹਿ ਆਪਿ ॥ ਆਪੇ ਘਟਿ ਘਟਿ ਰਹਿਓ ਬਿਆਪਿ ॥ ਕ੍ਰਿਪਾ ਨਿਧਾਨ ਨਾਨਕ ਦਇਆਲ ॥ ਜਿਨਿ ਜਪਿਆ ਨਾਨਕ ਤੇ ਭਏ ਨਿਹਾਲ ॥੧੨॥੧॥੨॥੨॥੩॥੭॥

ਸਾਰਗ ਛੰਤ ਮਹਲਾ ੫ ੴ ਸਤਿਗੁਰ ਪ੍ਰਸਾਦਿ ॥

ਸਭ ਦੇਖੀਐ ਅਨਭੈ ਕਾ ਦਾਤਾ ॥ ਘਟਿ ਘਟਿ ਪੂਰਨ ਹੈ ਅਲਿਪਾਤਾ ॥ ਘਟਿ ਘਟਿ ਪੂਰਨੁ ਕਰਿ ਬਿਸਥੀਰਨੁ ਜਲ ਤਰੰਗ ਜਿਉ ਰਚਨੁ ਕੀਆ ॥ ਹਭਿ ਰਸ ਮਾਣੇ ਭੋਗ ਘਟਾਣੇ ਆਨ ਨ ਬੀਆ ਕੋ ਥੀਆ ॥ ਹਰਿ ਰੰਗੀ ਇਕ ਰੰਗੀ ਠਾਕੁਰੁ ਸੰਤਸੰਗਿ ਪ੍ਰਭੁ ਜਾਤਾ ॥ ਨਾਨਕ ਦਰਸਿ ਲੀਨਾ ਜਿਉ ਜਲ ਮੀਨਾ ਸਭ ਦੇਖੀਐ ਅਨਭੈ ਕਾ ਦਾਤਾ ॥੧॥ ਕਉਨ ਉਪਮਾ ਦੇਉ ਕਵਨ ਵਡਾਈ ॥ ਪੂਰਨ ਪੂਰਿ ਰਹਿਓ ਸ੍ਰਬ ਠਾਈ ॥ ਪੂਰਨ ਮਨਮੋਹਨ ਘਟ ਘਟ ਸੋਹਨ

ਜਬ ਖਿੰਚੈ ਤਬ ਛਾਈ ॥ ਕਿਉ ਨ ਅਰਾਧਹੁ ਮਿਲਿ ਕਰਿ ਸਾਧਹੁ ਘਰੀ ਮੁਹਤਕ ਬੇਲਾ ਆਈ ॥ ਅਰਥੁ ਦਰਬੁ ਸਭੁ ਜੋ ਕਿਛੁ ਦੀਸੈ ਸੰਗਿ ਨ ਕਛਹੂ ਜਾਈ ॥ ਕਹੁ ਨਾਨਕ ਹਰਿ ਹਰਿ ਆਰਾਧਹੁ ਕਵਨ ਉਪਮਾ ਦੇਉ ਕਵਨ ਬਡਾਈ ॥੨॥ ਪੂਛਉ ਸੰਤ ਮੇਰੋ ਠਾਕੁਰੁ ਕੈਸਾ ॥ ਹੀਉ ਅਰਾਪਉਂ ਦੇਹੁ ਸਦੇਸਾ ॥ ਦੇਹੁ ਸਦੇਸਾ ਪ੍ਰਭ ਜੀਉ ਕੈਸਾ ਕਹ ਮੋਹਨ ਪਰਵੇਸਾ ॥ ਅੰਗ ਅੰਗ ਸੁਖਦਾਈ ਪੂਰਨ ਬ੍ਰਹਮਾਈ ਥਾਨ ਥਾਨੰਤਰ ਦੇਸਾ ॥ ਬੰਧਨ ਤੇ ਮੁਕਤਾ ਘਟਿ ਘਟਿ ਜੁਗਤਾ ਕਹਿ ਨ ਸਕਉ ਹਰਿ ਜੈਸਾ ॥ ਦੇਖਿ ਚਰਿਤ ਨਾਨਕ ਮਨੁ ਮੋਹਿਓ ਪੂਛੈ ਦੀਨੁ ਮੇਰੋ ਠਾਕੁਰੁ ਕੈਸਾ ॥੩॥ ਕਰਿ ਕਿਰਪਾ ਅਪੁਨੇ ਪਹਿ ਆਇਆ ॥ ਧੰਨਿ ਸੁ ਰਿਦਾ ਜਿਹ ਚਰਨ ਬਸਾਇਆ ॥ ਚਰਨ ਬਸਾਇਆ ਸੰਤ ਸੰਗਾਇਆ ਅਗਿਆਨ ਅੰਧੇਰੁ ਗਵਾਇਆ ॥ ਭਇਆ ਪ੍ਰਗਾਸੁ ਰਿਦੈ ਉਲਾਸੁ ਪ੍ਰਭੁ ਲੋੜੀਦਾ ਪਾਇਆ ॥ ਦੁਖੁ ਨਾਠਾ ਸੁਖੁ ਘਰ ਮਹਿ ਵੂਠਾ ਮਹਾ ਅਨੰਦ ਸਹਜਾਇਆ ॥ ਕਹੁ ਨਾਨਕ ਮੈ ਪੂਰਾ ਪਾਇਆ ਕਰਿ ਕਿਰਪਾ ਅਪੁਨੇ ਪਹਿ ਆਇਆ ॥੪॥੧॥

### ਸਾਰੰਗ ਕੀ ਵਾਰ ਮਹਲਾ ੪ ਰਾਇ ਮਹਮੇ ਹਸਨੇ ਕੀ ਧੁਨਿ ੴ ਸਤਿਗੁਰ ਪ੍ਰਸਾਦਿ ॥

ਸਲੋਕ ਮਹਲਾ ੨ ॥ ਗੁਰੁ ਕੁੰਜੀ ਪਾਹੂ ਨਿਵਲੁ ਮਨੁ ਕੋਠਾ ਤਨੁ ਛਤਿ ॥ ਨਾਨਕ ਗੁਰ ਬਿਨੁ ਮਨ ਕਾ ਤਾਕੁ ਨ ਉਘੜੈ ਅਵਰ ਨ ਕੁੰਜੀ ਹਥਿ ॥੧॥ ਮਹਲਾ ੧ ॥ ਨ ਭੀਜੈ ਰਾਗੀ ਨਾਦੀ ਬੇਦਿ ॥ ਨ ਭੀਜੈ ਸੁਰਤੀ ਗਿਆਨੀ ਜੋਗਿ ॥ ਨ ਭੀਜੈ ਸੋਗੀ ਕੀਤੈ ਰੋਜਿ ॥ ਨ ਭੀਜੈ ਰੂਪੀ ਮਾਲੀ ਰੰਗਿ ॥ ਨ ਭੀਜੈ ਤੀਰਥਿ ਭਵਿਐ ਨੰਗਿ ॥ ਨ ਭੀਜੈ ਦਾਤੀ ਕੀਤੈ ਪੁੰਨਿ ॥ ਨ ਭੀਜੈ ਬਾਹਰਿ ਬੈਠਿਆ ਸੁੰਨਿ ॥ ਨ ਭੀਜੈ ਭੇੜਿ ਮਰਹਿ ਭਿੜਿ ਸੂਰ ॥ ਨ ਭੀਜੈ ਕੇਤੇ ਹੋਵਹਿ ਧੂੜ ॥ ਲੇਖਾ ਲਿਖੀਐ ਮਨ ਕੈ ਭਾਇ ॥ ਨਾਨਕ ਭੀਜੈ ਸਾਚੈ ਨਾਇ ॥੨॥ ਮਹਲਾ ੧ ॥ ਨਵ ਛਿਅ ਖਟ ਕਾ ਕਰੇ ਬੀਚਾਰੁ ॥ ਨਿਸਿ ਦਿਨ ਉਚਰੈ ਭਾਰ ਅਠਾਰ ॥ ਤਿਨਿ ਭੀ ਅੰਤੁ ਨ ਪਾਇਆ ਤੋਹਿ ॥ ਨਾਮ ਬਿਹੂਣ ਮੁਕਤਿ ਕਿਉ ਹੋਇ ॥ ਨਾਭਿ ਵਸਤ ਬ੍ਰਹਮੈ ਅੰਤੁ ਨ ਜਾਣਿਆ ॥ ਗੁਰਮੁਖਿ ਨਾਨਕ ਨਾਮੁ ਪਛਾਣਿਆ ॥੩॥ ਪਉੜੀ ॥ ਆਪੇ ਆਪਿ ਨਿਰੰਜਨਾ ਜਿਨਿ ਆਪੁ ਉਪਾਇਆ ॥ ਆਪੇ ਖੇਲੁ ਰਚਾਇਓਨੁ ਸਭੁ ਜਗਤੁ ਸਬਾਇਆ ॥ ਤ੍ਰੈ ਗੁਣ ਆਪਿ ਸਿਰਜਿਅਨੁ ਮਾਇਆ ਮੋਹੁ ਵਧਾਇਆ ॥ ਗੁਰ ਪਰਸਾਦੀ ਉਬਰੇ ਜਿਨ ਭਾਣਾ ਭਾਇਆ ॥ ਨਾਨਕ ਸਚੁ ਵਰਤਦਾ

ਸਭ ਸਚਿ ਸਮਾਇਆ ॥੧॥ ਸਲੋਕ ਮਹਲਾ ੨ ॥ ਆਪਿ ਉਪਾਏ ਨਾਨਕਾ ਆਪੇ ਰਖੈ ਵੇਕ ॥ ਮੰਦਾ ਕਿਸ ਨੋ ਆਖੀਐ ਜਾਂ ਸਭਨਾ ਸਾਹਿਬੁ ਏਕੁ ॥ ਸਭਨਾ ਸਾਹਿਬੁ ਏਕੁ ਹੈ ਵੇਖੈ ਧੰਧੈ ਲਾਇ ॥ ਕਿਸੈ ਥੋੜਾ ਕਿਸੈ ਅਗਲਾ ਖਾਲੀ ਕੋਈ ਨਾਹਿ ॥ ਆਵਹਿ ਨੰਗੇ ਜਾਹਿ ਨੰਗੇ ਵਿਚੇ ਕਰਹਿ ਵਿਥਾਰ ॥ ਨਾਨਕ ਹੁਕਮੁ ਨ ਜਾਣੀਐ ਅਗੈ ਕਾਈ ਕਾਰ ॥੧॥ ਮਹਲਾ ੧ ॥ ਜਿਨਸਿ ਥਾਪਿ ਜੀਆਂ ਕਉ ਭੇਜੈ ਜਿਨਸਿ ਥਾਪਿ ਲੈ ਜਾਵੈ ॥ ਆਪੇ ਥਾਪਿ ਉਥਾਪੈ ਆਪੇ ਏਤੇ ਵੇਸ ਕਰਾਵੈ ॥ ਜੇਤੇ ਜੀਅ ਫਿਰਹਿ ਅਉਧੂਤੀ ਆਪੇ ਭਿਖਿਆ ਪਾਵੈ ॥ ਲੇਖੈ ਬੋਲਣੁ ਲੇਖੈ ਚਲਣੁ ਕਾਇਤੁ ਕੀਚਹਿ ਦਾਵੇ ॥ ਮੂਲੁ ਮਤਿ ਪਰਵਾਣਾ ਏਹੋ ਨਾਨਕੁ ਆਖਿ ਸੁਣਾਏ ॥ ਕਰਣੀ ਉਪਰਿ ਹੋਇ ਤਪਾਵਸੁ ਜੇ ਕੋ ਕਹੈ ਕਹਾਏ ॥੨॥ ਪਉੜੀ ॥ ਗੁਰਮੁਖਿ ਚਲਤੁ ਰਚਾਇਓਨੁ ਗੁਣ ਪਰਗਟੀ ਆਇਆ ॥ ਗੁਰਬਾਣੀ ਸਦ ਉਚਰੈ ਹਰਿ ਮੰਨਿ ਵਸਾਇਆ ॥ ਸਕਤਿ ਗਈ ਭ੍ਰਮੁ ਕਟਿਆ ਸਿਵ ਜੋਤਿ ਜਗਾਇਆ ॥ ਜਿਨ ਕੈ ਪੋਤੈ ਪੁੰਨੁ ਹੈ ਗੁਰੁ ਪੁਰਖੁ ਮਿਲਾਇਆ ॥ ਨਾਨਕ ਸਹਜੇ ਮਿਲਿ ਰਹੇ ਹਰਿ ਨਾਮਿ ਸਮਾਇਆ ॥੨॥ ਸਲੋਕ ਮਹਲਾ ੨ ॥ ਸਾਹ ਚਲੇ ਵਣਜਾਰਿਆ ਲਿਖਿਆ ਦੇਵੈ ਨਾਲਿ ॥ ਲਿਖੇ ਉਪਰਿ ਹੁਕਮੁ ਹੋਇ ਲਈਐ ਵਸਤੁ ਸਮ੍ਹਾਲਿ ॥ ਵਸਤੁ ਲਈ ਵਣਜਾਰਈ ਵਖਰੁ ਬਧਾ ਪਾਇ ॥ ਕੇਈ ਲਾਹਾ ਲੈ ਚਲੇ ਇਕਿ ਚਲੇ ਮੂਲੁ ਗਵਾਇ ॥ ਥੋੜਾ ਕਿਨੈ ਨ ਮੰਗਿਓ ਕਿਸੁ ਕਹੀਐ ਸਾਬਾਸਿ ॥ ਨਦਰਿ ਤਿਨਾ ਕਉ ਨਾਨਕਾ ਜਿ ਸਾਬਤੁ ਲਾਏ ਰਾਸਿ ॥੧॥ ਮਹਲਾ ੧ ॥ ਜੁੜਿ ਜੁੜਿ ਵਿਛੁੜੇ ਵਿਛੁੜਿ ਜੁੜੇ ॥ ਜੀਵਿ ਜੀਵਿ ਮੁਏ ਮੁਏ ਜੀਵੇ ॥ ਕੇਤਿਆ ਕੇ ਬਾਪ ਕੇਤਿਆ ਕੇ ਬੇਟੇ ਕੇਤੇ ਗੁਰ ਚੇਲੇ ਹੂਏ ॥ ਆਗੈ ਪਾਛੈ ਗਣਤ ਨ ਆਵੈ ਕਿਆ ਜਾਤੀ ਕਿਆ ਹੁਣਿ ਹੂਏ ॥ ਸਭੁ ਕਰਣਾ ਕਿਰਤੁ ਕਰਿ ਲਿਖੀਐ ਕਰਿ ਕਰਿ ਕਰਤਾ ਕਰੇ ਕਰੇ ॥ ਮਨਮੁਖਿ ਮਰੀਐ ਗੁਰਮੁਖਿ ਤਰੀਐ ਨਾਨਕ ਨਦਰੀ ਨਦਰਿ ਕਰੇ ॥੨॥ ਪਉੜੀ ॥ ਮਨਮੁਖਿ ਦੂਜਾ ਭਰਮੁ ਹੈ ਦੂਜੈ ਲੋਭਾਇਆ ॥ ਕੂੜੁ ਕਪਟੁ ਕਮਾਵਦੇ ਕੂੜੋ ਆਲਾਇਆ ॥ ਪੁਤ੍ਰ ਕਲਤ੍ਰ ਮੋਹੁ ਹੇਤੁ ਹੈ ਸਭੁ ਦੁਖੁ ਸਬਾਇਆ ॥ ਜਮ ਦਰਿ ਬਧੇ ਮਾਰੀਅਹਿ ਭਰਮਹਿ ਭਰਮਾਇਆ ॥ ਮਨਮੁਖਿ ਜਨਮੁ ਗਵਾਇਆ ਨਾਨਕ ਹਰਿ ਭਾਇਆ ॥੩॥ ਸਲੋਕ ਮਹਲਾ ੨ ॥ ਜਿਨ ਵਡਿਆਈ ਤੇਰੇ ਨਾਮ ਕੀ ਤੇ ਰਤੇ ਮਨ ਮਾਹਿ ॥ ਨਾਨਕ ਅੰਮ੍ਰਿਤੁ ਏਕੁ ਹੈ ਦੂਜਾ ਅੰਮ੍ਰਿਤੁ ਨਾਹਿ ॥ ਨਾਨਕ ਅੰਮ੍ਰਿਤੁ ਮਨੈ ਮਾਹਿ ਪਾਈਐ ਗੁਰ ਪਰਸਾਦਿ ॥ ਤਿਨੀ੍ ਪੀਤਾ ਰੰਗ ਸਿਉ

ਜਿਨ੍ ਕਉ ਲਿਖਿਆ ਆਦਿ ॥੧॥ ਮਹਲਾ ੨ ॥ ਕੀਤਾ ਕਿਆ ਸਾਲਾਹੀਐ ਕਰੇ ਸੋਇ ਸਾਲਾਹਿ ॥ ਨਾਨਕ ਏਕੀ ਬਾਹਰਾ ਦੂਜਾ ਦਾਤਾ ਨਾਹਿ ॥ ਕਰਤਾ ਸੋ ਸਾਲਾਹੀਐ ਜਿਨਿ ਕੀਤਾ ਆਕਾਰੁ ॥ ਦਾਤਾ ਸੋ ਸਾਲਾਹੀਐ ਜਿ ਸਭਸੈ ਦੇ ਆਧਾਰੁ ॥ ਨਾਨਕ ਆਪਿ ਸਦੀਵ ਹੈ ਪੂਰਾ ਜਿਸੁ ਭੰਡਾਰੁ ॥ ਵਡਾ ਕਰਿ ਸਾਲਾਹੀਐ ਅੰਤੁ ਨ ਪਾਰਾਵਾਰੁ ॥੨॥ ਪਉੜੀ ॥ ਹਰਿ ਕਾ ਨਾਮੁ ਨਿਧਾਨੁ ਹੈ ਸੇਵਿਐ ਸੁਖੁ ਪਾਈ ॥ ਨਾਮੁ ਨਿਰੰਜਨੁ ਉਚਰਾਂ ਪਤਿ ਸਿਉ ਘਰਿ ਜਾਂਈ ॥ ਗੁਰਮੁਖਿ ਬਾਣੀ ਨਾਮੁ ਹੈ ਨਾਮੁ ਰਿਦੈ ਵਸਾਈ ॥ ਮਤਿ ਪੰਖੇਰੂ ਵਸਿ ਹੋਇ ਸਤਿਗੁਰੂ ਧਿਆਈਂ ॥ ਨਾਨਕ ਆਪਿ ਦਇਆਲੁ ਹੋਇ ਨਾਮੇ ਲਿਵ ਲਾਈ ॥੪॥ ਸਲੋਕ ਮਹਲਾ ੨ ॥ ਤਿਸੁ ਸਿਉ ਕੈਸਾ ਬੋਲਣਾ ਜਿ ਆਪੇ ਜਾਣੈ ਜਾਣੁ ॥ ਚੀਰੀ ਜਾ ਕੀ ਨਾ ਫਿਰੈ ਸਾਹਿਬੁ ਸੋ ਪਰਵਾਣੁ ॥ ਚੀਰੀ ਜਿਸ ਕੀ ਚਲਣਾ ਮੀਰ ਮਲਕ ਸਲਾਰ ॥ ਜੋ ਤਿਸੁ ਭਾਵੈ ਨਾਨਕਾ ਸਾਈ ਭਲੀ ਕਾਰ ॥ ਜਿਨ੍ਹਾ ਚੀਰੀ ਚਲਣਾ ਹਥਿ ਤਿਨ੍ਹਾ ਕਿਛੁ ਨਾਹਿ ॥ ਸਾਹਿਬ ਕਾ ਫੁਰਮਾਣੁ ਹੋਇ ਉਠੀ ਕਰਲੈ ਪਾਹਿ ॥ ਜੇਹਾ ਚੀਰੀ ਲਿਖਿਆ ਤੇਹਾ ਹੁਕਮੁ ਕਮਾਹਿ ॥ ਘਲੇ ਆਵਹਿ ਨਾਨਕਾ ਸਦੇ ਉਠੀ ਜਾਹਿ ॥੧॥ ਮਹਲਾ ੨ ॥ ਸਿਫਤਿ ਜਿਨਾ ਕਉ ਬਖਸੀਐ ਸੇਈ ਪੋਤੇਦਾਰ ॥ ਕੁੰਜੀ ਜਿਨ ਕਉ ਦਿਤੀਆ ਤਿਨ੍ਹਾ ਮਿਲੇ ਭੰਡਾਰ ॥ ਜਹ ਭੰਡਾਰੀ ਹੂ ਗੁਣ ਨਿਕਲਹਿ ਤੇ ਕੀਅਹਿ ਪਰਵਾਣੁ ॥ ਨਦਰਿ ਤਿਨ੍ਹਾ ਕਉ ਨਾਨਕਾ ਨਾਮੁ ਜਿਨ੍ਹਾ ਨੀਸਾਣੁ ॥੨॥ ਪਉੜੀ ॥ ਨਾਮੁ ਨਿਰੰਜਨੁ ਨਿਰਮਲਾ ਸੁਣਿਐ ਸੁਖੁ ਹੋਈ ॥ ਸੁਣਿ ਸੁਣਿ ਮੰਨਿ ਵਸਾਈਐ ਬੂਝੈ ਜਨੁ ਕੋਈ ॥ ਬਹਦਿਆ ਉਠਦਿਆ ਨ ਵਿਸਰੈ ਸਾਚਾ ਸਚੁ ਸੋਈ ॥ ਭਗਤਾ ਕਉ ਨਾਮ ਅਧਾਰੁ ਹੈ ਨਾਮੇ ਸੁਖੁ ਹੋਈ ॥ ਨਾਨਕ ਮਨਿ ਤਨਿ ਰਵਿ ਰਹਿਆ ਗੁਰਮੁਖਿ ਹਰਿ ਸੋਈ ॥੫॥ ਸਲੋਕ ਮਹਲਾ ੧ ॥ ਨਾਨਕ ਤੁਲੀਅਹਿ ਤੋਲ ਜੇ ਜੀਉ ਪਿਛੈ ਪਾਈਐ ॥ ਇਕਸੁ ਨ ਪੁਜਹਿ ਬੋਲ ਜੇ ਪੂਰੇ ਪੂਰਾ ਕਰਿ ਮਿਲੈ ॥ ਵਡਾ ਆਖਣੁ ਭਾਰਾ ਤੋਲੁ ॥ ਹੋਰ ਹਉਲੀ ਮਤੀ ਹਉਲੇ ਬੋਲ ॥ ਧਰਤੀ ਪਾਣੀ ਪਰਬਤ ਭਾਰੁ ॥ ਕਿਉ ਕੰਡੈ ਤੋਲੈ ਸੁਨਿਆਰੁ ॥ ਤੋਲਾ ਮਾਸਾ ਰਤਕ ਪਾਇ ॥ ਨਾਨਕ ਪੁਛਿਆ ਦੇਇ ਪੁਜਾਇ ॥ ਮੂਰਖ ਅੰਧਿਆ ਅੰਧੀ ਧਾਤੁ ॥ ਕਹਿ ਕਹਿ ਕਹਣੁ ਕਹਾਇਨਿ ਆਪੁ ॥੧॥ ਮਹਲਾ ੧ ॥ ਆਖਣਿ ਅਉਖਾ ਸੁਨਣਿ ਅਉਖਾ ਆਖਿ ਨ ਜਾਪੀ ਆਖਿ ॥ ਇਕਿ ਆਖਿ ਆਖਹਿ ਸਬਦੁ ਭਾਖਹਿ ਅਰਧ ਉਰਧ ਦਿਨੁ ਰਾਤਿ ॥ ਜੇ ਕਿਹੁ ਹੋਇ ਤ ਕਿਹੁ ਦਿਸੈ ਜਾਪੈ ਰੂਪੁ ਨ ਜਾਤਿ ॥ ਸਭਿ ਕਾਰਣ ਕਰਤਾ ਕਰੇ ਘਟ ਅਉਘਟ ਘਟ

ਥਾਪਿ ॥ ਆਖਣਿ ਅਉਖਾ ਨਾਨਕਾ ਆਖਿ ਨ ਜਾਪੈ ਆਖਿ ॥੨॥ ਪਉੜੀ ॥ ਨਾਇ ਸੁਣਿਐ ਮਨੁ ਰਹਸੀਐ ਨਾਮੇ ਸਾਂਤਿ ਆਈ ॥ ਨਾਇ ਸੁਣਿਐ ਮਨੁ ਤ੍ਰਿਪਤੀਐ ਸਭ ਦੁਖ ਗਵਾਈ ॥ ਨਾਇ ਸੁਣਿਐ ਨਾਉ ਊਪਜੈ ਨਾਮੇ ਵਡਿਆਈ ॥ ਨਾਮੇ ਹੀ ਸਭ ਜਾਤਿ ਪਤਿ ਨਾਮੇ ਗਤਿ ਪਾਈ ॥ ਗੁਰਮੁਖਿ ਨਾਮੁ ਧਿਆਈਐ ਨਾਨਕ ਲਿਵ ਲਾਈ ॥੬॥ ਸਲੋਕ ਮਹਲਾ ੧ ॥ ਜੂਠਿ ਨ ਰਾਗੀ ਜੂਠਿ ਨ ਵੇਦੀ ॥ ਜੂਠਿ ਨ ਚੰਦ ਸੂਰਜ ਕੀ ਭੇਦੀ ॥ ਜੂਠਿ ਨ ਅੰਨੀ ਜੂਠਿ ਨ ਨਾਈ ॥ ਜੂਠਿ ਨ ਮੀਹੁ ਵਰ੍ਹਿਐ ਸਭ ਥਾਈ ॥ ਜੂਠਿ ਨ ਧਰਤੀ ਜੂਠਿ ਨ ਪਾਣੀ ॥ ਜੂਠਿ ਨ ਪਉਣੈ ਮਾਹਿ ਸਮਾਣੀ ॥ ਨਾਨਕ ਨਿਗੁਰਿਆ ਗੁਣੁ ਨਾਹੀ ਕੋਇ ॥ ਮੁਹਿ ਫੇਰਿਐ ਮੁਹੁ ਜੂਠਾ ਹੋਇ ॥੧॥ ਮਹਲਾ ੧ ॥ ਨਾਨਕ ਚੁਲੀਆ ਸੁਚੀਆ ਜੇ ਭਰਿ ਜਾਣੈ ਕੋਇ ॥ ਸੁਰਤੇ ਚੁਲੀ ਗਿਆਨ ਕੀ ਜੋਗੀ ਕਾ ਜਤੁ ਹੋਇ ॥ ਬ੍ਰਹਮਣ ਚੁਲੀ ਸੰਤੋਖ ਕੀ ਗਿਰਹੀ ਕਾ ਸਤੁ ਦਾਨੁ ॥ ਰਾਜੇ ਚੁਲੀ ਨਿਆਵ ਕੀ ਪੜਿਆ ਸਚੁ ਧਿਆਨੁ ॥ ਪਾਣੀ ਚਿਤੁ ਨ ਧੋਪਈ ਮੁਖਿ ਪੀਤੈ ਤਿਖ ਜਾਇ ॥ ਪਾਣੀ ਪਿਤਾ ਜਗਤ ਕਾ ਫਿਰਿ ਪਾਣੀ ਸਭੁ ਖਾਇ ॥੨॥ ਪਉੜੀ ॥ ਨਾਇ ਸੁਣਿਐ ਸਭ ਸਿਧਿ ਹੈ ਰਿਧਿ ਪਿਛੈ ਆਵੈ ॥ ਨਾਇ ਸੁਣਿਐ ਨਉ ਨਿਧਿ ਮਿਲੈ ਮਨ ਚਿੰਦਿਆ ਪਾਵੈ ॥ ਨਾਇ ਸੁਣਿਐ ਸੰਤੋਖੁ ਹੋਇ ਕਵਲਾ ਚਰਨ ਧਿਆਵੈ ॥ ਨਾਇ ਸੁਣਿਐ ਸਹਜੁ ਊਪਜੈ ਸਹਜੇ ਸੁਖੁ ਪਾਵੈ ॥ ਗੁਰਮਤੀ ਨਾਉ ਪਾਈਐ ਨਾਨਕ ਗੁਣ ਗਾਵੈ ॥੭॥ ਸਲੋਕ ਮਹਲਾ ੧ ॥ ਦੁਖ ਵਿਚਿ ਜੰਮਣੁ ਦੁਖਿ ਮਰਣੁ ਦੁਖਿ ਵਰਤਣੁ ਸੰਸਾਰਿ ॥ ਦੁਖੁ ਦੁਖੁ ਅਗੈ ਆਖੀਐ ਪੜ੍ਹਿ ਪੜ੍ਹਿ ਕਰਹਿ ਪੁਕਾਰ ॥ ਦੁਖ ਕੀਆ ਪੰਡਾ ਖੁਲ੍ਹੀਆ ਸੁਖੁ ਨ ਨਿਕਲਿਓ ਕੋਇ ॥ ਦੁਖ ਵਿਚਿ ਜੀਉ ਜਲਾਇਆ ਦੁਖੀਆ ਚਲਿਆ ਰੋਇ ॥ ਨਾਨਕ ਸਿਫਤੀ ਰਤਿਆ ਮਨੁ ਤਨੁ ਹਰਿਆ ਹੋਇ ॥ ਦੁਖ ਕੀਆ ਅਗੀ ਮਾਰੀਅਹਿ ਭੀ ਦੁਖੁ ਦਾਰੂ ਹੋਇ ॥੧॥ ਮਹਲਾ ੧ ॥ ਨਾਨਕ ਦੁਨੀਆ ਭਸੁ ਰੰਗੁ ਭਸੂ ਹੂ ਭਸੁ ਖੇਹ ॥ ਭਸੋ ਭਸੁ ਕਮਾਵਣੀ ਭੀ ਭਸੁ ਭਰੀਐ ਦੇਹ ॥ ਜਾ ਜੀਉ ਵਿਚਹੁ ਕਢੀਐ ਭਸੂ ਭਰਿਆ ਜਾਇ ॥ ਅਗੈ ਲੇਖੈ ਮੰਗਿਐ ਹੋਰ ਦਸੂਣੀ ਪਾਇ ॥੨॥ ਪਉੜੀ ॥ ਨਾਇ ਸੁਣਿਐ ਸੁਚਿ ਸੰਜਮੋ ਜਮੁ ਨੇੜਿ ਨ ਆਵੈ ॥ ਨਾਇ ਸੁਣਿਐ ਘਟਿ ਚਾਨਣਾ ਆਨ੍ਹੇਰੁ ਗਵਾਵੈ ॥ ਨਾਇ ਸੁਣਿਐ ਆਪੁ ਬੁਝੀਐ ਲਾਹਾ ਨਾਉ ਪਾਵੈ ॥ ਨਾਇ ਸੁਣਿਐ ਪਾਪ ਕਟੀਅਹਿ ਨਿਰਮਲ ਸਚੁ ਪਾਵੈ ॥ ਨਾਨਕ ਨਾਇ ਸੁਣਿਐ ਮੁਖ ਉਜਲੇ ਨਾਉ ਗੁਰਮੁਖਿ ਧਿਆਵੈ ॥੮॥ ਸਲੋਕ ਮਹਲਾ ੧ ॥ ਘਰਿ ਨਾਰਾਇਣੁ ਸਭਾ ਨਾਲਿ ॥

ਪੂਜ ਕਰੇ ਰਖੈ ਨਾਵਾਲਿ ॥ ਕੁੰਗੂ ਚੰਨਣੁ ਫੁਲ ਚੜਾਏ ॥ ਪੈਰੀ ਪੈ ਪੈ ਬਹੁਤੁ ਮਨਾਏ ॥ ਮਾਣੂਆ ਮੰਗਿ ਮੰਗਿ ਪੈਨ੍ਹੈ ਖਾਇ ॥ ਅੰਧੀ ਕੰਮੀ ਅੰਧ ਸਜਾਇ ॥ ਭੁਖਿਆ ਦੇਇ ਨ ਮਰਦਿਆ ਰਖੈ ॥ ਅੰਧਾ ਝਗੜਾ ਅੰਧੀ ਸਥੈ ॥੧॥ ਮਹਲਾ ੧ ॥ ਸਭੇ ਸੁਰਤੀ ਜੋਗ ਸਭਿ ਸਭੇ ਬੇਦ ਪੁਰਾਣ ॥ ਸਭੇ ਕਰਣੇ ਤਪ ਸਭਿ ਸਭੇ ਗੀਤ ਗਿਆਨ ॥ ਸਭੇ ਬੁਧੀ ਸੁਧਿ ਸਭਿ ਸਭਿ ਤੀਰਥ ਸਭਿ ਥਾਨ ॥ ਸਭਿ ਪਾਤਿਸਾਹੀਆ ਅਮਰ ਸਭਿ ਸਭਿ ਖੁਸੀਆ ਸਭਿ ਖਾਨ ॥ ਸਭੇ ਮਾਣਸ ਦੇਵ ਸਭਿ ਸਭੇ ਜੋਗ ਧਿਆਨ ॥ ਸਭੇ ਪੁਰੀਆ ਖੰਡ ਸਭਿ ਸਭੇ ਜੀਅ ਜਹਾਨ ॥ ਹੁਕਮਿ ਚਲਾਏ ਆਪਣੈ ਕਰਮੀ ਵਹੈ ਕਲਾਮ ॥ ਨਾਨਕ ਸਚਾ ਸਚਿ ਨਾਇ ਸਚੁ ਸਭਾ ਦੀਬਾਨੁ ॥੨॥ ਪਉੜੀ ॥ ਨਾਇ ਮੰਨਿਐ ਸੁਖੁ ਊਪਜੈ ਨਾਮੇ ਗਤਿ ਹੋਈ ॥ ਨਾਇ ਮੰਨਿਐ ਪਤਿ ਪਾਈਐ ਹਿਰਦੈ ਹਰਿ ਸੋਈ ॥ ਨਾਇ ਮੰਨਿਐ ਭਵਜਲੁ ਲੰਘੀਐ ਫਿਰਿ ਬਿਘਨੁ ਨ ਹੋਈ ॥ ਨਾਇ ਮੰਨਿਐ ਪੰਥੁ ਪਰਗਟਾ ਨਾਮੇ ਸਭ ਲੋਈ ॥ ਨਾਨਕ ਸਤਿਗੁਰਿ ਮਿਲਿਐ ਨਾਉ ਮੰਨੀਐ ਜਿਨ ਦੇਵੈ ਸੋਈ ॥੯॥ ਸਲੋਕ ਮਃ ੧ ॥ ਪੁਰੀਆ ਖੰਡਾ ਸਿਰਿ ਕਰੇ ਇਕ ਪੈਰਿ ਧਿਆਏ ॥ ਪਉਣੁ ਮਾਰਿ ਮਨਿ ਜਪੁ ਕਰੇ ਸਿਰੁ ਮੁੰਡੀ ਤਲੈ ਦੇਇ ॥ ਕਿਸੁ ਉਪਰਿ ਓਹੁ ਟਿਕ ਟਿਕੈ ਕਿਸ ਨੋ ਜੋਰੁ ਕਰੇਇ ॥ ਕਿਸ ਨੋ ਕਹੀਐ ਨਾਨਕਾ ਕਿਸ ਨੋ ਕਰਤਾ ਦੇਇ ॥ ਹੁਕਮਿ ਰਹਾਏ ਆਪਣੈ ਮੂਰਖੁ ਆਪੁ ਗਣੇਇ ॥੧॥ ਮਃ ੧ ॥ ਹੈ ਹੈ ਆਖਾਂ ਕੋਟਿ ਕੋਟਿ ਕੋਟੀ ਹੂ ਕੋਟਿ ਕੋਟਿ ॥ ਆਖੂੰ ਆਖਾਂ ਸਦਾ ਸਦਾ ਕਹਣਿ ਨ ਆਵੈ ਤੋਟਿ ॥ ਨਾ ਹਉ ਥਕਾਂ ਨ ਠਾਕੀਆ ਏਵਡ ਰਖਹਿ ਜੋਤਿ ॥ ਨਾਨਕ ਚਸਿਅਹੁ ਚੁਖ ਬਿੰਦ ਉਪਰਿ ਆਖਣੁ ਦੋਸੁ ॥੨॥ ਪਉੜੀ ॥ ਨਾਇ ਮੰਨਿਐ ਕੁਲੁ ਉਧਰੈ ਸਭੁ ਕੁਟੰਬੁ ਸਬਾਇਆ ॥ ਨਾਇ ਮੰਨਿਐ ਸੰਗਤਿ ਉਧਰੈ ਜਿਨ ਰਿਦੈ ਵਸਾਇਆ ॥ ਨਾਇ ਮੰਨਿਐ ਸੁਣਿ ਉਧਰੇ ਜਿਨ ਰਸਨ ਰਸਾਇਆ ॥ ਨਾਇ ਮੰਨਿਐ ਦੁਖ ਭੁਖ ਗਈ ਜਿਨ ਨਾਮਿ ਚਿਤੁ ਲਾਇਆ ॥ ਨਾਨਕ ਨਾਮੁ ਤਿਨੀ ਸਾਲਾਹਿਆ ਜਿਨ ਗੁਰੂ ਮਿਲਾਇਆ ॥੧੦॥ ਸਲੋਕ ਮਃ ੧ ॥ ਸਭੇ ਰਾਤੀ ਸਭਿ ਦਿਹ ਸਭਿ ਥਿਤੀ ਸਭਿ ਵਾਰ ॥ ਸਭੇ ਰੁਤੀ ਮਾਹ ਸਭਿ ਸਭਿ ਧਰਤੀ ਸਭਿ ਭਾਰ ॥ ਸਭੇ ਪਾਣੀ ਪਉਣ ਸਭਿ ਸਭਿ ਅਗਨੀ ਪਾਤਾਲ ॥ ਸਭੇ ਪੁਰੀਆ ਖੰਡ ਸਭਿ ਸਭਿ ਲੋਅ ਲੋਅ ਆਕਾਰ ॥ ਹੁਕਮੁ ਨ ਜਾਪੀ ਕੇਤੜਾ ਕਹਿ ਨ ਸਕੀਜੈ ਕਾਰ ॥ ਆਖਹਿ ਥਕਹਿ ਆਖਿ ਆਖਿ ਕਰਿ ਸਿਫਤੀ ਵੀਚਾਰ ॥ ਤ੍ਰਿਣੁ ਨ ਪਾਇਓ ਬਪੁੜੀ ਨਾਨਕੁ ਕਹੈ ਗਵਾਰ ॥੧॥ ਮਃ ੧ ॥ ਅਖੀ ਪਰਣੈ ਜੇ ਫਿਰਾਂ ਦੇਖਾਂ ਸਭੁ ਆਕਾਰੁ ॥ ਪੁਛਾ

ਗਿਆਨੀ ਪੰਡਿਤਾਂ ਪੁਛਾ ਬੇਦ ਬੀਚਾਰ ॥ ਪੁਛਾ ਦੇਵਾਂ ਮਾਣਸਾਂ ਜੋਧ ਕਰਹਿ ਅਵਤਾਰ ॥ ਸਿਧ ਸਮਾਧੀ ਸਭਿ ਸੁਣੀ ਜਾਇ ਦੇਖਾਂ ਦਰਬਾਰੁ ॥ ਅਗੈ ਸਚਾ ਸਚਿ ਨਾਇ ਨਿਰਭਉ ਭੈ ਵਿਣੁ ਸਾਰੁ ॥ ਹੋਰ ਕਚੀ ਮਤੀ ਕਚੁ ਪਿਚੁ ਅੰਧਿਆ ਅੰਧੁ ਬੀਚਾਰੁ ॥ ਨਾਨਕ ਕਰਮੀ ਬੰਦਗੀ ਨਦਰਿ ਲੰਘਾਏ ਪਾਰਿ ॥੨॥ ਪਉੜੀ ॥ ਨਾਇ ਮੰਨਿਐ ਦੁਰਮਤਿ ਗਈ ਮਤਿ ਪਰਗਟੀ ਆਇਆ ॥ ਨਾਉ ਮੰਨਿਐ ਹਉਮੈ ਗਈ ਸਭਿ ਰੋਗ ਗਵਾਇਆ ॥ ਨਾਇ ਮੰਨਿਐ ਨਾਮੁ ਊਪਜੈ ਸਹਜੇ ਸੁਖੁ ਪਾਇਆ ॥ ਨਾਇ ਮੰਨਿਐ ਸਾਂਤਿ ਊਪਜੈ ਹਰਿ ਮੰਨਿ ਵਸਾਇਆ ॥ ਨਾਨਕ ਨਾਮੁ ਰਤੰਨੁ ਹੈ ਗੁਰਮੁਖਿ ਹਰਿ ਧਿਆਇਆ ॥੧੧॥ ਸਲੋਕ ਮਃ ੧ ॥ ਹੋਰੁ ਸਰੀਕੁ ਹੋਵੈ ਕੋਈ ਤੇਰਾ ਤਿਸੁ ਅਗੈ ਤੁਧੁ ਆਖਾਂ ॥ ਤੁਧੁ ਅਗੈ ਤੁਧੈ ਸਾਲਾਹੀ ਮੈ ਅੰਧੇ ਨਾਉ ਸੁਜਾਖਾ ॥ ਜੇਤਾ ਆਖਣੁ ਸਾਹੀ ਸਬਦੀ ਭਾਖਿਆ ਭਾਇ ਸੁਭਾਈ ॥ ਨਾਨਕ ਬਹੁਤਾ ਏਹੋ ਆਖਣੁ ਸਭ ਤੇਰੀ ਵਡਿਆਈ ॥੧॥ ਮਃ ੧ ॥ ਜਾਂ ਨ ਸਿਆ ਕਿਆ ਚਾਕਰੀ ਜਾਂ ਜੰਮੇ ਕਿਆ ਕਾਰ ॥ ਸਭਿ ਕਾਰਣ ਕਰਤਾ ਕਰੇ ਦੇਖੈ ਵਾਰੋ ਵਾਰ ॥ ਜੇ ਚੁਪੈ ਜੇ ਮੰਗਿਐ ਦਾਤਿ ਕਰੇ ਦਾਤਾਰੁ ॥ ਇਕੁ ਦਾਤਾ ਸਭਿ ਮੰਗਤੇ ਫਿਰਿ ਦੇਖਹਿ ਆਕਾਰੁ ॥ ਨਾਨਕ ਏਵੈ ਜਾਣੀਐ ਜੀਵੈ ਦੇਵਣਹਾਰੁ ॥੨॥ ਪਉੜੀ ॥ ਨਾਇ ਮੰਨਿਐ ਸੁਰਤਿ ਊਪਜੈ ਨਾਮੇ ਮਤਿ ਹੋਈ ॥ ਨਾਇ ਮੰਨਿਐ ਗੁਣ ਉਚਰੈ ਨਾਮੇ ਸੁਖਿ ਸੋਈ ॥ ਨਾਇ ਮੰਨਿਐ ਭ੍ਰਮੁ ਕਟੀਐ ਫਿਰਿ ਦੁਖੁ ਨ ਹੋਈ ॥ ਨਾਇ ਮੰਨਿਐ ਸਾਲਾਹੀਐ ਪਾਪਾਂ ਮਤਿ ਧੋਈ ॥ ਨਾਨਕ ਪੂਰੇ ਗੁਰ ਤੇ ਨਾਉ ਮੰਨੀਐ ਜਿਨ ਦੇਵੈ ਸੋਈ ॥੧੨॥ ਸਲੋਕ ਮਃ ੧ ॥ ਸਾਸਤ੍ਰ ਬੇਦ ਪੁਰਾਣ ਪੜ੍ਹੰਤਾ ॥ ਪੂਕਾਰੰਤਾ ਅਜਾਣੰਤਾ ॥ ਜਾਂ ਬੂਝੈ ਤਾਂ ਸੂਝੈ ਸੋਈ ॥ ਨਾਨਕੁ ਆਖੈ ਕੂਕ ਨ ਹੋਈ ॥੧॥ ਮਃ ੧ ॥ ਜਾਂ ਹਉ ਤੇਰਾ ਤਾਂ ਸਭੁ ਕਿਛੁ ਮੇਰਾ ਹਉ ਨਾਹੀ ਤੂ ਹੋਵਹਿ ॥ ਆਪੇ ਸਕਤਾ ਆਪੇ ਸੁਰਤਾ ਸਕਤੀ ਜਗਤੁ ਪਰੋਵਹਿ ॥ ਆਪੇ ਭੇਜੇ ਆਪੇ ਸਦੇ ਰਚਨਾ ਰਚਿ ਰਚਿ ਵੇਖੈ ॥ ਨਾਨਕ ਸਚਾ ਸਚੀ ਨਾਂਈ ਸਚੁ ਪਵੈ ਧੁਰਿ ਲੇਖੈ ॥੨॥ ਪਉੜੀ ॥ ਨਾਮੁ ਨਿਰੰਜਨ ਅਲਖੁ ਹੈ ਕਿਉ ਲਖਿਆ ਜਾਈ ॥ ਨਾਮੁ ਨਿਰੰਜਨ ਨਾਲਿ ਹੈ ਕਿਉ ਪਾਈਐ ਭਾਈ ॥ ਨਾਮੁ ਨਿਰੰਜਨ ਵਰਤਦਾ ਰਵਿਆ ਸਭ ਠਾਂਈ ॥ ਗੁਰ ਪੂਰੇ ਤੇ ਪਾਈਐ ਹਿਰਦੈ ਦੇਇ ਦਿਖਾਈ ॥ ਨਾਨਕ ਨਦਰੀ ਕਰਮੁ ਹੋਇ ਗੁਰ ਮਿਲੀਐ ਭਾਈ ॥੧੩॥ ਸਲੋਕ ਮਃ ੧ ॥ ਕਲਿ ਹੋਈ ਕੁਤੇ ਮੁਹੀ ਖਾਜੁ ਹੋਆ ਮੁਰਦਾਰੁ ॥ ਕੂੜੁ ਬੋਲਿ ਬੋਲਿ ਭਉਕਣਾ ਚੂਕਾ ਧਰਮੁ ਬੀਚਾਰੁ ॥ ਜਿਨ ਜੀਵੰਦਿਆ ਪਤਿ ਨਹੀ ਮੁਇਆ ਮੰਦੀ ਸੋਇ ॥

ਲਿਖਿਆ ਹੋਵੈ ਨਾਨਕਾ ਕਰਤਾ ਕਰੇ ਸੁ ਹੋਇ ॥੧॥ ਮਃ ੧ ॥ ਰੰਨਾ ਹੋਈਆ ਬੋਧੀਆ ਪੁਰਸ ਹੋਏ ਸਈਆਦ ॥
ਸੀਲੁ ਸੰਜਮੁ ਸੁਚ ਭੰਨੀ ਖਾਣਾ ਖਾਜੁ ਅਹਾਜੁ ॥ ਸਰਮੁ ਗਇਆ ਘਰਿ ਆਪਣੈ ਪਤਿ ਉਠਿ ਚਲੀ ਨਾਲਿ ॥ ਨਾਨਕ
ਸਚਾ ਏਕੁ ਹੈ ਅਉਰੁ ਨ ਸਚਾ ਭਾਲਿ ॥੨॥ ਪਉੜੀ ॥ ਬਾਹਰਿ ਭਸਮ ਲੇਪਨ ਕਰੇ ਅੰਤਰਿ ਗੁਬਾਰੀ ॥ ਖਿੰਥਾ ਝੋਲੀ
ਬਹੁ ਭੇਖ ਕਰੇ ਦੁਰਮਤਿ ਅਹੰਕਾਰੀ ॥ ਸਾਹਿਬ ਸਬਦੁ ਨ ਊਚਰੈ ਮਾਇਆ ਮੋਹ ਪਸਾਰੀ ॥ ਅੰਤਰਿ ਲਾਲਚੁ ਭਰਮੁ ਹੈ
ਭਰਮੈ ਗਾਵਾਰੀ ॥ ਨਾਨਕ ਨਾਮੁ ਨ ਚੇਤਈ ਜੂਐ ਬਾਜੀ ਹਾਰੀ ॥੧੪॥ ਸਲੋਕ ਮਃ ੧ ॥ ਲਖ ਸਿਉ ਪ੍ਰੀਤਿ ਹੋਵੈ
ਲਖ ਜੀਵਣੁ ਕਿਆ ਖੁਸੀਆ ਕਿਆ ਚਾਉ ॥ ਵਿਛੁੜਿਆ ਵਿਸੁ ਹੋਇ ਵਿਛੋੜਾ ਏਕ ਘੜੀ ਮਹਿ ਜਾਇ ॥ ਜੇ ਸਉ
ਵਰ੍ਹਿਆ ਮਿਠਾ ਖਾਜੈ ਭੀ ਫਿਰਿ ਕਉੜਾ ਖਾਇ ॥ ਮਿਠਾ ਖਾਧਾ ਚਿਤਿ ਨ ਆਵੈ ਕਉੜਤਣੁ ਧਾਇ ਜਾਇ ॥ ਮਿਠਾ
ਕਉੜਾ ਦੋਵੈ ਰੋਗ ॥ ਨਾਨਕ ਅੰਤਿ ਵਿਗੁਤੇ ਭੋਗ ॥ ਝਖਿ ਝਖਿ ਝਖਣਾ ਝਗੜਾ ਝਾਖ ॥ ਝਖਿ ਝਖਿ ਜਾਹਿ ਝਖਹਿ
ਤਿਨ੍ਹ ਪਾਸਿ ॥੧॥ ਮਃ ੧ ॥ ਕਾਪੜੁ ਕਾਠੁ ਰੰਗਾਇਆ ਰਾਂਗਿ ॥ ਘਰ ਗਚ ਕੀਤੇ ਬਾਗੇ ਬਾਗ ॥ ਸਾਦ ਸਹਜ ਕਰਿ
ਮਨੁ ਖੇਲਾਇਆ ॥ ਤੈ ਸਹ ਪਾਸਹੁ ਕਹਣੁ ਕਹਾਇਆ ॥ ਮਿਠਾ ਕਰਿ ਕੈ ਕਉੜਾ ਖਾਇਆ ॥ ਤਿਨਿ ਕਉੜੈ ਤਨਿ
ਰੋਗੁ ਜਮਾਇਆ ॥ ਜੇ ਫਿਰਿ ਮਿਠਾ ਪੇੜੈ ਪਾਇ ॥ ਤਉ ਕਉੜਤਣੁ ਚੂਕਸਿ ਮਾਇ ॥ ਨਾਨਕ ਗੁਰਮੁਖਿ ਪਾਵੈ ਸੋਇ ॥
ਜਿਸ ਨੋ ਪ੍ਰਾਪਤਿ ਲਿਖਿਆ ਹੋਇ ॥੨॥ ਪਉੜੀ ॥ ਜਿਨ ਕੈ ਹਿਰਦੈ ਮੈਲੁ ਕਪਟੁ ਹੈ ਬਾਹਰੁ ਧੋਵਾਇਆ ॥ ਕੂੜੁ
ਕਪਟੁ ਕਮਾਵਦੇ ਕੂੜੁ ਪਰਗਟੀ ਆਇਆ ॥ ਅੰਦਰਿ ਹੋਇ ਸੁ ਨਿਕਲੈ ਨਹ ਛਪੈ ਛਪਾਇਆ ॥ ਕੂੜੈ ਲਾਲਚਿ
ਲਗਿਆ ਫਿਰਿ ਜੂਨੀ ਪਾਇਆ ॥ ਨਾਨਕ ਜੋ ਬੀਜੈ ਸੋ ਖਾਵਣਾ ਕਰਤੈ ਲਿਖਿ ਪਾਇਆ ॥੧੫॥ ਸਲੋਕ ਮਃ ੨ ॥
ਕਥਾ ਕਹਾਣੀ ਬੇਦੀਂ ਆਣੀ ਪਾਪੁ ਪੁੰਨੁ ਬੀਚਾਰੁ ॥ ਦੇ ਦੇ ਲੈਣਾ ਲੈ ਲੈ ਦੇਣਾ ਨਰਕਿ ਸੁਰਗਿ ਅਵਤਾਰ ॥ ਉਤਮ
ਮਧਿਮ ਜਾਤੀਂ ਜਿਨਸੀ ਭਰਮਿ ਭਵੈ ਸੰਸਾਰੁ ॥ ਅੰਮ੍ਰਿਤ ਬਾਣੀ ਤਤੁ ਵਖਾਣੀ ਗਿਆਨ ਧਿਆਨ ਵਿਚਿ ਆਈ ॥
ਗੁਰਮੁਖਿ ਆਖੀ ਗੁਰਮੁਖਿ ਜਾਤੀ ਸੁਰਤੀਂ ਕਰਮਿ ਧਿਆਈ ॥ ਹੁਕਮੁ ਸਾਜਿ ਹੁਕਮੈ ਵਿਚਿ ਰਖੈ ਹੁਕਮੈ ਅੰਦਰਿ ਵੇਖੈ ॥
ਨਾਨਕ ਅਗਹੁ ਹਉਮੈ ਤੁਟੈ ਤਾਂ ਕੋ ਲਿਖੀਐ ਲੇਖੈ ॥੧॥ ਮਃ ੧ ॥ ਬੇਦੁ ਪੁਕਾਰੇ ਪੁੰਨੁ ਪਾਪੁ ਸੁਰਗ ਨਰਕ ਕਾ ਬੀਉ ॥
ਜੋ ਬੀਜੈ ਸੋ ਉਗਵੈ ਖਾਂਦਾ ਜਾਣੈ ਜੀਉ ॥ ਗਿਆਨੁ ਸਲਾਹੇ ਵਡਾ ਕਰਿ ਸਚੋ ਸਚਾ ਨਾਉ ॥ ਸਚੁ ਬੀਜੈ ਸਚੁ ਉਗਵੈ

ਦਰਗਹ ਪਾਈਐ ਥਾਉ ॥ ਬੇਦੁ ਵਪਾਰੀ ਗਿਆਨੁ ਰਾਸਿ ਕਰਮੀ ਪਲੈ ਹੋਇ ॥ ਨਾਨਕ ਰਾਸੀ ਬਾਹਰਾ ਲਦਿ ਨ ਚਲਿਆ ਕੋਇ ॥੨॥ ਪਉੜੀ ॥ ਨਿੰਮੁ ਬਿਰਖੁ ਬਹੁ ਸੰਚੀਐ ਅੰਮ੍ਰਿਤ ਰਸੁ ਪਾਇਆ ॥ ਬਿਸੀਅਰੁ ਮੰਤ੍ਰਿ ਵਿਸਾਹੀਐ ਬਹੁ ਦੂਧੁ ਪੀਆਇਆ ॥ ਮਨਮੁਖੁ ਅਭਿੰਨੁ ਨ ਭਿਜਈ ਪਥਰੁ ਨਾਵਾਇਆ ॥ ਬਿਖੁ ਮਹਿ ਅੰਮ੍ਰਿਤੁ ਸਿੰਚੀਐ ਬਿਖੁ ਕਾ ਫਲੁ ਪਾਇਆ ॥ ਨਾਨਕ ਸੰਗਤਿ ਮੇਲਿ ਹਰਿ ਸਭ ਬਿਖੁ ਲਹਿ ਜਾਇਆ ॥੧੬॥ ਸਲੋਕ ਮਃ ੧ ॥ ਮਰਣਿ ਨ ਮੂਰਤੁ ਪੁਛਿਆ ਪੁਛੀ ਥਿਤਿ ਨ ਵਾਰੁ ॥ ਇਕਨ੍ਹ੍ਹੀ ਲਦਿਆ ਇਕਿ ਲਦਿ ਚਲੇ ਇਕਨ੍ਹ੍ਹੀ ਬਧੇ ਭਾਰ ॥ ਇਕਨ੍ਹਾ ਹੋਈ ਸਾਖਤੀ ਇਕਨ੍ਹਾ ਹੋਈ ਸਾਰ ॥ ਲਸਕਰ ਸਣੈ ਦਮਾਮਿਆ ਛੁਟੇ ਬੰਕ ਦੁਆਰ ॥ ਨਾਨਕ ਢੇਰੀ ਛਾਰੁ ਕੀ ਭੀ ਫਿਰਿ ਹੋਈ ਛਾਰ ॥੧॥ ਮਃ ੧ ॥ ਨਾਨਕ ਢੇਰੀ ਢਹਿ ਪਈ ਮਿਟੀ ਸੰਦਾ ਕੋਟੁ ॥ ਭੀਤਰਿ ਚੋਰੁ ਬਹਾਲਿਆ ਖੋਟੁ ਵੇ ਜੀਆ ਖੋਟੁ ॥੨॥ ਪਉੜੀ ॥ ਜਿਨ ਅੰਦਰਿ ਨਿੰਦਾ ਦੁਸਟੁ ਹੈ ਨਕ ਵਢੇ ਨਕ ਵਢਾਇਆ ॥ ਮਹਾ ਕਰੂਪ ਦੁਖੀਏ ਸਦਾ ਕਾਲੇ ਮੁਹ ਮਾਇਆ ॥ ਭਲਕੇ ਉਠਿ ਨਿਤ ਪਰ ਦਰਬੁ ਹਿਰਹਿ ਹਰਿ ਨਾਮੁ ਚੁਰਾਇਆ ॥ ਹਰਿ ਜੀਉ ਤਿਨ ਕੀ ਸੰਗਤਿ ਮਤ ਕਰਹੁ ਰਖਿ ਲੇਹੁ ਹਰਿ ਰਾਇਆ ॥ ਨਾਨਕ ਪਇਐ ਕਿਰਤਿ ਕਮਾਵਦੇ ਮਨਮੁਖਿ ਦੁਖੁ ਪਾਇਆ ॥੧੭॥ ਸਲੋਕ ਮਃ ੪ ॥ ਸਭੁ ਕੋਈ ਹੈ ਖਸਮ ਕਾ ਖਸਮਹੁ ਸਭੁ ਕੋ ਹੋਇ ॥ ਹੁਕਮੁ ਪਛਾਣੈ ਖਸਮ ਕਾ ਤਾ ਸਚੁ ਪਾਵੈ ਕੋਇ ॥ ਗੁਰਮੁਖਿ ਆਪੁ ਪਛਾਣੀਐ ਬੁਰਾ ਨ ਦੀਸੈ ਕੋਇ ॥ ਨਾਨਕ ਗੁਰਮੁਖਿ ਨਾਮੁ ਧਿਆਈਐ ਸਹਿਲਾ ਆਇਆ ਸੋਇ ॥੧॥ ਮਃ ੪ ॥ ਸਭਨਾ ਦਾਤਾ ਆਪਿ ਹੈ ਆਪੇ ਮੇਲਣਹਾਰੁ ॥ ਨਾਨਕ ਸਬਦਿ ਮਿਲੇ ਨ ਵਿਛੁੜਹਿ ਜਿਨਾ ਸੇਵਿਆ ਹਰਿ ਦਾਤਾਰੁ ॥੨॥ ਪਉੜੀ ॥ ਗੁਰਮੁਖਿ ਹਿਰਦੈ ਸਾਂਤਿ ਹੈ ਨਾਉ ਉਗਵਿ ਆਇਆ ॥ ਜਪ ਤਪ ਤੀਰਥ ਸੰਜਮ ਕਰੇ ਮੇਰੇ ਪ੍ਰਭ ਭਾਇਆ ॥ ਹਿਰਦਾ ਸੁਧੁ ਹਰਿ ਸੇਵਦੇ ਸੋਹਹਿ ਗੁਣ ਗਾਇਆ ॥ ਮੇਰੇ ਹਰਿ ਜੀਉ ਏਵੈ ਭਾਵਦਾ ਗੁਰਮੁਖਿ ਤਰਾਇਆ ॥ ਨਾਨਕ ਗੁਰਮੁਖਿ ਮੇਲਿਅਨੁ ਹਰਿ ਦਰਿ ਸੋਹਾਇਆ ॥੧੮॥ ਸਲੋਕ ਮਃ ੧ ॥ ਧਨਵੰਤਾ ਇਵ ਹੀ ਕਹੈ ਅਵਰੀ ਧਨ ਕਉ ਜਾਉ ॥ ਨਾਨਕੁ ਨਿਰਧਨੁ ਤਿਤੁ ਦਿਨਿ ਜਿਤੁ ਦਿਨਿ ਵਿਸਰੈ ਨਾਉ ॥੧॥ ਮਃ ੧ ॥ ਸੂਰਜੁ ਚੜੈ ਵਿਜੋਗਿ ਸਭਸੈ ਘਟੈ ਆਰਜਾ ॥ ਤਨੁ ਮਨੁ ਰਤਾ ਭੋਗਿ ਕੋਈ ਹਾਰੈ ਕੋ ਜਿਣੈ ॥ ਸਭੁ ਕੋ ਭਰਿਆ ਫੂਕਿ ਆਖਣਿ ਕਹਣਿ ਨ ਥੰਮ੍ਹੀਐ ॥ ਨਾਨਕ ਵੇਖੈ ਆਪਿ ਫੂਕ ਕਢਾਏ ਢਹਿ ਪਵੈ ॥੨॥ ਪਉੜੀ ॥ ਸਤਸੰਗਤਿ ਨਾਮੁ ਨਿਧਾਨੁ ਹੈ ਜਿਥਹੁ ਹਰਿ

ਪਾਇਆ ॥ ਗੁਰ ਪਰਸਾਦੀ ਘਟਿ ਚਾਨਣਾ ਆਨੑੇਰੁ ਗਵਾਇਆ ॥ ਲੋਹਾ ਪਾਰਸਿ ਭੇਟੀਐ ਕੰਚਨੁ ਹੋਇ ਆਇਆ ॥ ਨਾਨਕ ਸਤਿਗੁਰਿ ਮਿਲਿਐ ਨਾਉ ਪਾਈਐ ਮਿਲਿ ਨਾਮੁ ਧਿਆਇਆ ॥ ਜਿਨੑ ਕੈ ਪੋਤੈ ਪੁੰਨੁ ਹੈ ਤਿਨੑੀ ਦਰਸਨੁ ਪਾਇਆ ॥੧੯॥ ਸਲੋਕ ਮਃ ੧ ॥ ਧ੍ਰਿਗੁ ਤਿਨਾ ਕਾ ਜੀਵਿਆ ਜਿ ਲਿਖਿ ਲਿਖਿ ਵੇਚਹਿ ਨਾਉ ॥ ਖੇਤੀ ਜਿਨ ਕੀ ਉਜੜੈ ਖਲਵਾੜੇ ਕਿਆ ਥਾਉ ॥ ਸਚੈ ਸਰਮੈ ਬਾਹਰੇ ਅਗੈ ਲਹਹਿ ਨ ਦਾਦਿ ॥ ਅਕਲਿ ਏਹ ਨ ਆਖੀਐ ਅਕਲਿ ਗਵਾਈਐ ਬਾਦਿ ॥ ਅਕਲੀ ਸਾਹਿਬੁ ਸੇਵੀਐ ਅਕਲੀ ਪਾਈਐ ਮਾਨੁ ॥ ਅਕਲੀ ਪੜੑਿ ਕੈ ਬੁਝੀਐ ਅਕਲੀ ਕੀਚੈ ਦਾਨੁ ॥ ਨਾਨਕੁ ਆਖੈ ਰਾਹੁ ਏਹੁ ਹੋਰਿ ਗਲਾਂ ਸੈਤਾਨੁ ॥੧॥ ਮਃ ੨ ॥ ਜੈਸਾ ਕਰੈ ਕਹਾਵੈ ਤੈਸਾ ਐਸੀ ਬਨੀ ਜਰੂਰਤਿ ॥ ਹੋਵਹਿ ਲਿੰਙ ਝਿੰਙ ਨਹ ਹੋਵਹਿ ਐਸੀ ਕਹੀਐ ਸੂਰਤਿ ॥ ਜੋ ਓਸੁ ਇਛੇ ਸੋ ਫਲੁ ਪਾਏ ਤਾਂ ਨਾਨਕ ਕਹੀਐ ਮੂਰਤਿ ॥੨॥ ਪਉੜੀ ॥ ਸਤਿਗੁਰੁ ਅੰਮ੍ਰਿਤ ਬਿਰਖੁ ਹੈ ਅੰਮ੍ਰਿਤ ਰਸਿ ਫਲਿਆ ॥ ਜਿਸੁ ਪਰਾਪਤਿ ਸੋ ਲਹੈ ਗੁਰ ਸਬਦੀ ਮਿਲਿਆ ॥ ਸਤਿਗੁਰ ਕੈ ਭਾਣੈ ਜੋ ਚਲੈ ਹਰਿ ਸੇਤੀ ਰਲਿਆ ॥ ਜਮਕਾਲੁ ਜੋਹਿ ਨ ਸਕਈ ਘਟਿ ਚਾਨਣੁ ਬਲਿਆ ॥ ਨਾਨਕ ਬਖਸਿ ਮਿਲਾਇਅਨੁ ਫਿਰਿ ਗਰਭਿ ਨ ਗਲਿਆ ॥੨੦॥ ਸਲੋਕ ਮਃ ੧ ॥ ਸਚੁ ਵਰਤੁ ਸੰਤੋਖੁ ਤੀਰਥੁ ਗਿਆਨੁ ਧਿਆਨੁ ਇਸਨਾਨੁ ॥ ਦਇਆ ਦੇਵਤਾ ਖਿਮਾ ਜਪਮਾਲੀ ਤੇ ਮਾਣਸ ਪਰਧਾਨ ॥ ਜੁਗਤਿ ਧੋਤੀ ਸੁਰਤਿ ਚਉਕਾ ਤਿਲਕੁ ਕਰਣੀ ਹੋਇ ॥ ਭਾਉ ਭੋਜਨੁ ਨਾਨਕਾ ਵਿਰਲਾ ਤ ਕੋਈ ਕੋਇ ॥੧॥ ਮਹਲਾ ੩ ॥ ਨਉਮੀ ਨੇਮੁ ਸਚੁ ਜੇ ਕਰੈ ॥ ਕਾਮ ਕ੍ਰੋਧੁ ਤ੍ਰਿਸਨਾ ਉਚਰੈ ॥ ਦਸਮੀ ਦਸੇ ਦੁਆਰ ਜੇ ਠਾਕੈ ਏਕਾਦਸੀ ਏਕੁ ਕਰਿ ਜਾਣੈ ॥ ਦੁਆਦਸੀ ਪੰਚ ਵਸਗਤਿ ਕਰਿ ਰਾਖੈ ਤਉ ਨਾਨਕ ਮਨੁ ਮਾਨੈ ॥ ਐਸਾ ਵਰਤੁ ਰਹੀਜੈ ਪਾਡੇ ਹੋਰ ਬਹੁਤੁ ਸਿਖ ਕਿਆ ਦੀਜੈ ॥੨॥ ਪਉੜੀ ॥ ਭੂਪਤਿ ਰਾਜੇ ਰੰਗ ਰਾਇ ਸੰਚਹਿ ਬਿਖੁ ਮਾਇਆ ॥ ਕਰਿ ਕਰਿ ਹੇਤੁ ਵਧਾਇਦੇ ਪਰ ਦਰਬੁ ਚੁਰਾਇਆ ॥ ਪੁਤ੍ਰ ਕਲਤ੍ਰ ਨ ਵਿਸਹਹਿ ਬਹੁ ਪ੍ਰੀਤਿ ਲਗਾਇਆ ॥ ਵੇਖਦਿਆ ਹੀ ਮਾਇਆ ਧੁਹਿ ਗਈ ਪਛੁਤਹਿ ਪਛੁਤਾਇਆ ॥ ਜਮ ਦਰਿ ਬਧੇ ਮਾਰੀਅਹਿ ਨਾਨਕ ਹਰਿ ਭਾਇਆ ॥੨੧॥ ਸਲੋਕ ਮਃ ੧ ॥ ਗਿਆਨ ਵਿਹੂਣਾ ਗਾਵੈ ਗੀਤ ॥ ਭੁਖੇ ਮੁਲਾਂ ਘਰੇ ਮਸੀਤਿ ॥ ਮਖਟੂ ਹੋਇ ਕੈ ਕੰਨ ਪੜਾਏ ॥ ਫਕਰੁ ਕਰੇ ਹੋਰੁ ਜਾਤਿ ਗਵਾਏ ॥ ਗੁਰੁ ਪੀਰੁ ਸਦਾਏ ਮੰਗਣ ਜਾਇ ॥ ਤਾ ਕੈ ਮੂਲਿ ਨ ਲਗੀਐ ਪਾਇ ॥ ਘਾਲਿ ਖਾਇ ਕਿਛੁ ਹਥਹੁ ਦੇਇ ॥ ਨਾਨਕ ਰਾਹੁ ਪਛਾਣਹਿ ਸੇਇ ॥੧॥

ਮਃ ੧ ॥ ਮਨਹੁ ਜਿ ਅੰਧੇ ਕੂਪ ਕਹਿਆ ਬਿਰਦੁ ਨ ਜਾਣਨੀ ॥ ਮਨਿ ਅੰਧੈ ਊਂਧੈ ਕਵਲਿ ਦਿਸਨਿ੍ ਖਰੇ ਕਰੂਪ ॥ ਇਕਿ ਕਹਿ ਜਾਣਹਿ ਕਹਿਆ ਬੁਝਹਿ ਤੇ ਨਰ ਸੁਘੜ ਸਰੂਪ ॥ ਇਕਨਾ ਨਾਦ ਨ ਬੇਦ ਨ ਗੀਅ ਰਸੁ ਰਸ ਕਸ ਨ ਜਾਣੰਤਿ ॥ ਇਕਨਾ ਸੁਧਿ ਨ ਬੁਧਿ ਨ ਅਕਲਿ ਸਰ ਅਖਰ ਕਾ ਭੇਉ ਨ ਲਹੰਤਿ ॥ ਨਾਨਕ ਸੇ ਨਰ ਅਸਲਿ ਖਰ ਜਿ ਬਿਨੁ ਗੁਣ ਗਰਬੁ ਕਰੰਤਿ ॥੨॥ ਪਉੜੀ ॥ ਗੁਰਮੁਖਿ ਸਭ ਪਵਿਤੁ ਹੈ ਧਨੁ ਸੰਪੈ ਮਾਇਆ ॥ ਹਰਿ ਅਰਥਿ ਜੋ ਖਰਚਦੇ ਦੇਂਦੇ ਸੁਖੁ ਪਾਇਆ ॥ ਜੋ ਹਰਿ ਨਾਮੁ ਧਿਆਇਦੇ ਤਿਨ ਤੋਟਿ ਨ ਆਇਆ ॥ ਗੁਰਮੁਖਾਂ ਨਦਰੀ ਆਵਦਾ ਮਾਇਆ ਸੁਟਿ ਪਾਇਆ ॥ ਨਾਨਕ ਭਗਤਾਂ ਹੋਰੁ ਚਿਤਿ ਨ ਆਵਈ ਹਰਿ ਨਾਮਿ ਸਮਾਇਆ ॥੨੨॥ ਸਲੋਕ ਮਃ ੪ ॥ ਸਤਿਗੁਰੁ ਸੇਵਨਿ ਸੇ ਵਡਭਾਗੀ ॥ ਸਚੈ ਸਬਦਿ ਜਿਨ੍ਾ ਏਕ ਲਿਵ ਲਾਗੀ ॥ ਗਿਰਹ ਕੁਟੰਬ ਮਹਿ ਸਹਜਿ ਸਮਾਧੀ ॥ ਨਾਨਕ ਨਾਮਿ ਰਤੇ ਸੇ ਸਚੇ ਬੈਰਾਗੀ ॥੧॥ ਮਃ ੪ ॥ ਗਣਤੈ ਸੇਵ ਨ ਹੋਵਈ ਕੀਤਾ ਥਾਇ ਨ ਪਾਇ ॥ ਸਬਦੈ ਸਾਦੁ ਨ ਆਇਓ ਸਚਿ ਨ ਲਗੋ ਭਾਉ ॥ ਸਤਿਗੁਰੁ ਪਿਆਰਾ ਨ ਲਗਈ ਮਨਹਠਿ ਆਵੈ ਜਾਇ ॥ ਜੇ ਇਕ ਵਿਖ ਅਗਾਹਾ ਭਰੇ ਤਾਂ ਦਸ ਵਿਖਾਂ ਪਿਛਾਹਾ ਜਾਇ ॥ ਸਤਿਗੁਰ ਕੀ ਸੇਵਾ ਚਾਕਰੀ ਜੇ ਚਲਹਿ ਸਤਿਗੁਰ ਭਾਇ ॥ ਆਪੁ ਗਵਾਇ ਸਤਿਗੁਰੂ ਨੋ ਮਿਲੈ ਸਹਜੇ ਰਹੈ ਸਮਾਇ ॥ ਨਾਨਕ ਤਿਨ੍ਾ ਨਾਮੁ ਨ ਵੀਸਰੈ ਸਚੇ ਮੇਲਿ ਮਿਲਾਇ ॥੨॥ ਪਉੜੀ ॥ ਖਾਨ ਮਲੂਕ ਕਹਾਇਦੇ ਕੋ ਰਹਣੁ ਨ ਪਾਈ ॥ ਗੜ੍ ਮੰਦਰ ਗਚ ਗੀਰੀਆ ਕਿਛੁ ਸਾਥਿ ਨ ਜਾਈ ॥ ਸੋਇਨ ਸਾਖਤਿ ਪਉਣ ਵੇਗ ਧ੍ਰਿਗੁ ਧ੍ਰਿਗੁ ਚਤੁਰਾਈ ॥ ਛਤੀਹ ਅੰਮ੍ਰਿਤ ਪਰਕਾਰ ਕਰਹਿ ਬਹੁ ਮੈਲੁ ਵਧਾਈ ॥ ਨਾਨਕ ਜੋ ਦੇਵੈ ਤਿਸਹਿ ਨ ਜਾਣਨੀ ਮਨਮੁਖਿ ਦੁਖੁ ਪਾਈ ॥੨੩॥ ਸਲੋਕ ਮਃ ੩ ॥ ਪੜ੍ਹਿ ਪੜ੍ਹਿ ਪੰਡਿਤ ਮੋੁਨੀ ਥਕੇ ਦੇਸੰਤਰ ਭਵਿ ਥਕੇ ਭੇਖਧਾਰੀ ॥ ਦੂਜੈ ਭਾਇ ਨਾਉ ਕਦੇ ਨ ਪਾਇਨਿ ਦੁਖੁ ਲਾਗਾ ਅਤਿ ਭਾਰੀ ॥ ਮੂਰਖ ਅੰਧੇ ਤ੍ਰੈ ਗੁਣ ਸੇਵਹਿ ਮਾਇਆ ਕੈ ਬਿਉਹਾਰੀ ॥ ਅੰਦਰਿ ਕਪਟੁ ਉਦਰੁ ਭਰਣ ਕੈ ਤਾਈ ਪਾਠ ਪੜਹਿ ਗਾਵਾਰੀ ॥ ਸਤਿਗੁਰੁ ਸੇਵੇ ਸੋ ਸੁਖੁ ਪਾਏ ਜਿਨ ਹਉਮੈ ਵਿਚਹੁ ਮਾਰੀ ॥ ਨਾਨਕ ਪੜਣਾ ਗੁਨਣਾ ਇਕੁ ਨਾਉ ਹੈ ਬੂਝੈ ਕੋ ਬੀਚਾਰੀ ॥੧॥ ਮਃ ੩ ॥ ਨਾਂਗੇ ਆਵਣਾ ਨਾਂਗੇ ਜਾਣਾ ਹਰਿ ਹੁਕਮੁ ਪਾਇਆ ਕਿਆ ਕੀਜੈ ॥ ਜਿਸ ਕੀ ਵਸਤੁ ਸੋਈ ਲੈ ਜਾਇਗਾ ਰੋਸੁ ਕਿਸੈ ਸਿਉ ਕੀਜੈ ॥ ਗੁਰਮੁਖਿ ਹੋਵੈ ਸੁ ਭਾਣਾ ਮੰਨੇ ਸਹਜੇ ਹਰਿ ਰਸੁ ਪੀਜੈ ॥ ਨਾਨਕ ਸੁਖਦਾਤਾ ਸਦਾ ਸਲਾਹਿਹੁ ਰਸਨਾ ਰਾਮੁ

ਰਵੀਜੈ ॥੨॥ ਪਉੜੀ ॥ ਗੜ੍ਹਿ ਕਾਇਆ ਸੀਗਾਰ ਬਹੁ ਭਾਂਤਿ ਬਣਾਈ ॥ ਰੰਗ ਪਰੰਗ ਕਤੀਫਿਆ ਪਹਿਰਹਿ ਧਰ ਮਾਈ ॥ ਲਾਲ ਸੁਪੇਦ ਦੁਲੀਚਿਆ ਬਹੁ ਸਭਾ ਬਣਾਈ ॥ ਦੁਖੁ ਖਾਣਾ ਦੁਖੁ ਭੋਗਣਾ ਗਰਬੈ ਗਰਬਾਈ ॥ ਨਾਨਕ ਨਾਮੁ ਨ ਚੇਤਿਓ ਅੰਤਿ ਲਏ ਛਡਾਈ ॥੨੪॥ ਸਲੋਕ ਮਃ ੩ ॥ ਸਹਜੇ ਸੁਖਿ ਸੁਤੀ ਸਬਦਿ ਸਮਾਇ ॥ ਆਪੇ ਪ੍ਰਭਿ ਮੇਲਿ ਲਈ ਗਲਿ ਲਾਇ ॥ ਦੁਬਿਧਾ ਚੂਕੀ ਸਹਜਿ ਸੁਭਾਇ ॥ ਅੰਤਰਿ ਨਾਮੁ ਵਸਿਆ ਮਨਿ ਆਇ ॥ ਸੇ ਕੰਠਿ ਲਾਏ ਜਿ ਭੰਨਿ ਘੜਾਇ ॥ ਨਾਨਕ ਜੋ ਧੁਰਿ ਮਿਲੇ ਸੇ ਹੁਣਿ ਆਣਿ ਮਿਲਾਇ ॥੧॥ ਮਃ ੩ ॥ ਜਿਨ੍ਹੀ ਨਾਮੁ ਵਿਸਾਰਿਆ ਕਿਆ ਜਪੁ ਜਾਪਹਿ ਹੋਰਿ ॥ ਬਿਸਟਾ ਅੰਦਰਿ ਕੀਟ ਸੇ ਮੁਠੇ ਧੰਧੈ ਚੋਰਿ ॥ ਨਾਨਕ ਨਾਮੁ ਨ ਵੀਸਰੈ ਝੂਠੇ ਲਾਲਚ ਹੋਰਿ ॥੨॥ ਪਉੜੀ ॥ ਨਾਮੁ ਸਲਾਹਨਿ ਨਾਮੁ ਮੰਨਿ ਅਸਥਿਰੁ ਜਗਿ ਸੋਈ ॥ ਹਿਰਦੈ ਹਰਿ ਹਰਿ ਚਿਤਵੈ ਦੂਜਾ ਨਹੀ ਕੋਈ ॥ ਰੋਮਿ ਰੋਮਿ ਹਰਿ ਉਚਰੈ ਖਿਨੁ ਖਿਨੁ ਹਰਿ ਸੋਈ ॥ ਗੁਰਮੁਖਿ ਜਨਮੁ ਸਕਾਰਥਾ ਨਿਰਮਲੁ ਮਲੁ ਖੋਈ ॥ ਨਾਨਕ ਜੀਵਦਾ ਪੁਰਖੁ ਧਿਆਇਆ ਅਮਰਾ ਪਦੁ ਹੋਈ ॥੨੫॥ ਸਲੋਕੁ ਮਃ ੩ ॥ ਜਿਨੀ ਨਾਮੁ ਵਿਸਾਰਿਆ ਬਹੁ ਕਰਮ ਕਮਾਵਹਿ ਹੋਰਿ ॥ ਨਾਨਕ ਜਮ ਪੁਰਿ ਬਧੇ ਮਾਰੀਅਹਿ ਜਿਉ ਸੰਨ੍ਹੀ ਉਪਰਿ ਚੋਰ ॥੧॥ ਮਃ ੫ ॥ ਧਰਤਿ ਸੁਹਾਵੜੀ ਆਕਾਸੁ ਸੁਹੰਦਾ ਜਪੰਦਿਆ ਹਰਿ ਨਾਉ ॥ ਨਾਨਕ ਨਾਮ ਵਿਹੂਣਿਆ ਤਿਨ੍ ਤਨ ਖਾਵਹਿ ਕਾਉ ॥੨॥ ਪਉੜੀ ॥ ਨਾਮੁ ਸਲਾਹਨਿ ਭਾਉ ਕਰਿ ਨਿਜ ਮਹਲੀ ਵਾਸਾ ॥ ਓਇ ਬਾਹੁੜਿ ਜੋਨਿ ਨ ਆਵਨੀ ਫਿਰਿ ਹੋਹਿ ਨ ਬਿਨਾਸਾ ॥ ਹਰਿ ਸੇਤੀ ਰੰਗਿ ਰਵਿ ਰਹੇ ਸਭ ਸਾਸ ਗਿਰਾਸਾ ॥ ਹਰਿ ਕਾ ਰੰਗੁ ਕਦੇ ਨ ਉਤਰੈ ਗੁਰਮੁਖਿ ਪਰਗਾਸਾ ॥ ਓਇ ਕਿਰਪਾ ਕਰਿ ਕੈ ਮੇਲਿਅਨੁ ਨਾਨਕ ਹਰਿ ਪਾਸਾ ॥੨੬॥ ਸਲੋਕ ਮਃ ੩ ॥ ਜਿਚਰੁ ਇਹੁ ਮਨੁ ਲਹਰੀ ਵਿਚਿ ਹੈ ਹਉਮੈ ਬਹੁਤੁ ਅਹੰਕਾਰੁ ॥ ਸਬਦੈ ਸਾਦੁ ਨ ਆਵਈ ਨਾਮਿ ਨ ਲਗੈ ਪਿਆਰੁ ॥ ਸੇਵਾ ਥਾਇ ਨ ਪਵਈ ਤਿਸ ਕੀ ਖਪਿ ਖਪਿ ਹੋਇ ਖੁਆਰੁ ॥ ਨਾਨਕ ਸੇਵਕੁ ਸੋਈ ਆਖੀਐ ਜੋ ਸਿਰੁ ਧਰੇ ਉਤਾਰਿ ॥ ਸਤਿਗੁਰ ਕਾ ਭਾਣਾ ਮੰਨਿ ਲਏ ਸਬਦੁ ਰਖੈ ਉਰ ਧਾਰਿ ॥੧॥ ਮਃ ੩ ॥ ਸੋ ਜਪੁ ਤਪੁ ਸੇਵਾ ਚਾਕਰੀ ਜੋ ਖਸਮੈ ਭਾਵੈ ॥ ਆਪੇ ਬਖਸੇ ਮੇਲਿ ਲਏ ਆਪਤੁ ਗਵਾਵੈ ॥ ਮਿਲਿਆ ਕਦੇ ਨ ਵੀਛੁੜੈ ਜੋਤੀ ਜੋਤਿ ਮਿਲਾਵੈ ॥ ਨਾਨਕ ਗੁਰ ਪਰਸਾਦੀ ਸੋ ਬੁਝਸੀ ਜਿਸੁ ਆਪਿ ਬੁਝਾਵੈ ॥੨॥ ਪਉੜੀ ॥ ਸਭੁ ਕੋ ਲੇਖੇ ਵਿਚਿ ਹੈ ਮਨਮੁਖੁ ਅਹੰਕਾਰੀ ॥ ਹਰਿ ਨਾਮੁ ਕਦੇ ਨ ਚੇਤਈ ਜਮਕਾਲੁ

ਸਿਰਿ ਮਾਰੀ ॥ ਪਾਪ ਬਿਕਾਰ ਮਨੂਰ ਸਭਿ ਲਦੇ ਬਹੁ ਭਾਰੀ ॥ ਮਾਰਗੁ ਬਿਖਮੁ ਡਰਾਵਣਾ ਕਿਉ ਤਰੀਐ ਤਾਰੀ ॥ ਨਾਨਕ ਗੁਰਿ ਰਾਖੇ ਸੇ ਉਬਰੇ ਹਰਿ ਨਾਮਿ ਉਧਾਰੀ ॥੨੭॥ ਸਲੋਕ ਮਃ ੩ ॥ ਵਿਣੁ ਸਤਿਗੁਰ ਸੇਵੇ ਸੁਖੁ ਨਹੀ ਮਰਿ ਜੰਮਹਿ ਵਾਰੋ ਵਾਰ ॥ ਮੋਹ ਠਗਉਲੀ ਪਾਈਅਨੁ ਬਹੁ ਦੂਜੈ ਭਾਇ ਵਿਕਾਰ ॥ ਇਕਿ ਗੁਰ ਪਰਸਾਦੀ ਉਬਰੇ ਤਿਸੁ ਜਨ ਕਉ ਕਰਹਿ ਸਭਿ ਨਮਸਕਾਰ ॥ ਨਾਨਕ ਅਨਦਿਨੁ ਨਾਮੁ ਧਿਆਇ ਤੂ ਅੰਤਰਿ ਜਿਤੁ ਪਾਵਹਿ ਮੋਖ ਦੁਆਰ ॥੧॥ ਮਃ ੩ ॥ ਮਾਇਆ ਮੋਹਿ ਵਿਸਾਰਿਆ ਸਚੁ ਮਰਣਾ ਹਰਿ ਨਾਮੁ ॥ ਧੰਧਾ ਕਰਤਿਆ ਜਨਮੁ ਗਇਆ ਅੰਦਰਿ ਦੁਖੁ ਸਹਾਮੁ ॥ ਨਾਨਕ ਸਤਿਗੁਰੁ ਸੇਵਿ ਸੁਖੁ ਪਾਇਆ ਜਿਨ੍ ਪੂਰਬਿ ਲਿਖਿਆ ਕਰਾਮੁ ॥੨॥ ਪਉੜੀ ॥ ਲੇਖਾ ਪੜੀਐ ਹਰਿ ਨਾਮੁ ਫਿਰਿ ਲੇਖੁ ਨ ਹੋਈ ॥ ਪੁਛਿ ਨ ਸਕੈ ਕੋਇ ਹਰਿ ਦਰਿ ਸਦ ਢੋਈ ॥ ਜਮਕਾਲੁ ਮਿਲੈ ਦੇ ਭੇਟ ਸੇਵਕੁ ਨਿਤ ਹੋਈ ॥ ਪੂਰੇ ਗੁਰ ਤੇ ਮਹਲੁ ਪਾਇਆ ਪਤਿ ਪਰਗਟੁ ਲੋਈ ॥ ਨਾਨਕ ਅਨਹਦ ਧੁਨੀ ਦਰਿ ਵਜਦੇ ਮਿਲਿਆ ਹਰਿ ਸੋਈ ॥੨੮॥ ਸਲੋਕ ਮਃ ੩ ॥ ਗੁਰ ਕਾ ਕਹਿਆ ਜੇ ਕਰੇ ਸੁਖੀ ਹੂ ਸੁਖੁ ਸਾਰੁ ॥ ਗੁਰ ਕੀ ਕਰਣੀ ਭਉ ਕਟੀਐ ਨਾਨਕ ਪਾਵਹਿ ਪਾਰੁ ॥੧॥ ਮਃ ੩ ॥ ਸਚੁ ਪੁਰਾਣਾ ਨਾ ਥੀਐ ਨਾਮੁ ਨ ਮੈਲਾ ਹੋਇ ॥ ਗੁਰ ਕੈ ਭਾਣੈ ਜੇ ਚਲੈ ਬਹੁੜਿ ਨ ਆਵਣੁ ਹੋਇ ॥ ਨਾਨਕ ਨਾਮਿ ਵਿਸਾਰਿਐ ਆਵਣ ਜਾਣਾ ਦੋਇ ॥੨॥ ਪਉੜੀ ॥ ਮੰਗਤ ਜਨੁ ਜਾਚੈ ਦਾਨੁ ਹਰਿ ਦੇਹੁ ਸੁਭਾਇ ॥ ਹਰਿ ਦਰਸਨ ਕੀ ਪਿਆਸ ਹੈ ਦਰਸਨਿ ਤ੍ਰਿਪਤਾਇ ॥ ਖਿਨੁ ਪਲੁ ਘੜੀ ਨ ਜੀਵਊ ਬਿਨੁ ਦੇਖੇ ਮਰਾਂ ਮਾਇ ॥ ਸਤਿਗੁਰਿ ਨਾਲਿ ਦਿਖਾਲਿਆ ਰਵਿ ਰਹਿਆ ਸਭ ਥਾਇ ॥ ਸੁਤਿਆ ਆਪਿ ਉਠਾਲਿ ਦੇਇ ਨਾਨਕ ਲਿਵ ਲਾਇ ॥੨੯॥ ਸਲੋਕ ਮਃ ੩ ॥ ਮਨਮੁਖ ਬੋਲਿ ਨ ਜਾਣਨੀ੍ ਓਨਾ ਅੰਦਰਿ ਕਾਮੁ ਕ੍ਰੋਧੁ ਅਹੰਕਾਰੁ ॥ ਥਾਉ ਕੁਥਾਉ ਨ ਜਾਣਨੀ ਸਦਾ ਚਿਤਵਹਿ ਬਿਕਾਰ ॥ ਦਰਗਹ ਲੇਖਾ ਮੰਗੀਐ ਓਥੈ ਹੋਹਿ ਕੂੜਿਆਰ ॥ ਆਪੇ ਸ੍ਰਿਸਟਿ ਉਪਾਈਅਨੁ ਆਪਿ ਕਰੇ ਬੀਚਾਰੁ ॥ ਨਾਨਕ ਕਿਸ ਨੋ ਆਖੀਐ ਸਭੁ ਵਰਤੈ ਆਪਿ ਸਚਿਆਰੁ ॥੧॥ ਮਃ ੩ ॥ ਹਰਿ ਗੁਰਮੁਖਿ ਤਿਨੀ੍ ਅਰਾਧਿਆ ਜਿਨ੍ ਕਰਮਿ ਪਰਾਪਤਿ ਹੋਇ ॥ ਨਾਨਕ ਹਉ ਬਲਿਹਾਰੀ ਤਿਨ੍ ਕਉ ਜਿਨ੍ ਹਰਿ ਮਨਿ ਵਸਿਆ ਸੋਇ ॥੨॥ ਪਉੜੀ ॥ ਆਸ ਕਰੇ ਸਭੁ ਲੋਕੁ ਬਹੁ ਜੀਵਣੁ ਜਾਣਿਆ ॥ ਨਿਤ ਜੀਵਣ ਕਉ ਚਿਤੁ ਗੜ੍ ਮੰਡਪ ਸਵਾਰਿਆ ॥ ਵਲਵੰਚ ਕਰਿ ਉਪਾਵ ਮਾਇਆ ਹਿਰਿ ਆਣਿਆ ॥ ਜਮਕਾਲੁ ਨਿਹਾਲੇ ਸਾਸ

ਆਵ ਘਟੈ ਬੇਤਾਲਿਆ ॥ ਨਾਨਕ ਗੁਰ ਸਰਣਾਈ ਉਬਰੇ ਹਰਿ ਗੁਰ ਰਖਵਾਲਿਆ ॥੩੦॥ ਸਲੋਕ ਮਃ ੩ ॥ ਪੜਿ ਪੜਿ ਪੰਡਿਤ ਵਾਦੁ ਵਖਾਣਦੇ ਮਾਇਆ ਮੋਹ ਸੁਆਇ ॥ ਦੂਜੈ ਭਾਇ ਨਾਮੁ ਵਿਸਾਰਿਆ ਮਨ ਮੂਰਖ ਮਿਲੈ ਸਜਾਇ ॥ ਜਿਨਿ੍ ਕੀਤੇ ਤਿਸੈ ਨ ਸੇਵਨੀ੍ ਦੇਦਾ ਰਿਜਕੁ ਸਮਾਇ ॥ ਜਮ ਕਾ ਫਾਹਾ ਗਲਹੁ ਨ ਕਟੀਐ ਫਿਰਿ ਫਿਰਿ ਆਵਹਿ ਜਾਇ ॥ ਜਿਨ ਕਉ ਪੂਰਬਿ ਲਿਖਿਆ ਸਤਿਗੁਰੁ ਮਿਲਿਆ ਤਿਨ ਆਇ ॥ ਅਨਦਿਨੁ ਨਾਮੁ ਧਿਆਇਦੇ ਨਾਨਕ ਸਚਿ ਸਮਾਇ ॥੧॥ ਮਃ ੩ ॥ ਸਚੁ ਵਣਜਹਿ ਸਚੁ ਸੇਵਦੇ ਜਿ ਗੁਰਮੁਖਿ ਪੈਰੀ ਪਾਹਿ ॥ ਨਾਨਕ ਗੁਰ ਕੈ ਭਾਣੈ ਜੇ ਚਲਹਿ ਸਹਜੇ ਸਚਿ ਸਮਾਹਿ ॥੨॥ ਪਉੜੀ ॥ ਆਸਾ ਵਿਚਿ ਅਤਿ ਦੁਖੁ ਘਣਾ ਮਨਮੁਖਿ ਚਿਤੁ ਲਾਇਆ ॥ ਗੁਰਮੁਖਿ ਭਏ ਨਿਰਾਸ ਪਰਮ ਸੁਖੁ ਪਾਇਆ ॥ ਵਿਚੇ ਗਿਰਹ ਉਦਾਸ ਅਲਿਪਤ ਲਿਵ ਲਾਇਆ ॥ ਓਨਾ ਸੋਗੁ ਵਿਜੋਗੁ ਨ ਵਿਆਪਈ ਹਰਿ ਭਾਣਾ ਭਾਇਆ ॥ ਨਾਨਕ ਹਰਿ ਸੇਤੀ ਸਦਾ ਰਵਿ ਰਹੇ ਧੁਰਿ ਲਏ ਮਿਲਾਇਆ ॥੩੧॥ ਸਲੋਕ ਮਃ ੩ ॥ ਪਰਾਈ ਅਮਾਣ ਕਿਉ ਰਖੀਐ ਦਿਤੀ ਹੀ ਸੁਖੁ ਹੋਇ ॥ ਗੁਰ ਕਾ ਸਬਦੁ ਗੁਰ ਥੈ ਟਿਕੈ ਹੋਰ ਥੈ ਪਰਗਟੁ ਨ ਹੋਇ ॥ ਅੰਨੇ੍ ਵਸਿ ਮਾਣਕੁ ਪਇਆ ਘਰਿ ਘਰਿ ਵੇਚਣ ਜਾਇ ॥ ਓਨਾ ਪਰਖ ਨ ਆਵਈ ਅਢੁ ਨ ਪਲੈ ਪਾਇ ॥ ਜੇ ਆਪਿ ਪਰਖ ਨ ਆਵਈ ਤਾਂ ਪਾਰਖੀਆ ਥਾਵਹੁ ਲਇਓੁ ਪਰਖਾਇ ॥ ਜੇ ਓਸੁ ਨਾਲਿ ਚਿਤੁ ਲਾਏ ਤਾਂ ਵਥੁ ਲਹੈ ਨਉ ਨਿਧਿ ਪਲੈ ਪਾਇ ॥ ਘਰਿ ਹੋਦੈ ਧਨਿ ਜਗੁ ਭੁਖਾ ਮੁਆ ਬਿਨੁ ਸਤਿਗੁਰ ਸੋਝੀ ਨ ਹੋਇ ॥ ਸਬਦੁ ਸੀਤਲੁ ਮਨਿ ਤਨਿ ਵਸੈ ਤਿਥੈ ਸੋਗੁ ਵਿਜੋਗੁ ਨ ਕੋਇ ॥ ਵਸਤੁ ਪਰਾਈ ਆਪਿ ਗਰਬੁ ਕਰੇ ਮੂਰਖੁ ਆਪੁ ਗਣਾਏ ॥ ਨਾਨਕ ਬਿਨੁ ਬੂਝੇ ਕਿਨੈ ਨ ਪਾਇਓ ਫਿਰਿ ਫਿਰਿ ਆਵੈ ਜਾਏ ॥੧॥ ਮਃ ੩ ॥ ਮਨਿ ਅਨਦੁ ਭਇਆ ਮਿਲਿਆ ਹਰਿ ਪ੍ਰੀਤਮੁ ਸਰਸੇ ਸਜਣ ਸੰਤ ਪਿਆਰੇ ॥ ਜੋ ਧੁਰਿ ਮਿਲੇ ਨ ਵਿਛੁੜਹਿ ਕਬਹੂ ਜਿ ਆਪਿ ਮੇਲੇ ਕਰਤਾਰੇ ॥ ਅੰਤਰਿ ਸਬਦੁ ਰਵਿਆ ਗੁਰੁ ਪਾਇਆ ਸਗਲੇ ਦੂਖ ਨਿਵਾਰੇ ॥ ਹਰਿ ਸੁਖਦਾਤਾ ਸਦਾ ਸਲਾਹੀ ਅੰਤਰਿ ਰਖਾਂ ਉਰ ਧਾਰੇ ॥ ਮਨਮੁਖੁ ਤਿਨ ਕੀ ਬਖੀਲੀ ਕਿ ਕਰੇ ਜਿ ਸਚੈ ਸਬਦਿ ਸਵਾਰੇ ॥ ਓਨਾ ਦੀ ਆਪਿ ਪਤਿ ਰਖਸੀ ਮੇਰਾ ਪਿਆਰਾ ਸਰਣਾਗਤਿ ਪਏ ਗੁਰ ਦੁਆਰੇ ॥ ਨਾਨਕ ਗੁਰਮੁਖਿ ਸੇ ਸੁਹੇਲੇ ਭਏ ਮੁਖ ਊਜਲ ਦਰਬਾਰੇ ॥੨॥ ਪਉੜੀ ॥ ਇਸਤਰੀ ਪੁਰਖੈ ਬਹੁ ਪ੍ਰੀਤਿ ਮਿਲਿ ਮੋਹੁ ਵਧਾਇਆ ॥ ਪੁਤ੍ਰੁ ਕਲਤ੍ਰੁ ਨਿਤ ਵੇਖੈ ਵਿਗਸੈ ਮੋਹਿ ਮਾਇਆ ॥ ਦੇਸਿ ਪਰਦੇਸਿ ਧਨੁ ਚੋਰਾਇ

ਆਣਿ ਮੁਹਿ ਪਾਇਆ ॥ ਅੰਤਿ ਹੋਵੈ ਵੈਰ ਵਿਰੋਧੁ ਕੋ ਸਕੈ ਨ ਛਡਾਇਆ ॥ ਨਾਨਕ ਵਿਣੁ ਨਾਵੈ ਧ੍ਰਿਗੁ ਮੋਹੁ ਜਿਤੁ ਲਗਿ ਦੁਖੁ ਪਾਇਆ ॥੩੨॥ ਸਲੋਕ ਮਃ ੩ ॥ ਗੁਰਮੁਖਿ ਅੰਮ੍ਰਿਤੁ ਨਾਮੁ ਹੈ ਜਿਤੁ ਖਾਧੈ ਸਭ ਭੁਖ ਜਾਇ ॥ ਤ੍ਰਿਸਨਾ ਮੂਲਿ ਨ ਹੋਵਈ ਨਾਮੁ ਵਸੈ ਮਨਿ ਆਇ ॥ ਬਿਨੁ ਨਾਵੈ ਜਿ ਹੋਰੁ ਖਾਣਾ ਤਿਤੁ ਰੋਗੁ ਲਗੈ ਤਨਿ ਧਾਇ ॥ ਨਾਨਕ ਰਸ ਕਸ ਸਬਦੁ ਸਲਾਹਣਾ ਆਪੇ ਲਏ ਮਿਲਾਇ ॥੧॥ ਮਃ ੩ ॥ ਜੀਆ ਅੰਦਰਿ ਜੀਉ ਸਬਦੁ ਹੈ ਜਿਤੁ ਸਹ ਮੇਲਾਵਾ ਹੋਇ ॥ ਬਿਨੁ ਸਬਦੈ ਜਗਿ ਆਨ੍ਹੇਰੁ ਹੈ ਸਬਦੇ ਪਰਗਟੁ ਹੋਇ ॥ ਪੰਡਿਤ ਮੋਨੀ ਪੜਿ ਪੜਿ ਥਕੇ ਭੇਖ ਥਕੇ ਤਨੁ ਧੋਇ ॥ ਬਿਨੁ ਸਬਦੈ ਕਿਨੈ ਨ ਪਾਇਓ ਦੁਖੀਏ ਚਲੇ ਰੋਇ ॥ ਨਾਨਕ ਨਦਰੀ ਪਾਈਐ ਕਰਮਿ ਪਰਾਪਤਿ ਹੋਇ ॥੨॥ ਪਉੜੀ ॥ ਇਸਤ੍ਰੀ ਪੁਰਖੈ ਅਤਿ ਨੇਹੁ ਬਹਿ ਮੰਦੁ ਪਕਾਇਆ ॥ ਦਿਸਦਾ ਸਭੁ ਕਿਛੁ ਚਲਸੀ ਮੇਰੇ ਪ੍ਰਭ ਭਾਇਆ ॥ ਕਿਉ ਰਹੀਐ ਥਿਰੁ ਜਗਿ ਕੋ ਕਢਹੁ ਉਪਾਇਆ ॥ ਗੁਰ ਪੂਰੇ ਕੀ ਚਾਕਰੀ ਥਿਰੁ ਕੰਧੁ ਸਬਾਇਆ ॥ ਨਾਨਕ ਬਖਸਿ ਮਿਲਾਇਅਨੁ ਹਰਿ ਨਾਮਿ ਸਮਾਇਆ ॥੩੩॥ ਸਲੋਕ ਮਃ ੩ ॥ ਮਾਇਆ ਮੋਹਿ ਵਿਸਾਰਿਆ ਗੁਰ ਕਾ ਭਉ ਹੇਤੁ ਅਪਾਰੁ ॥ ਲੋਭਿ ਲਹਰਿ ਸੁਧਿ ਮਤਿ ਗਈ ਸਚਿ ਨ ਲਗੈ ਪਿਆਰੁ ॥ ਗੁਰਮੁਖਿ ਜਿਨਾ ਸਬਦੁ ਮਨਿ ਵਸੈ ਦਰਗਹ ਮੋਖ ਦੁਆਰੁ ॥ ਨਾਨਕ ਆਪੇ ਮੇਲਿ ਲਏ ਆਪੇ ਬਖਸਣਹਾਰੁ ॥੧॥ ਮਃ ੪ ॥ ਨਾਨਕ ਜਿਸੁ ਬਿਨੁ ਘੜੀ ਨ ਜੀਵਣਾ ਵਿਸਰੇ ਸਰੈ ਨ ਬਿੰਦ ॥ ਤਿਸੁ ਸਿਉ ਕਿਉ ਮਨ ਰੂਸੀਐ ਜਿਸਹਿ ਹਮਾਰੀ ਚਿੰਦ ॥੨॥ ਮਃ ੪ ॥ ਸਾਵਣੁ ਆਇਆ ਝਿਮਝਿਮਾ ਹਰਿ ਗੁਰਮੁਖਿ ਨਾਮੁ ਧਿਆਇ ॥ ਦੁਖ ਭੁਖ ਕਾੜਾ ਸਭੁ ਚੁਕਾਇਸੀ ਮੀਹੁ ਵੁਠਾ ਛਹਬਰ ਲਾਇ ॥ ਸਭ ਧਰਤਿ ਭਈ ਹਰੀਆਵਲੀ ਅੰਨੁ ਜੰਮਿਆ ਬੋਹਲ ਲਾਇ ॥ ਹਰਿ ਅਚਿੰਤੁ ਬੁਲਾਵੈ ਕ੍ਰਿਪਾ ਕਰਿ ਹਰਿ ਆਪੇ ਪਾਵੈ ਥਾਇ ॥ ਹਰਿ ਤਿਸਹਿ ਧਿਆਵਹੁ ਸੰਤ ਜਨਹੁ ਜੁ ਅੰਤੇ ਲਏ ਛਡਾਇ ॥ ਹਰਿ ਕੀਰਤਿ ਭਗਤਿ ਅਨੰਦੁ ਹੈ ਸਦਾ ਸੁਖੁ ਵਸੈ ਮਨਿ ਆਇ ॥ ਜਿਨ੍ਹਾ ਗੁਰਮੁਖਿ ਨਾਮੁ ਅਰਾਧਿਆ ਤਿਨਾ ਦੁਖ ਭੁਖ ਲਹਿ ਜਾਇ ॥ ਜਨ ਨਾਨਕੁ ਤ੍ਰਿਪਤੈ ਗਾਇ ਗੁਣ ਹਰਿ ਦਰਸਨੁ ਦੇਹੁ ਸੁਭਾਇ ॥੩॥ ਪਉੜੀ ॥ ਗੁਰ ਪੂਰੇ ਕੀ ਦਾਤਿ ਨਿਤ ਦੇਵੈ ਚੜੈ ਸਵਾਈਆ ॥ ਤੁਸਿ ਦੇਵੈ ਆਪਿ ਦਇਆਲੁ ਨ ਛਪੈ ਛਪਾਈਆ ॥ ਹਿਰਦੈ ਕਵਲੁ ਪ੍ਰਗਾਸੁ ਉਨਮਨਿ ਲਿਵ ਲਾਈਆ ॥ ਜੇ ਕੋ ਕਰੇ ਉਸ ਦੀ ਰੀਸ ਸਿਰਿ ਛਾਈ ਪਾਈਆ ॥ ਨਾਨਕ ਅਪੜਿ ਕੋਇ ਨ ਸਕਈ ਪੂਰੇ ਸਤਿਗੁਰ ਕੀ ਵਡਿਆਈਆ

॥੩੪॥ ਸਲੋਕ ਮਃ ੩ ॥ ਅਮਰੁ ਵੇਪਰਵਾਹੁ ਹੈ ਤਿਸੁ ਨਾਲਿ ਸਿਆਣਪ ਨ ਚਲਈ ਨ ਹੁਜਤਿ ਕਰਣੀ ਜਾਇ ॥ ਆਪੁ ਛੋਡਿ ਸਰਣਾਇ ਪਵੈ ਮੰਨਿ ਲਏ ਰਜਾਇ ॥ ਗੁਰਮੁਖਿ ਜਮ ਡੰਡੁ ਨ ਲਗਈ ਹਉਮੈ ਵਿਚਹੁ ਜਾਇ ॥ ਨਾਨਕ ਸੇਵਕੁ ਸੋਈ ਆਖੀਐ ਜਿ ਸਚਿ ਰਹੈ ਲਿਵ ਲਾਇ ॥੧॥ ਮਃ ੩ ॥ ਦਾਤਿ ਜੋਤਿ ਸਭ ਸੂਰਤਿ ਤੇਰੀ ॥ ਬਹੁਤੁ ਸਿਆਣਪ ਹਉਮੈ ਮੇਰੀ ॥ ਬਹੁ ਕਰਮ ਕਮਾਵਹਿ ਲੋਭਿ ਮੋਹਿ ਵਿਆਪੇ ਹਉਮੈ ਕਦੇ ਨ ਚੂਕੈ ਫੇਰੀ ॥ ਨਾਨਕ ਆਪਿ ਕਰਾਏ ਕਰਤਾ ਜੋ ਤਿਸੁ ਭਾਵੈ ਸਾਈ ਗਲ ਚੰਗੇਰੀ ॥੨॥ ਪਉੜੀ ਮਃ ੫ ॥ ਸਚੁ ਖਾਣਾ ਸਚੁ ਪੈਨਣਾ ਸਚੁ ਨਾਮੁ ਅਧਾਰੁ ॥ ਗੁਰਿ ਪੂਰੈ ਮੇਲਾਇਆ ਪ੍ਰਭੁ ਦੇਵਣਹਾਰੁ ॥ ਭਾਗੁ ਪੂਰਾ ਤਿਨ ਜਾਗਿਆ ਜਪਿਆ ਨਿਰੰਕਾਰੁ ॥ ਸਾਧੂ ਸੰਗਤਿ ਲਗਿਆ ਤਰਿਆ ਸੰਸਾਰੁ ॥ ਨਾਨਕ ਸਿਫਤਿ ਸਲਾਹ ਕਰਿ ਪ੍ਰਭ ਕਾ ਜੈਕਾਰੁ ॥੩੫॥ ਸਲੋਕ ਮਃ ੫ ॥ ਸਭੇ ਜੀਅ ਸਮਾਲਿ ਅਪਣੀ ਮਿਹਰ ਕਰੁ ॥ ਅੰਨੁ ਪਾਣੀ ਮੁਚੁ ਉਪਾਇ ਦੁਖ ਦਾਲਦੁ ਭੰਨਿ ਤਰੁ ॥ ਅਰਦਾਸਿ ਸੁਣੀ ਦਾਤਾਰਿ ਹੋਈ ਸਿਸਟਿ ਠਰੁ ॥ ਲੇਵਹੁ ਕੰਠਿ ਲਗਾਇ ਅਪਦਾ ਸਭ ਹਰੁ ॥ ਨਾਨਕ ਨਾਮੁ ਧਿਆਇ ਪ੍ਰਭ ਕਾ ਸਫਲੁ ਘਰੁ ॥੧॥ ਮਃ ੫ ॥ ਵੁਠੇ ਮੇਘ ਸੁਹਾਵਣੇ ਹੁਕਮੁ ਕੀਤਾ ਕਰਤਾਰਿ ॥ ਰਿਜਕੁ ਉਪਾਇਓਨੁ ਅਗਲਾ ਠਾਂਢਿ ਪਈ ਸੰਸਾਰਿ ॥ ਤਨੁ ਮਨੁ ਹਰਿਆ ਹੋਇਆ ਸਿਮਰਤ ਅਗਮ ਅਪਾਰ ॥ ਕਰਿ ਕਿਰਪਾ ਪ੍ਰਭ ਆਪਣੀ ਸਚੇ ਸਿਰਜਣਹਾਰ ॥ ਕੀਤਾ ਲੋੜਹਿ ਸੋ ਕਰਹਿ ਨਾਨਕ ਸਦ ਬਲਿਹਾਰ ॥੨॥ ਪਉੜੀ ॥ ਵਡਾ ਆਪਿ ਅਗੰਮੁ ਹੈ ਵਡੀ ਵਡਿਆਈ ॥ ਗੁਰ ਸਬਦੀ ਵੇਖਿ ਵਿਗਸਿਆ ਅੰਤਰਿ ਸਾਂਤਿ ਆਈ ॥ ਸਭੁ ਆਪੇ ਆਪਿ ਵਰਤਦਾ ਆਪੇ ਹੈ ਭਾਈ ॥ ਆਪਿ ਨਾਥੁ ਸਭ ਨਥੀਅਨੁ ਸਭ ਹੁਕਮਿ ਚਲਾਈ ॥ ਨਾਨਕ ਹਰਿ ਭਾਵੈ ਸੋ ਕਰੇ ਸਭ ਚਲੈ ਰਜਾਈ ॥੩੬॥੧॥ ਸੁਧੁ ॥

ਰਾਗੁ ਸਾਰੰਗ ਬਾਣੀ ਭਗਤਾਂ ਕੀ ॥ ਕਬੀਰ ਜੀ ॥ ੴ ਸਤਿਗੁਰ ਪ੍ਰਸਾਦਿ ॥

ਕਹਾ ਨਰ ਗਰਬਸਿ ਥੋਰੀ ਬਾਤ ॥ ਮਨ ਦਸ ਨਾਜੁ ਟਕਾ ਚਾਰਿ ਗਾਂਠੀ ਐਂਡੌ ਟੇਢੌ ਜਾਤੁ ॥੧॥ ਰਹਾਉ ॥ ਬਹੁਤੁ ਪ੍ਰਤਾਪੁ ਗਾਂਉ ਸਉ ਪਾਏ ਦੁਇ ਲਖ ਟਕਾ ਬਰਾਤ ॥ ਦਿਵਸ ਚਾਰਿ ਕੀ ਕਰਹੁ ਸਾਹਿਬੀ ਜੈਸੇ ਬਨ ਹਰ ਪਾਤ ॥੧॥ ਨਾ ਕੋਊ ਲੈ ਆਇਓ ਇਹੁ ਧਨੁ ਨਾ ਕੋਊ ਲੈ ਜਾਤੁ ॥ ਰਾਵਨ ਹੂੰ ਤੇ ਅਧਿਕ ਛਤ੍ਰਪਤਿ ਖਿਨ ਮਹਿ ਗਏ ਬਿਲਾਤ

॥੨॥ ਹਰਿ ਕੇ ਸੰਤ ਸਦਾ ਥਿਰੁ ਪੂਜਹੁ ਜੋ ਹਰਿ ਨਾਮੁ ਜਪਾਤ ॥ ਜਿਨ ਕਉ ਕ੍ਰਿਪਾ ਕਰਤ ਹੈ ਗੋਬਿਦੁ ਤੇ ਸਤਸੰਗਿ ਮਿਲਾਤ ॥੩॥ ਮਾਤ ਪਿਤਾ ਬਨਿਤਾ ਸੁਤ ਸੰਪਤਿ ਅੰਤਿ ਨ ਚਲਤ ਸੰਗਾਤ ॥ ਕਹਤ ਕਬੀਰੁ ਰਾਮ ਭਜੁ ਬਉਰੇ ਜਨਮੁ ਅਕਾਰਥ ਜਾਤ ॥੪॥੧॥ ਰਾਜਾਸ੍ਰਮ ਮਿਤਿ ਨਹੀ ਜਾਨੀ ਤੇਰੀ ॥ ਤੇਰੇ ਸੰਤਨ ਕੀ ਹਉ ਚੇਰੀ ॥੧॥ ਰਹਾਉ ॥ ਹਸਤੋ ਜਾਇ ਸੁ ਰੋਵਤੁ ਆਵੈ ਰੋਵਤੁ ਜਾਇ ਸੁ ਹਸੈ ॥ ਬਸਤੋ ਹੋਇ ਹੋਇ ਸੋੁ ਊਜਰੁ ਊਜਰੁ ਹੋਇ ਸੁ ਬਸੈ ॥੧॥ ਜਲ ਤੇ ਥਲ ਕਰਿ ਥਲ ਤੇ ਕੂਆ ਕੂਪ ਤੇ ਮੇਰੁ ਕਰਾਵੈ ॥ ਧਰਤੀ ਤੇ ਆਕਾਸਿ ਚਢਾਵੈ ਚਢੇ ਅਕਾਸਿ ਗਿਰਾਵੈ ॥੨॥ ਭੇਖਾਰੀ ਤੇ ਰਾਜੁ ਕਰਾਵੈ ਰਾਜਾ ਤੇ ਭੇਖਾਰੀ ॥ ਖਲ ਮੂਰਖ ਤੇ ਪੰਡਿਤੁ ਕਰਿਬੋ ਪੰਡਿਤ ਤੇ ਮੁਗਧਾਰੀ ॥੩॥ ਨਾਰੀ ਤੇ ਜੋ ਪੁਰਖੁ ਕਰਾਵੈ ਪੁਰਖਨ ਤੇ ਜੋ ਨਾਰੀ ॥ ਕਹੁ ਕਬੀਰ ਸਾਧੂ ਕੋ ਪ੍ਰੀਤਮੁ ਤਿਸੁ ਮੂਰਤਿ ਬਲਿਹਾਰੀ ॥੪॥੨॥

ਸਾਰੰਗ ਬਾਣੀ ਨਾਮਦੇਉ ਜੀ ਕੀ ॥ ੴ ਸਤਿਗੁਰ ਪ੍ਰਸਾਦਿ ॥

ਕਾਏਂ ਰੇ ਮਨ ਬਿਖਿਆ ਬਨ ਜਾਇ ॥ ਭੂਲੌ ਰੇ ਠਗਮੂਰੀ ਖਾਇ ॥੧॥ ਰਹਾਉ ॥ ਜੈਸੇ ਮੀਨੁ ਪਾਨੀ ਮਹਿ ਰਹੈ ॥ ਕਾਲ ਜਾਲ ਕੀ ਸੁਧਿ ਨਹੀ ਲਹੈ ॥ ਜਿਹਬਾ ਸੁਆਦੀ ਲੀਲਿਤ ਲੋਹ ॥ ਐਸੇ ਕਨਿਕ ਕਾਮਨੀ ਬਾਧਿਓ ਮੋਹ ॥੧॥ ਜਿਉ ਮਧੁ ਮਾਖੀ ਸੰਚੈ ਅਪਾਰ ॥ ਮਧੁ ਲੀਨੋ ਮੁਖਿ ਦੀਨੀ ਛਾਰੁ ॥ ਗਊ ਬਾਛ ਕਉ ਸੰਚੈ ਖੀਰੁ ॥ ਗਲਾ ਬਾਂਧਿ ਦੁਹਿ ਲੇਇ ਅਹੀਰੁ ॥੨॥ ਮਾਇਆ ਕਾਰਨਿ ਸ੍ਰਮੁ ਅਤਿ ਕਰੈ ॥ ਸੋ ਮਾਇਆ ਲੈ ਗਾਡੈ ਧਰੈ ॥ ਅਤਿ ਸੰਚੈ ਸਮਝੈ ਨਹੀ ਮੂੜ੍ ॥ ਧਨੁ ਧਰਤੀ ਤਨੁ ਹੋਇ ਗਇਓ ਧੂੜਿ ॥੩॥ ਕਾਮ ਕ੍ਰੋਧ ਤ੍ਰਿਸਨਾ ਅਤਿ ਜਰੈ ॥ ਸਾਧਸੰਗਤਿ ਕਬਹੂ ਨਹੀ ਕਰੈ ॥ ਕਹਤ ਨਾਮਦੇਉ ਤਾ ਚੀ ਆਣਿ ॥ ਨਿਰਭੈ ਹੋਇ ਭਜੀਐ ਭਗਵਾਨ ॥੪॥੧॥ ਬਦਹੁ ਕੀ ਨ ਹੋਡ ਮਾਧਉ ਮੋ ਸਿਉ ॥ ਠਾਕੁਰ ਤੇ ਜਨੁ ਜਨ ਤੇ ਠਾਕੁਰੁ ਖੇਲੁ ਪਰਿਓ ਹੈ ਤੋ ਸਿਉ ॥੧॥ ਰਹਾਉ ॥ ਆਪਨ ਦੇਉ ਦੇਹੁਰਾ ਆਪਨ ਆਪ ਲਗਾਵੈ ਪੂਜਾ ॥ ਜਲ ਤੇ ਤਰੰਗ ਤਰੰਗ ਤੇ ਹੈ ਜਲੁ ਕਹਨ ਸੁਨਨ ਕਉ ਦੂਜਾ ॥੧॥ ਆਪਹਿ ਗਾਵੈ ਆਪਹਿ ਨਾਚੈ ਆਪਿ ਬਜਾਵੈ ਤੂਰਾ ॥ ਕਹਤ ਨਾਮਦੇਉ ਤੂੰ ਮੇਰੋ ਠਾਕੁਰੁ ਜਨੁ ਊਰਾ ਤੂ ਪੂਰਾ ॥੨॥੨॥ ਦਾਸ ਅਨਿੰਨ ਮੇਰੋ ਨਿਜ ਰੂਪ ॥ ਦਰਸਨ ਨਿਮਖ ਤਾਪ ਤ੍ਰਈ ਮੋਚਨ ਪਰਸਤ ਮੁਕਤਿ ਕਰਤ ਗ੍ਰਿਹ ਕੂਪ ॥੧॥ ਰਹਾਉ ॥ ਮੇਰੀ ਬਾਂਧੀ

ਭਗਤੁ ਛਡਾਵੈ ਬਾਂਧੈ ਭਗਤੁ ਨ ਛੂਟੈ ਮੋਹਿ ॥ ਏਕ ਸਮੈ ਮੋ ਕਉ ਗਹਿ ਬਾਂਧੈ ਤਉ ਫੁਨਿ ਮੋ ਪੈ ਜਬਾਬੁ ਨ ਹੋਇ ॥੧॥ ਮੈ ਗੁਨ ਬੰਧ ਸਗਲ ਕੀ ਜੀਵਨਿ ਮੇਰੀ ਜੀਵਨਿ ਮੇਰੇ ਦਾਸ ॥ ਨਾਮਦੇਵ ਜਾ ਕੇ ਜੀਅ ਐਸੀ ਤੈਸੋ ਤਾ ਕੈ ਪ੍ਰੇਮ ਪ੍ਰਗਾਸ ॥੨॥੩॥

ਸਾਰੰਗ ॥ ੴ ਸਤਿਗੁਰ ਪ੍ਰਸਾਦਿ ॥

ਤੈ ਨਰ ਕਿਆ ਪੁਰਾਨੁ ਸੁਨਿ ਕੀਨਾ ॥ ਅਨਪਾਵਨੀ ਭਗਤਿ ਨਹੀ ਉਪਜੀ ਭੂਖੈ ਦਾਨੁ ਨ ਦੀਨਾ ॥੧॥ ਰਹਾਉ ॥ ਕਾਮੁ ਨ ਬਿਸਰਿਓ ਕ੍ਰੋਧੁ ਨ ਬਿਸਰਿਓ ਲੋਭੁ ਨ ਛੂਟਿਓ ਦੇਵਾ ॥ ਪਰ ਨਿੰਦਾ ਮੁਖ ਤੇ ਨਹੀ ਛੂਟੀ ਨਿਫਲ ਭਈ ਸਭ ਸੇਵਾ ॥੧॥ ਬਾਟ ਪਾਰਿ ਘਰੁ ਮੂਸਿ ਬਿਰਾਨੋ ਪੇਟੁ ਭਰੈ ਅਪ੍ਰਾਧੀ ॥ ਜਿਹਿ ਪਰਲੋਕ ਜਾਇ ਅਪਕੀਰਤਿ ਸੋਈ ਅਬਿਦਿਆ ਸਾਧੀ ॥੨॥ ਹਿੰਸਾ ਤਉ ਮਨ ਤੇ ਨਹੀ ਛੂਟੀ ਜੀਅ ਦਇਆ ਨਹੀ ਪਾਲੀ ॥ ਪਰਮਾਨੰਦ ਸਾਧਸੰਗਤਿ ਮਿਲਿ ਕਥਾ ਪੁਨੀਤ ਨ ਚਾਲੀ ॥੩॥੧॥੬॥

ਛਾਡਿ ਮਨ ਹਰਿ ਬਿਮੁਖਨ ਕੋ ਸੰਗੁ ॥

ਸਾਰੰਗ ਮਹਲਾ ੫ ਸੂਰਦਾਸ ॥ ੴ ਸਤਿਗੁਰ ਪ੍ਰਸਾਦਿ ॥

ਹਰਿ ਕੇ ਸੰਗ ਬਸੇ ਹਰਿ ਲੋਕ ॥ ਤਨੁ ਮਨੁ ਅਰਪਿ ਸਰਬਸੁ ਸਭੁ ਅਰਪਿਓ ਅਨਦ ਸਹਜ ਧੁਨਿ ਝੋਕ ॥੧॥ ਰਹਾਉ ॥ ਦਰਸਨੁ ਪੇਖਿ ਭਏ ਨਿਰਬਿਖਈ ਪਾਏ ਹੈ ਸਗਲੇ ਥੋਕ ॥ ਆਨ ਬਸਤੁ ਸਿਉ ਕਾਜੁ ਨ ਕਛੂਐ ਸੁੰਦਰ ਬਦਨ ਅਲੋਕ ॥੧॥ ਸਿਆਮ ਸੁੰਦਰ ਤਜਿ ਆਨ ਜੁ ਚਾਹਤ ਜਿਉ ਕੁਸਟੀ ਤਨਿ ਜੋਕ ॥ ਸੂਰਦਾਸ ਮਨੁ ਪ੍ਰਭਿ ਹਥਿ ਲੀਨੋ ਦੀਨੋ ਇਹੁ ਪਰਲੋਕ ॥੨॥੧॥੮॥

ਸਾਰੰਗ ਕਬੀਰ ਜੀਉ ॥ ੴ ਸਤਿਗੁਰ ਪ੍ਰਸਾਦਿ ॥ ਹਰਿ ਬਿਨੁ ਕਉਨੁ ਸਹਾਈ ਮਨ ਕਾ ॥ ਮਾਤ ਪਿਤਾ ਭਾਈ ਸੁਤ ਬਨਿਤਾ ਹਿਤੁ ਲਾਗੋ ਸਭ ਫਨ ਕਾ ॥੧॥ ਰਹਾਉ ॥ ਆਗੇ ਕਉ ਕਿਛੁ ਤੁਲਹਾ ਬਾਂਧਹੁ ਕਿਆ ਭਰਵਾਸਾ ਧਨ ਕਾ ॥ ਕਹਾ ਬਿਸਾਸਾ ਇਸ ਭਾਂਡੇ ਕਾ ਇਤਨਕੁ ਲਾਗੈ ਠਨਕਾ ॥੧॥ ਸਗਲ ਧਰਮ ਪੁੰਨ ਫਲ ਪਾਵਹੁ ਧੂਰਿ ਬਾਂਛਹੁ ਸਭ ਜਨ ਕਾ ॥ ਕਹੈ ਕਬੀਰੁ ਸੁਨਹੁ ਰੇ ਸੰਤਹੁ ਇਹੁ ਮਨੁ ਉਡਨ ਪੰਖੇਰੂ ਬਨ ਕਾ ॥੨॥੧॥੯॥